24-FEB-PAGE-1.qxd 2/23/2024 9:51 PM Page 1

ਸ਼ਨੀਵਾਰ, 24 ਫਰਵਰੀ, 2024
12 ਫੱਗਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 265

ਨਵਾਂ ਜ਼ਮਾਨਾ

DAILY NAWAN ZAMANA • SATURDAY, 24 FEBRUARY, 2024
ਜਲੰਧਰ
nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 14

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

ਮਹਾਰਾਸ਼ਟਰ 'ਚ ਵੀ ਸਮਝੌਤਾ ਨੇੜੇ ਪੁੱਜਾ

48 'ਚੋਂ 39 ਸੀਟਾਂ 'ਤੇ ਸਹਿਮਤੀ, ਰਾਹੁਲ ਦੀ ਠਾਕਰੇ ਨਾਲ ਇੱਕ ਘੰਟਾ ਗੱਲਬਾਤ

ਨਵੀਂ ਦਿੱਲੀ : ਆਪੋਜ਼ੀਸ਼ਨ ਪਾਰਟੀਆਂ ਦੇ ਗੱਠਜੋੜ 'ਇੰਡੀਆ' ਨੇ ਸੀਟਾਂ ਦੀ ਵੰਡ ਦਾ ਕੰਮ ਤੇਜ਼ ਕਰ ਦਿੱਤਾ ਹੈ। ਕਾਂਗਰਸ ਦਾ ਯੂ ਪੀ ਤੇ ਮੱਧ ਪ੍ਰਦੇਸ਼ ਵਿਚ ਸਮਾਜਵਾਦੀ ਪਾਰਟੀ ਅਤੇ ਦਿੱਲੀ, ਗੁਜਰਾਤ, ਹਰਿਆਣਾ, ਗੋਆ ਤੇ ਚੰਡੀਗੜ੍ਹ ਵਿਚ 'ਆਪ' ਨਾਲ ਸਮਝੌਤਾ ਹੋ ਗਿਆ ਹੈ ਤੇ ਹੁਣ ਮਹਾਰਾਸ਼ਟਰ ਵਿਚ ਕਾਂਗਰਸ ਮਹਾਂ ਵਿਕਾਸ ਅਘਾੜੀ ਦੇ ਭਾਈਵਾਲਾਂ ਐੱਨ ਸੀ ਪੀ (ਸ਼ਰਦ ਚੰਦਰ ਪਵਾਰ) ਤੇ ਸ਼ਿਵ ਸੈਨਾ (ਊਧਵ ਬਾਲ ਠਾਕਰੇ) ਨਾਲ ਸਮਝੌਤੇ ਦੇ ਲਾਗੇ ਪਹੁੰਚ ਗਈ ਹੈ। ਮਹਾਰਾਸ਼ਟਰ ਵਿਚ 48 ਵਿੱਚੋਂ 39 ਸੀਟਾਂ 'ਤੇ ਗੱਲ ਸਿਰੇ ਲੱਗ ਗਈ ਹੈ ਤੇ 9 ਸੀਟਾਂ ਦਾ ਰੇੜਕਾ ਹੈ। ਦਰਅਸਲ ਊਧਵ ਠਾਕਰੇ ਨਾਲ ਮਿਲ ਕੇ ਚੱਲ ਰਹੀ ਵੰਚਿਤ ਬਹੁਜਨ ਅਘਾੜੀ ਦੇ ਪ੍ਰਕਾਸ਼ ਅੰਬੇਡਕਰ ਪੰਜ ਸੀਟਾਂ ਮੰਗ ਰਹੇ ਹਨ, ਜਦਕਿ ਮਹਾ ਵਿਕਾਸ ਅਘਾੜੀ ਤਿੰਨ ਸੀਟਾਂ ਦੇ ਰਿਹਾ ਹੈ। ਕਾਂਗਰਸ ਦੇ ਸੂਤਰਾਂ ਮੁਤਾਬਕ ਪਵਾਰ ਤੇ ਠਾਕਰੇ ਦੀਆਂ ਪਾਰਟੀਆਂ ਨਾਲ ਗੱਠਜੋੜ ਵਿਚ ਕੋਈ ਰੌਲਾ ਨਹੀਂ। ਅੰਬੇਡਕਰ ਦੀ ਪਾਰਟੀ ਨੇ 2019 ਵਿਚ 47 ਸੀਟਾਂ ਲੜੀਆਂ ਸਨ, ਪਰ ਕੋਈ ਜਿੱਤੀ ਨਹੀਂ ਸੀ। 2019 ਵਿਚ ਅਸੰਬਲੀ ਚੋਣਾਂ ਵਿਚ ਵੀ 236 ਸੀਟਾਂ ਲੜੀਆਂ ਸਨ, ਪਰ ਜਿੱਤੀ ਕੋਈ ਨਹੀਂ ਸੀ। ਤਾਂ ਵੀ, ਉਹ ਕਈ ਹਲਕਿਆਂ ਵਿਚ ਦੂਜੇ ਤੇ ਤੀਜੇ ਨੰਬਰ 'ਤੇ ਰਹੀ ਸੀ। ਇਹੀ ਕਾਰਨ ਹੈ ਉਸ ਨੂੰ ਨਾਲ ਰੱਖਣ ਦੇ ਯਤਨ ਕੀਤੇ ਜਾ ਰਹੇ ਹਨ।

ਰੇੜਕੇ ਵਾਲੀਆਂ ਸੀਟਾਂ ਵਿਚ 6 ਮੁੰਬਈ ਦੀਆਂ ਹਨ। ਕਾਂਗਰਸ ਇੱਥੇ ਦੱਖਣ-ਕੇਂਦਰੀ, ਉੱਤਰ-ਕੇਂਦਰੀ ਤੇ ਉੱਤਰ-ਪੱਛਮੀ ਸੀਟ ਲੜਨੀ ਚਾਹੁੰਦੀ ਹੈ। ਠਾਕਰੇ ਦੀ ਪਾਰਟੀ ਕੁਲ 18 ਸੀਟਾਂ ਲੜਨੀਆਂ ਚਾਹੁੰਦੀ ਹੈ, ਜਿਨ੍ਹਾਂ ਵਿਚ ਉਹ ਚਾਰ ਮੁੰਬਈ ਦੀਆਂ ਮੰਗ ਰਹੀ ਹੈ। ਇਹ ਮੁੰਬਈ ਦੱਖਣੀ, ਮੁੰਬਈ ਉੱਤਰ-ਪਛਮੀ, ਮੁੰਬਈ ਉੱਤਰ-ਪੂਰਬੀ ਤੇ ਮੁੰਬਈ ਦੱਖਣ-ਕੇਂਦਰੀ ਹਨ। 2019 ਵਿਚ ਅਣਵੰਡੀ ਸ਼ਿਵ ਸੈਨਾ ਨੇ ਭਾਜਪਾ ਨਾਲ ਗੱਠਜੋੜ ਤਹਿਤ 22 ਸੀਟਾਂ ਲੜੀਆਂ ਸਨ ਤੇ ਮੁੰਬਈ ਦੀਆਂ ਤਿੰਨ ਸੀਟਾਂ ਸਣੇ 18 ਜਿੱਤੀਆਂ ਸਨ। ਇਸੇ ਦੌਰਾਨ ਰਾਹੁਲ ਗਾਂਧੀ ਨੇ ਠਾਕਰੇ ਨਾਲ ਫੋਨ 'ਤੇ ਇਕ ਘੰਟੇ ਗੱਲ ਕੀਤੀ ਹੈ। ਉਹ ਸ਼ਰਦ ਪਵਾਰ ਨਾਲ ਵੀ ਗੱਲ ਕਰ ਚੁੱਕੇ ਹਨ। ਕਾਂਗਰਸ ਨੇ ਪੱਛਮੀ ਬੰਗਾਲ ਵਿਚ ਤ੍ਰਿਣਮੂਲ ਕਾਂਗਰਸ ਨਾਲ ਗੱਠਜੋੜ ਦੀ ਆਸ ਨਹੀਂ ਛੱਡੀ ਹੈ। ਉਹ ਪੰਜ ਸੀਟਾਂ ਮੰਗ ਰਹੀ ਹੈ, ਪਰ ਤ੍ਰਿਣਮੂਲ ਅੜੀ ਹੋਈ ਹੈ।

ਲੋਕ ਸਭਾ ਚੋਣਾਂ ਦਾ ਐਲਾਨ ਲੇਟ ਹੋਣ ਦੀ ਸੰਭਾਵਨਾ

ਨਵੀਂ ਦਿੱਲੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਕਰੋੜਾਂ ਰੁਪੱਈਆਂ ਦੇ ਪ੍ਰੋਜੈਕਟਾਂ ਦੇ ਉਦਘਾਟਨ ਤੇ ਨੀਂਹ-ਪੱਥਰਾਂ ਲਈ ਦੇਸ਼-ਭਰ ਵਿਚ ਗੇੜੀਆਂ 'ਤੇ ਗੇੜੀਆਂ ਦੇਣ ਦਰਮਿਆਨ ਲੋਕ ਸਭਾ ਚੋਣਾਂ ਦਾ ਐਲਾਨ ਕੁਝ ਦਿਨ ਲੇਟ ਹੋ ਸਕਦਾ ਹੈ।

ਸੂਤਰਾਂ ਮੁਤਾਬਕ ਚੋਣ ਕਮਿਸ਼ਨ 13 ਮਾਰਚ ਤੋਂ ਬਾਅਦ ਕਿਸੇ ਵੀ ਦਿਨ 7-8 ਪੜਾਵਾਂ 'ਚ ਚੋਣਾਂ ਕਰਾਉਣ ਦਾ ਐਲਾਨ ਕਰੇਗਾ। ਪਿਛਲੀ ਵਾਰ 10 ਮਾਰਚ ਨੂੰ ਕੀਤਾ ਸੀ।

ਕੇਂਦਰ ਸਰਕਾਰ ਸਾਡੇ ਕਾਂਗਰਸ ਨਾਲ ਗੱਠਜੋੜ ਤੋਂ ਤਿਲਮਿਲਾਈ : ਆਪ

ਨਵੀਂ ਦਿੱਲੀ : 'ਆਪ' ਨੇ ਸ਼ੁੱਕਰਵਾਰ ਦੋਸ਼ ਲਾਇਆ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਲੋਕ ਸਭਾ ਚੋਣਾਂ ਲਈ ਕਾਂਗਰਸ ਨਾਲ ਪਾਰਟੀ ਦੇ ਗਠਜੋੜ ਤੋਂ ਡਰੀ ਹੋਈ ਹੈ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਗ੍ਰਿਫਤਾਰ ਕਰਨ ਲਈ ਸੀ ਬੀ ਆਈ ਦੀ ਵਰਤੋਂ ਕਰ ਰਹੀ ਹੈ। ਦਿੱਲੀ ਦੇ ਕੈਬਨਿਟ ਮੰਤਰੀ ਸੌਰਭ ਭਾਰਦਵਾਜ ਨੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ, ਜਿਵੇਂ ਹੀ ਕਾਂਗਰਸ ਅਤੇ ਆਮ ਆਦਮੀ ਪਾਰਟੀ ਦਰਮਿਆਨ ਸੀਟਾਂ ਦੀ ਵੰਡ ਨੂੰ ਲੈ ਕੇ ਗੱਲਬਾਤ ਨੂੰ ਅੰਤਿਮ ਰੂਪ ਦੇਣ ਦੀਆਂ ਰਿਪੋਰਟਾਂ ਆਉਣੀਆਂ ਸ਼ੁਰੂ ਹੋਈਆਂ, ਈ ਡੀ ਨੇ ਕੇਜਰੀਵਾਲ ਨੂੰ ਸੱਤਵਾਂ ਸੰਮਨ ਭੇਜਿਆ। ਸਾਨੂੰ ਭਰੋਸੇਯੋਗ ਸੂਤਰਾਂ ਤੋਂ ਪਤਾ ਲੱਗਾ ਹੈ ਕਿ ਸੀ ਬੀ ਆਈ ਕੇਜਰੀਵਾਲ ਨੂੰ ਗ੍ਰਿਫਤਾਰ ਕਰਨ ਦੀ ਸਾਜ਼ਿਸ਼ ਰਚ ਰਹੀ ਹੈ। ਸੀ ਬੀ ਆਈ ਦੁਪਹਿਰ ਜਾਂ ਸ਼ਾਮ ਤੱਕ ਕੇਜਰੀਵਾਲ ਨੂੰ ਨੋਟਿਸ ਵੀ ਭੇਜੇਗੀ। ਅਗਲੇ ਦੋ-ਤਿੰਨ ਦਿਨਾਂ 'ਚ ਕੇਜਰੀਵਾਲ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ। 'ਆਪ' ਦੇ ਰਾਜ ਸਭਾ ਮੈਂਬਰ ਸੰਦੀਪ ਪਾਠਕ ਨੇ ਕਿਹਾ ਕਿ ਜੇ ਕੇਜਰੀਵਾਲ ਨੂੰ ਗ੍ਰਿਫਤਾਰ ਕੀਤਾ ਗਿਆ ਤਾਂ ਲੋਕ ਸੜਕਾਂ 'ਤੇ ਉਤਰਨਗੇ।

ਇੱਕ ਹੋਰ ਕਿਸਾਨ ਸ਼ਹੀਦ

ਪਟਿਆਲਾ : ਖਨੌਰੀ ਬਾਰਡਰ 'ਤੇ ਜਾਰੀ ਕਿਸਾਨ ਧਰਨੇ ਦੌਰਾਨ ਸ਼ੁੱਕਰਵਾਰ ਜ਼ਿਲ੍ਹਾ ਬਠਿੰਡਾ ਦੇ ਪਿੰਡ ਅਮਰਗੜ੍ਹ ਦੇ ਕਿਸਾਨ ਦਰਸ਼ਨ ਸਿੰਘ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਕਰੀਬ 60 ਸਾਲ ਦਾ ਦਰਸ਼ਨ ਸਿੰਘ ਬੀ ਕੇ ਯੂ ਸਿੱਧੂਪੁਰ ਦੇ ਪਿੰਡ ਪ੍ਰਧਾਨ ਲਖਵੀਰ ਸਿੰਘ ਦਾ ਚਚੇਰਾ ਭਰਾ ਸੀ। ਉਸ ਦੇ ਪਰਵਾਰ 'ਚ ਪੁੱਤਰ ਤੇ ਧੀ ਹਨ। ਪੁੱਤਰ ਲਵਪ੍ਰੀਤ ਸਿੰਘ ਦਾ 15 ਦਿਨ ਪਹਿਲਾਂ ਹੀ ਵਿਆਹ ਹੋਇਆ ਸੀ ਤੇ ਉਹ ਸੰਘਰਸ਼ 'ਚ ਲੱਡੂ ਲੈ ਕੇ ਪੁੱਜਾ ਸੀ।

ਹਰਿਆਣਾ ਪੁਲਸ ਦੀ ਪਿਛਲਖੁਰੀ

ਚੰਡੀਗੜ੍ਹ : ਅੰਬਾਲਾ ਰੇਂਜ ਦੇ ਆਈ ਜੀ ਸਿਬਾਸ ਕਬੀਰਾਜ ਨੇ ਸ਼ੁੱਕਰਵਾਰ ਕਿਹਾ ਕਿ ਉਹ ਕਿਸਾਨ ਅੰਦੋਲਨ ਦਾ ਹਿੱਸਾ ਰਹੇ ਕੁਝ ਕਿਸਾਨ ਨੇਤਾਵਾਂ ਖਿਲਾਫ ਕੌਮੀ ਸੁਰੱਖਿਆ ਕਾਨੂੰਨ (ਐੱਨ ਐੱਸ ਏ) ਲਾਗੂ ਕਰਨ ਦੇ ਆਪਣੇ ਫੈਸਲੇ ਨੂੰ ਵਾਪਸ ਲੈ ਰਹੀ ਹੈ। ਇਕ ਦਿਨ ਪਹਿਲਾਂ ਅੰਬਾਲਾ ਪੁਲਸ ਨੇ ਕਿਹਾ ਸੀ ਕਿ ਇਸ ਕਾਨੂੰਨ ਤਹਿਤ ਕਿਸਾਨ ਆਗੂਆਂ ਨੂੰ ਹਿਰਾਸਤ 'ਚ ਲੈਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਰਹੀ ਹੈ।

ਕਿਸ਼ਤੀ 'ਚੋਂ 50 ਕਿੱਲੋ ਹੈਰੋਇਨ ਫੜੀ

ਵੇਰਾਵਲ : ਗੁਜਰਾਤ ਪੁਲਸ ਨੇ ਵੀਰਵਾਰ ਗਿਰ ਸੋਮਨਾਥ ਜ਼ਿਲ੍ਹੇ 'ਚ ਵੇਰਾਵਲ ਬੰਦਰਗਾਹ ਨੇੜੇ ਮੱਛੀ ਫੜਨ ਵਾਲੀ ਕਿਸ਼ਤੀ ਵਿੱਚੋਂ 350 ਕਰੋੜ ਰੁਪਏ ਦੀ 50 ਕਿੱਲੋ ਹੈਰੋਇਨ ਬਰਾਮਦ ਕਰਕੇ ਚਾਲਕ ਦਲ ਦੇ 9 ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਹੈ। ਪੁਲਸ ਜਾਂਚ ਕਰ ਰਹੀ ਹੈ ਕਿ ਇਹ ਕਿੱਥੋਂ ਆਈ।

ਸ਼ੁੱਭਕਰਨ ਦੇ ਪਰਵਾਰ ਨੂੰ ਇੱਕ ਕਰੋੜ ਰੁਪਏ ਤੇ ਭੈਣ ਨੂੰ ਸਰਕਾਰੀ ਨੌਕਰੀ

ਪੰਜਾਬ ਵਿਰੋਧੀ ਤਾਕਤਾਂ ਕਿਸਾਨਾਂ ਨੂੰ ਦਿੱਲੀ ਵੱਲ ਜਾਣ ਤੋਂ ਰੋਕ ਰਹੀਆਂ : ਮਾਨ

ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)

ਕਿਸਾਨ ਸੰਘਰਸ਼ ਦੌਰਾਨ ਖਨੌਰੀ ਬਾਰਡਰ ਉੱਤੇ ਸ਼ਹੀਦ ਹੋਏ ਨੌਜਵਾਨ ਕਿਸਾਨ ਸ਼ੁੱਭਕਰਨ ਸਿੰਘ ਦੇ ਪਰਵਾਰ ਦਾ ਦੁੱਖ ਵੰਡਾਉਂਦਿਆਂ ਤੇ ਇਕਜੁੱਟਤਾ ਜ਼ਾਹਰ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਪੀੜਤ ਪਰਵਾਰ ਨੂੰ ਮਾਲੀ ਮਦਦ ਵਜੋਂ ਇਕ ਕਰੋੜ ਰੁਪਏ ਦੇਣ ਦੇ ਨਾਲ-ਨਾਲ ਉਸ ਦੀ ਭੈਣ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇਗੀ।

ਮੁੱਖ ਮੰਤਰੀ ਨੇ ਹਰਿਆਣਾ ਦੀ ਸਰਹੱਦ ਉਤੇ ਚੱਲ ਰਹੇ ਪ੍ਰਦਰਸ਼ਨ ਦੌਰਾਨ ਸ਼ਹੀਦ ਹੋਏ ਸ਼ੁੱਭਕਰਨ ਦੇ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਦੁਹਰਾਇਆ ਕਿ ਦੁੱਖ ਦੀ ਇਸ ਘੜੀ ਵਿੱਚ ਸੂਬਾ ਸਰਕਾਰ ਪਰਵਾਰ ਨਾਲ ਖੜ੍ਹੀ ਹੈ ਅਤੇ ਪਰਵਾਰ ਨੂੰ ਦਿੱਕਤਾਂ ਵਿੱਚੋਂ ਕੱਢਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਮਾਨ ਨੇ ਪਰਵਾਰ ਦੀ ਆਰਥਿਕ ਤੇ ਸਮਾਜਿਕ ਦੋਵਾਂ ਫਰੰਟਾਂ ਉਤੇ ਪੂਰੀ ਮਦਦ ਕਰਨ ਤੇ ਸਹਿਯੋਗ ਦੇ ਣ ● ਬਾਕੀ ਸਫ਼ਾ 2 'ਤੇ

ਕਿਸਾਨਾਂ 'ਤੇ ਤਸ਼ੱਦਦ ਦੀ ਸੀ ਪੀ ਆਈ ਵੱਲੋਂ ਨਿੰਦਾ

ਨਵੀਂ ਦਿੱਲੀ : ਸੀ ਪੀ ਆਈ ਦੇ ਕੌਮੀ ਸਕੱਤਰੇਤ ਨੇ ਐੱਮ ਐੱਸ ਪੀ ਦੀ ਮੰਗ ਕਰ ਰਹੇ ਕਿਸਾਨਾਂ ਦੇ ਸੰਘਰਸ਼ ਨੂੰ ਮੁਕੰਮਲ ਹਮਾਇਤ ਦਾ ਐਲਾਨ ਕੀਤਾ ਹੈ। ਕਿਸਾਨਾਂ ਨਾਲ ਯਕਜਹਿਤੀ ਦਾ ਇਜ਼ਹਾਰ ਕਰਦਿਆਂ ਸੀ ਪੀ ਆਈ ਨੇ ਕੇਂਦਰ ਸਰਕਾਰ ਤੇ ਹਰਿਆਣਾ ਸਰਕਾਰ ਵੱਲੋਂ ਕਿਸਾਨਾਂ 'ਤੇ ਢਾਹੇ ਜਾ ਰਹੇ ਤਸ਼ੱਦਦ ਦੀ ਨਿੰਦਾ ਕੀਤੀ ਹੈ। ਰਿਪੋਰਟਾਂ ਹਨ ਕਿ ਕਿਸਾਨਾਂ ਖਿਲਾਫ ਹੰਝੂ ਗੈਸ ਦੇ ਨਾਲ-ਨਾਲ ਪੈਲੇਟ ਗੰਨਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਸਦਮੇ ਵਾਲੀ ਗੱਲ ਹੈ ਕਿ ਇਕ ਨੌਜਵਾਨ ਮਾਰਿਆ ਗਿਆ। ਸਾਰੀਆਂ ਰਿਪੋਰਟਾਂ ਦੱਸਦੀਆਂ ਹਨ ਕਿ ਕੇਂਦਰ ਤੇ ਹਰਿਆਣਾ ਦੀਆਂ ਸਰਕਾਰਾਂ ਨੇ ਮੰਗ ਮੰਨਣ ਦੀ ਥਾਂ ਕਿਸਾਨਾਂ ਖਿਲਾਫ ਜੰਗ ਛੇੜੀ ਹੋਈ ਹੈ।

ਸੀ ਪੀ ਆਈ ਨੇ ਮੰਗ ਕੀਤੀ ਹੈ ਕਿ ਦੋਨੋਂ ਸਰਕਾਰਾਂ ਨੂੰ ਤਸ਼ੱਦਦ ਬੰਦ ਕਰਕੇ ਕਿਸਾਨਾਂ ਦੀ ਮੰਗ ਪ੍ਰਵਾਨ ਕਰਨੀ ਚਾਹੀਦੀ ਹੈ। ਪਾਰਟੀ ਨੇ ਚਿਤਾਵਨੀ ਦਿੱਤੀ ਹੈ ਕਿ ਮੰਗ ਨਾ ਮੰਨੀ ਤਾਂ ਭਾਜਪਾ ਨੂੰ ਦੇਸ਼-ਭਰ ਵਿਚ ਕਿਸਾਨਾਂ ਦੇ ਰੋਹ ਦਾ ਸਾਹਮਣਾ ਕਰਨਾ ਪਵੇਗਾ। ਪਾਰਟੀ ਨੇ ਕਿਸਾਨਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਮੋਦੀ ਸਰਕਾਰ ਦੇ ਉਨ੍ਹਾਂ ਪ੍ਰਤੀ ਦੰਭੀ ਤੇ ਅੜੀਅਲ ਰਵੱਈਏ ਨੂੰ ਬੇਨਕਾਬ ਕਰਨ ਅਤੇ ਲੋਕ ਸਭਾ ਚੋਣਾਂ ਵਿਚ ਉਸ ਨੂੰ ਸਬਕ ਸਿਖਾਉਣ।

ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਕਿਸਾਨਾਂ ਨਾਲ ਯਕਯਹਿਤੀ ਦਾ ਪ੍ਰਗਟਾਵਾ

ਸ਼ਾਹਕੋਟ (ਗਿਆਨ ਸੈਦਪੁਰੀ)

ਭਾਰਤ ਦੀਆਂ ਪੰਜ ਖੇਤ ਮਜ਼ਦੂਰ ਜਥੇਬੰਦੀਆ ਨੇ ਸਾਂਝੇ ਪ੍ਰੈੱਸ ਬਿਆਨ ਰਾਹੀਂ ਹਰਿਆਣਾ ਪੁਲਸ ਅਤੇ ਕੇਂਦਰੀ ਫੋਰਸਾਂ ਵੱਲੋਂ ਸ਼ੰਭੂ ਅਤੇ ਖਨੌਰੀ ਬਾਰਡਰਾਂ 'ਤੇ ਕਿਸਾਨਾਂ 'ਤੇ ਕੀਤੇ ਤਸ਼ੱਦਦ ਅਤੇ ਇੱਕ ਨੌਜਵਾਨ ਕਿਸਾਨ ਦੇ ਕਤਲ ਦੀ ਸਖ਼ਤ ਨਿਖੇਧੀ ਕੀਤੀ ਹੈ। ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ, ਕੁਲ ਹਿੰਦ ਖੇਤ ਮਜ਼ਦੂਰ ● ਬਾਕੀ ਸਫ਼ਾ 2 'ਤੇ

ਨੌਜਵਾਨ ਕਿਸਾਨ ਦੀ ਸ਼ਹਾਦਤ ਅੰਦੋਲਨ ਨੂੰ ਹੋਰ ਪ੍ਰਚੰਡ ਕਰੇਗੀ : ਸੋਹਲ

ਮੋਗਾ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਇਸਤਰੀ ਸਭਾ ਦੀ ਸੂਬਾਈ ਜਨਰਲ ਸਕੱਤਰ ਨਰਿੰਦਰ ਸੋਹਲ ਨੇ ਕਿਹਾ ਹੈ ਕਿ ਪੰਜਾਬ ਇਸਤਰੀ ਸਭਾ ਹਰਿਆਣਾ ਪੁਲਸ ਅਤੇ ਕੇਂਦਰੀ ਬਲਾਂ ਵੱਲੋਂ ਖਨੌਰੀ ਅਤੇ ਸ਼ੰਭੂ ਸਰਹੱਦਾਂ 'ਤੇ ਕਿਸਾਨਾਂ 'ਤੇ ਅੰਨ੍ਹੇ ਤਸ਼ੱਦਦ ਦੀ ਸਖਤ ਨਿਖੇਧੀ ਕਰਦੀ ਹੈ, ਜਿਸ ਕਾਰਨ ਇੱਕ ਨੌਜਵਾਨ ਸ਼ੁੱਭਕਰਨ ਸਿੰਘ ਦੇ ਸਿਰ 'ਤੇ ਗੋਲੀ ਲੱਗਣ ਕਾਰਨ ਮੌਤ ਹੋ ਗਈ ਅਤੇ ਸਰਹੱਦ 'ਤੇ ਦਰਜਨਾਂ ਕਿਸਾਨ ਜ਼ਖਮੀ ਹੋ ਗਏ ਹਨ। ਕਿਸਾਨਾਂ 'ਤੇ ਲਾਠੀਚਾਰਜ, ਪਲਾਸਟਿਕ ਦੀਆਂ ਗੋਲੀਆਂ ਅਤੇ ਅੱਥਰੂ ਗੈਸ ਦੇ ਗੋਲੇ ਚਲਾਏ ਗਏ, ਜਿਨ੍ਹਾਂ ਦਾ ਕਸੂਰ ਸਿਰਫ ਇਹ ਸੀ ਕਿ ਉਹ ਦੇਸ਼ ਦੀ ਰਾਜਧਾਨੀ ਤੱਕ ● ਬਾਕੀ ਸਫ਼ਾ 2 'ਤੇ

ਮਨੋਹਰ ਜੋਸ਼ੀ ਦਾ ਦੇਹਾਂਤ

ਮੁੰਬਈ : ਲੋਕ ਸਭਾ ਦੇ ਸਾਬਕਾ ਸਪੀਕਰ ਮਨੋਹਰ ਜੋਸ਼ੀ (86) ਦਾ ਸ਼ੁੱਕਰਵਾਰ ਪੀ ਡੀ ਹਿੰਦੂਜਾ ਹਸਪਤਾਲ 'ਚ ਦੇਹਾਂਤ ਹੋ ਗਿਆ। ਉਨ੍ਹਾਂ ਨੂੰ ਦਿਲ ਦਾ ਦੌਰਾ ਪੈਣ ਤੋਂ ਬਾਅਦ 21 ਫਰਵਰੀ ਨੂੰ ਦਾਖਲ ਕਰਵਾਇਆ ਗਿਆ ਸੀ। ਉਹ ਜੋਸ਼ੀ ਸਰ ਦੇ ਨਾਂਅ ਨਾਲ ਜਾਣੇ ਜਾਂਦੇ ਸਨ ਤੇ ਅਣਵੰਡੀ ਸ਼ਿਵ ਸੈਨਾ ਦੇ 1995 ਤੋਂ 1999 ਤੱਕ ਮੁੱਖ ਮੰਤਰੀ ਰਹਿਣ ਵਾਲੇ ਪਹਿਲੇ ਨੇਤਾ ਸਨ। ਉਹ 2002 ਤੋਂ 2004 ਤੱਕ ਲੋਕ ਸਭਾ ਦੇ ਸਪੀਕਰ ਵੀ ਰਹੇ।

ਭਾਜਪਾਈ ਚਕਲਾ ਚਲਾਉਂਦਾ ਗ੍ਰਿਫਤਾਰ

ਕੋਲਕਾਤਾ : ਪੱਛਮੀ ਬੰਗਾਲ ਦੇ ਸੰਦੇਸ਼ਖਾਲੀ ਵਿਚ ਹਿੰਸਾ ਦੌਰਾਨ ਬਲਾਤਕਾਰ ਦੇ ਦੋਸ਼ਾਂ ਵਿਚ ਘਿਰੀ ਹੁਕਮਰਾਨ ਤ੍ਰਿਣਮੂਲ ਕਾਂਗਰਸ ਨੇ ਸ਼ੁੱਕਰਵਾਰ ਕਿਹਾ ਕਿ ਹਾਵੜਾ ਦੇ ਸੰਕਰੈਲ ਵਿਚ ਨਾਬਾਲਗ ਕੁੜੀਆਂ ਦਾ ਚਕਲਾ ਚਲਾਉਂਦੇ ਭਾਜਪਾ ਆਗੂ ਸਬਿਆਸਾਚੀ ਘੋਸ਼ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪੁਲਸ ਨੇ ਉਸ ਦੇ ਹੋਟਲ ਵਿੱਚੋਂ 11 ਗਾਹਕ ਫੜੇ ਤੇ ਛੇ ਨਾਬਾਲਗ ਕੁੜੀਆਂ ਨੂੰ ਛੁਡਾਇਆ। ਤ੍ਰਿਣਮੂਲ ਨੇ ਕਿਹਾ ਹੈ-ਇਹ ਹੈ ਭਾਜਪਾ, ਜਿਹੜੀ ਬੇਟੀਆਂ ਨੂੰ ਨਹੀਂ ਬਚਾਉਂਦੀ, ਦੱਲਿਆਂ ਦੀ ਰਾਖੀ ਕਰਦੀ ਹੈ।

ਪਹੁੰਚ ਤਾਂ ਗਿਆ, ਪਰ...

ਕੋਨਵਰਲ : ਅਮਰੀਕਾ ਦੀ ਨਿੱਜੀ ਕੰਪਨੀ ਦਾ ਲੈਂਡਰ ਸ਼ੁੱਕਰਵਾਰ ਚੰਦ 'ਤੇ ਉਤਰਨ ਵਿਚ ਕਾਮਯਾਬ ਰਿਹਾ, ਪਰ ਇਸ ਨੇ ਸਿਰਫ ਇਕ ਵਾਰ ਹੀ ਤੇ ਉਹ ਵੀ ਬਹੁਤ ਕਮਜ਼ੋਰ ਸਿਗਨਲ ਭੇਜਿਆ। ਲੈਂਡਰ ਨੂੰ ਲੈ ਕੇ ਜਾਣ ਵਾਲੇ ਪੁਲਾੜ ਯਾਨ ਨੂੰ ਬਣਾਉਣ ਵਾਲੀ ਕੰਪਨੀ ਨੇ ਮਾੜੇ ਸੰਚਾਰ ਦੇ ਬਾਵਜੂਦ ਲੈਂਡਰ ਦੇ ਚੰਦ 'ਤੇ ਉਤਰਨ ਦੀ ਪੁਸ਼ਟੀ ਕੀਤੀ। ਕੰਪਨੀ ਨੇ ਲੈਂਡਰ ਦੀ ਸਥਿਤੀ ਬਾਰੇ ਕੁਝ ਨਹੀਂ ਦੱਸਿਆ ਅਤੇ ਨਾ ਹੀ ਇਸ ਉਤਰਨ ਦੀ ਜਗ੍ਹਾ ਦੱਸੀ। ਕੰਪਨੀ ਨੇ ਲੈਂਡਰ ਦੇ ਚੰਦ 'ਤੇ ਉਤਰਨ ਦੀ ਜਾਣਕਾਰੀ ਦੇਣ ਨਾਲ ਹੀ ਇਸ ਦਾ ਸਿੱਧਾ ਪ੍ਰਸਾਰਨ ਵੀ ਬੰਦ ਕਰ ਦਿੱਤਾ।

ਕੇਂਦਰ 'ਚ ਹਫਤਾ ਵਸ

24-FEB-PAGE-1.qxd 2/23/2024 9:51 PM Page 2

ਸੰਗੀਤਕਾਰ ਤੇ ਸਾਹਿਤਕਾਰ ਵਿਨੋਦ ਖੁਰਾਣਾ ਦਾ ਸਨਮਾਨ

ਮਲੋਟ (ਗੁਰਮੀਤ ਸਿੰਘ ਮੱਕੜ)-ਬੀਤੇਂ ਦਿਨੀਂ ਭਾਸ਼ਾ ਵਿਭਾਗ, ਪੰਜਾਬ ਸਰਕਾਰ ਵੱਲੋਂ ਪੰਜਾਬੀ ਮਾਂ-ਬੋਲੀ ਦਿਵਸ ਮੌਕੇ ਡੀ ਏ ਵੀ ਕਾਲਜ ਗਿੱਦੜਬਾਹਾ ਵਿਖੇ ਅਹਿਦ-ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਮਲੋਟ ਦੇ ਸੰਗੀਤਕਾਰ ਤੇ ਸਾਹਿਤਕਾਰ ਵਿਨੋਦ ਖੁਰਾਣਾ ਨੂੰ ਪ੍ਰਧਾਨਗੀ ਮੰਡਲ ਦੇ ਮੁੱਖ-ਬੁਲਾਰੇ ਵਜੋਂ ਮਾਣ-ਸਨਮਾਨ ਦਿੱਤਾ ਗਿਆ। ਸੰਗੀਤਕਾਰ ਵਿਨੋਦ ਖੁਰਾਣਾ ਨੂੰ ਸਮਾਗਮ ਦੌਰਾਨ ਲੋਈ, ਸਨਮਾਨ ਚਿੰਨ੍ਹ, ਭਾਸ਼ਾ ਵਿਭਾਗ ਦੀ ਪੁਸਤਕ ਪੰਜਾਬ ਤੇ ਨਗਦ ਰਾਸ਼ੀ ਨਾਲ ਸਨਮਾਨਿਆ ਗਿਆ। ਇਸ ਦੌਰਾਨ ਵਿਨੋਦ ਖੁਰਾਣਾ ਵੱਲੋਂ ਪ੍ਰੋ. ਚੰਦਰ ਅਦੀਬ ਤੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਕਹਾਣੀਕਾਰ ਦਰਸ਼ਨ ਜੋਗਾ, ਸੰਪਾਦਕ ਦਰਸ਼ਨ ਢਿੱਲੋਂ, ਭਾਸ਼ਾ ਅਫ਼ਸਰ (ਮੁਕਤਸਰ) ਜਗਰੀਤ ਕੌਰ, ਪ੍ਰੋ. ਸਰੇਜ ਅਰੋੜਾ, ਪ੍ਰਿੰਸੀਪਲ ਰਾਜੇਸ਼ ਮਹਾਜਨ ਆਦਿ ਹਾਜ਼ਰ ਸਨ।

ਹੇਮਕੁੰਟ ਸੀਨੀਅਰ ਸੈਕੰ: ਸਕੂਲ 'ਚ ਮਨਾਇਆ ਸਪੋਰਟਸ ਡੇਅ

ਕੋਟ ਈਸੇ ਖਾਂ (ਅਜੇ ਅਰੋੜਾ)-ਸ੍ਰੀ ਹੇਮਕੁੰਟ ਸੀਨੀ.ਸੈਕੰ. ਸਕੂਲ ਕੋਟ-ਈਸੇ-ਖਾਂ ਵਿਖੇ ਪ੍ਰਿੰਸੀਪਲ ਰਮਨਜੀਤ ਕੌਰ ਦੀ ਅਗਵਾਈ ਹੇਠ ਤੇ ਸਮੂਹ ਸਟਾਫ ਦੇ ਸਹਿਯੋਗ ਸਦਕਾ ਸਾਲਾਨਾ ਖੇਡ ਪ੍ਰਤੀਯੋਗਤਾ ਉਤਸ਼ਾਹਪੂਰਵਕ ਕਰਾਈ ਗਈ। ਇਸ ਸਮੇਂ ਮੁੱਖ ਮਹਿਮਾਨ ਦੇ ਤੌਰ 'ਤੇ ਹੇਮਕੁੰਟ ਸੰਸਥਾਵਾਂ ਦੇ ਚੇਅਰਪਰਸਨ ਕੁਲਵੰਤ ਸਿੰਘ ਸੰਧੂ ਵਿਸ਼ੇਸ਼ ਤੌਰ 'ਤੇ ਪਹੁੰਚੇ। ਖੇਡ ਮੁਕਾਬਲੇ ਦੀ ਸ਼ੁਰੂਆਤ ਵਿੱਚ ਸਕੂਲ ਦੇ ਐਨ.ਸੀ.ਸੀ. ਵਿੰਗ ਦੇ ਕੈਡੀਡੇਟਸ ਨੇ ਮਾਰਚ ਪਾਸਟ ਕਰਕੇ ਕੀਤੀ। ਖੇਡ ਪ੍ਰਤੀਯੋਗਤਾ ਵਿੱਚ ਸਕੂਲ ਦੇ ਪ੍ਰੀ-ਪ੍ਰਾਇਮਰੀ ਤੋਂ ਲੈ ਕੇ ਅੱਠਵੀਂ ਜਮਾਤ ਤੱਕ ਦੇ ਖਿਡਾਰੀਆਂ ਨੇ ਵਧ-ਚੜ੍ਹ ਕੇ ਭਾਗ ਲਿਆ ਅਤੇ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਵਿੱਚ 50 ਮੀਟਰ, 100 ਮੀਟਰ ਰੇਸ, ਵਨ ਲੈੱਗ ਰੇਸ, ਥ੍ਰੀਅ ਲੈੱਗ ਰੇਸ ਸਪੂਨ ਰੇਸ, ਹਰਡਲ ਰੇਸ, ਸੈਕ ਰੇਸ, ਬਾਲ ਬੈਲੰਸ ਸ਼ਾਟਪੁੱਟ, ਡਿਸਕਸ ਥ੍ਰੋਅ, ਉੱਚੀ ਛਾਲ, ਲੰਬੀ ਛਾਲ, ਰੇਸ, ਜਿੰਗ-ਜੈਗ, ਅਰੈਂਜ ਦਾ ਚੇਅਰ, ਆਈ ਲੈਂਡ ਹੋਪਿੰਗ, ਡਰੈਸਿੰਗ ਅੱਪ, ਫਰੋਗ ਰੇਸ, ਪਿੰਕ ਅਪ ਥਿੰਗ, ਪੁੱਟ ਦਾ ਰਿੰਗਸ, ਸਪਰਿੰਟ ਆਦਿ ਵੱਖ-ਵੱਖ ਤਰ੍ਹਾਂ ਦੇ ਮੁਕਬਲੇ ਕਰਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਕੈਲਾਸ਼ (ਬਿੱਲੂ) ਹਾਊਸ ਨੇ ਪਹਿਲਾ ਸਥਾਨ, ਨੰਦਾ ਦੇਵੀ (ਰੋਂਡ) ਹਾਊਸ ਨੇ ਦੂਜਾ ਸਥਾਨ, ਹਿਮਾਲਾ (ਗ੍ਰੀਨ) ਹਾਊਸ ਨੇ ਤੀਜਾ ਸਥਾਨ, ਸ਼ਿਵਾਲਿਕ (ਯੈਲੋ) ਹਾਊਸ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਵਧੀਆ ਪ੍ਰਦਰਸ਼ਨ ਕਰਕੇ ਜੇਤੂ ਖਿਡਾਰੀਆਂ ਨੂੰ ਮੁੱਖ ਮਹਿਮਾਨ ਕੁਲਵੰਤ ਸਿੰਘ ਸੰਧੂ ਤੇ ਐੱਮ.ਡੀ.ਮੈਡਮ ਰਣਜੀਤ ਕੌਰ ਸੰਧੂ ਵੱਲੋਂ ਮੈਡਲ ਅਤੇ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਰਮਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਅਟੁੱਟ ਅੰਗ ਹਨ ।ਇਸ ਲਈ ਸਾਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਭਾਗ ਲੈਣਾ ਚਾਹੀਦਾ ਹੈ ਤੇ ਮੈਡਲ ਪ੍ਰਾਪਤ ਕਰਨ ਵਾਲੇ ਖਿਡਾਰੀਆਂ ਨੂੰ ਵਧਾਈ ਦਿੱਤੀ। ਇਸ ਸਮੇਂ ਸਮੂਹ ਸਟਾਫ਼ ਤੇ ਬੱਚੇ ਵੀ ਹਾਜ਼ਰ ਸਨ।

ਪੰਜਾਬੀ ਯੂਨੀਵਰਸਿਟੀ ਕੈਂਪਸ 'ਚ ਮਾਤ ਭਾਸ਼ਾ ਦਿਵਸ ਮਨਾਇਆ

ਤਲਵੰਡੀ ਸਾਬੋ (ਜਗਦੀਪ ਗਿੱਲ)-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਭਾਸ਼ਾਵਾਂ ਤੇ ਸੋਸ਼ਲ ਸਾਇੰਸ ਵਿਭਾਗ ਵਿਖੇ ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਮਨਾਇਆ ਗਿਆ, ਜਿਸ ਵਿੱਚ ਤੁੰਬਕੋਰ ਯੂਨੀਵਰਸਿਟੀ ਕਰਨਾਟਕਾ ਤੋਂ ਪ੍ਰੋਫੈਸਰ ਐੱਸ. ਕੇ. ਕਿਰਨ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ। ਪ੍ਰੋਫੈਸਰ ਕਿਰਨ ਨੇ ਵਿਦਿਆਰਥੀਆਂ ਨੂੰ ਮਾਤ ਭਾਸ਼ਾ ਦੀ ਲੋੜ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਇਸ ਸਮੇਂ ਭਾਸ਼ਾਵਾਂ ਵਿਭਾਗ ਦੇ ਮੁਖੀ ਪ੍ਰੋਫੈਸਰ ਕੁਮਾਰ ਸੁਸ਼ੀਲ ਨੇ ਆਏ ਹੋਏ ਮਹਿਮਾਨ ਨੂੰ ਜੀ ਆਇਆਂ ਆਖਿਆ ਤੇ ਨਾਲ ਹੀ ਵਿਦਿਆਰਥੀਆਂ ਨੂੰ ਮਾਤ ਭਾਸ਼ਾ ਦੇ ਦ੍ਰਿਸ਼ਟੀਕੋਣ ਤੋਂ ਦੂਜੀਆਂ ਭਾਸ਼ਾਵਾਂ ਸਿੱਖਣ ਬਾਰੇ ਪ੍ਰੇਰਿਤ ਕੀਤਾ। ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ. ਬਲਦੇਵ ਸਿੰਘ ਨੇ ਮਾਤ ਭਾਸ਼ਾ ਨੂੰ ਮਨੁੱਖੀ ਜੀਵਨ ਦਾ ਅਟੁੱਟ ਅੰਗ ਦੱਸਿਆ। ਇਸ ਸੈਮੀਨਾਰ ਵਿੱਚ ਡਾ. ਸੰਦੀਪ ਰਾਣਾ ਨੇ ਵਿਦਿਆਰਥੀਆਂ ਨੂੰ ਆਪਣੀ ਮਾਂ ਬੋਲੀ ਪੰਜਾਬੀ ਨੂੰ ਸਮਾਜ 'ਚ ਗਰਵ ਨਾਲ ਵਰਤਣ 'ਤੇ ਜ਼ੋਰ ਦਿੱਤਾ। ਇਸ ਸੈਮੀਨਾਰ ਵਿੱਚ ਵੱਡੀ ਗਿਣਤੀ 'ਚ ਵਿਦਿਆਰਥੀ ਤੇ ਸਮੂਹ ਅਧਿਆਪਕ ਸਾਹਿਬਾਨ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਕੈਂਪਸ ਡਾਇਰੈਕਟਰ ਪ੍ਰੋਫੈਸਰ ਕਮਲਜੀਤ ਸਿੰਘ ਨੇ ਮਾਤ-ਭਾਸ਼ਾ ਦਿਵਸ ਦੀ ਮੁਬਾਰਕਬਾਦ ਦਿੰਦੇ ਹੋਏ ਇਸ ਸੈਮੀਨਾਰ ਦੀ ਭਰਪੂਰ ਸ਼ਲਾਘਾ ਕੀਤੀ।

ਡਾ. ਬਲਜੀਤ ਕੌਰ ਨੇ ਜ਼ਖਮੀ ਕਿਸਾਨਾਂ ਲਈ ਮੈਡੀਕਲ ਸੇਵਾਵਾਂ ਦਾ ਲਿਆ ਜਾਇਜ਼ਾ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸੂਬੇ ਦੇ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਪਾਤੜਾਂ ਹਸਪਤਾਲ ਵਿਖੇ ਕਿਸਾਨ ਅੰਦੋਲਨ ਦੇ ਚਲਦਿਆਂ ਹਰਿਆਣਾ ਪੁਲਸ ਅਤੇ ਕੇਂਦਰੀ ਸੁਰੱਖਿਆ ਬਲਾਂ ਵੱਲੋਂ ਕੀਤੇ ਜਾ ਰਹੇ ਤਸ਼ੱਦਦ ਦਾ ਸਾਹਮਣਾ ਕਰਨ ਵਾਲੇ ਜ਼ਖਮੀ ਕਿਸਾਨਾਂ ਨੂੰ ਮਿਲ ਰਹੀਆਂ ਮੈਡੀਕਲ ਸੇਵਾਵਾਂ ਦਾ ਜਾਇਜ਼ਾ ਲਿਆ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਖਮੀ ਕਿਸਾਨਾਂ ਨੂੰ ਹਰ ਤਰ੍ਹਾਂ ਦੀ ਮੈਡੀਕਲ ਸਹੂਲਤ ਦੇਣ ਲਈ ਪਹਿਲਾਂ ਹੀ ਹਦਾਇਤਾਂ ਜਾਰੀ ਕੀਤੀਆਂ ਹੋਈਆਂ ਹਨ ਤੇ ਮੁੱਖ ਮੰਤਰੀ ਵੱਲੋਂ ਦਿੱਤੇ ਆਦੇਸ਼ਾਂ ਤਹਿਤ ਖਨੌਰੀ ਬਾਰਡਰ 'ਤੇ ਜ਼ਖਮੀ ਹੋਏ ਕਿਸਾਨਾਂ ਨੂੰ ਬਿਹਤਰ ਸਿਹਤ ਸੇਵਾਵਾਂ ਦੇਣ ਲਈ ਉਨ੍ਹਾਂ ਦੀ ਤਾਇਨਾਤੀ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਪਟਿਆਲਾ ਵਿਖੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਰਾਜਪੁਰਾ ਵਿਖੇ ਵਿਧਾਇਕ ਡਾ. ਚਰਨਜੀਤ ਸਿੰਘ ਚੰਨੀ ਵੱਲੋਂ ਜ਼ਖਮੀ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਨਿਗਰਾਨੀ ਕੀਤੀ ਜਾ ਰਹੀ ਹੈ। ਅੱਖਾਂ ਦੀਆਂ ਬਿਮਾਰੀਆਂ ਦੇ ਮਾਹਰ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪਾਤੜਾਂ ਹਸਪਤਾਲ ਵਿੱਚ ਇਲਾਜ ਲਈ ਪੁਖਤਾ ਪ੍ਰਬੰਧ ਹਨ, ਪਰ ਫੇਰ ਵੀ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਲਈ ਉਨ੍ਹਾਂ ਨਾਲ ਰਾਬਤਾ ਕੀਤਾ ਜਾ ਸਕਦਾ ਹੈ।

ਪ੍ਰੀ-ਪ੍ਰਾਇਮਰੀ ਦੇ ਵਿਦਿਆਰਥੀਆਂ ਨੂੰ ਬੈਗ ਵੰਡੇ

ਜਲਾਲਾਬਾਦ (ਜੀਤ ਕੁਮਾਰ)-ਪੰਜਾਬ ਸਰਕਾਰ ਵੱਲੋਂ ਪ੍ਰੀ ਪ੍ਰਾਇਮਰੀ ਦੇ ਵਿਦਿਆਰਥੀਆਂ ਨੂੰ ਬੈਗ ਤੇ ਸਟੇਸ਼ਨਰੀ ਵੰਡਣ ਦੇ ਹੁਕਮ ਦਿੱਤੇ ਗਏ ਹਨ, ਜਿਸ ਤਹਿਤ ਅੱਜ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਲੱਧੂਵਾਲਾ ਉਤਾੜ ਵਿਖੇ ਐੱਲ.ਕੇ.ਜੀ. ਤੇ ਯੂ.ਕੇ.ਜੀ. ਦੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਤੇ ਬੈਗ ਵੰਡੇ ਗਏ ਹਨ। ਇਸ ਮੌਕੇ ਪਿੰਡ ਲੱਧੂਵਾਲਾ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਦੇ ਮੁੱਖ ਅਧਿਆਪਕ ਕੁਲਵੰਤ ਸਿੰਘ ਪਿੰਡ ਦੇ ਸਰਪੰਚ ਅਮਰੀਕ ਸਿੰਘ ਪੰਚਾਇਤ ਮੈਂਬਰ ਤੇ ਐੱਸ.ਐੱਮ.ਸੀ. ਮੈਂਬਰ ਬਲਜੀਤ ਸਿੰਘ ਤੇ ਸਮੂਹ ਸਟਾਫ ਹਾਜ਼ਰ ਸੀ। ਇਸ ਮੌਕੇ ਮੈਡਮ ਗੁਰਮੀਤ ਕੌਰ ਤੇ ਮੈਡਮ ਸਮਿੱਤਰਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

ਸ੍ਰੀ ਗੁਰੂ ਰਵਿਦਾਸ ਜੀ ਦੇ ਗੁਰਪੁਰਬ ਸਬੰਧੀ ਨਗਰ ਕੀਰਤਨ ਸਜਾਇਆ

ਨਾਭਾ (ਵਰਿੰਦਰ ਵਰਮਾ)-ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾਂ ਗੇਟ ਨਾਭਾ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਗੁਰਪੁਰਬ ਦੇ ਸਬੰਧ ਵਿੱਚ ਆਖੰਡ ਪਾਠ ਸਾਹਿਬ ਸਵੇਰੇ 10 ਵਜੇ ਆਰੰਭ ਕੀਤੇ ਗਏ। ਗੁਰੂ ਗ੍ਰੰਥ ਸਾਹਿਬ ਦੇ ਲਈ ਰੁਮਾਲਾ ਸੈੱਟ ਥੜ੍ਹਾ ਸਾਹਿਬ ਲਈ ਚਾਨਣੀ ਦੀ ਸੇਵਾ ਰਾਜਵਿੰਦਰ ਸਿੰਘ ਰਾਜੂ ਦੇ ਪਰਿਵਾਰ ਵੱਲੋਂ ਕੀਤੀ ਗਈ, ਜਿਸ 'ਤੇ ਲੱਗਭੱਗ 40,000/-ਰੁਪਏ ਖਰਚ ਕੀਤਾ। ਸਵੇਰੇ 11:30 ਵਜੇ ਸੰਤ ਬਾਬਾ ਰਣਜੀਤ ਸਿੰਘ ਤਪਾ ਦਰਾਜ ਮੋਹਾਲੀ ਤੇ ਪ੍ਰਸਿੱਧ ਕਥਾਵਾਚਕ ਰਾਜਿੰਦਰ ਪਾਲ ਸਿੰਘ ਨੇ ਨਗਰ ਕੀਰਤਨ ਰਵਾਨਾ ਕੀਤਾ। ਇਸ ਮੌਕੇ ਸਮੂਹ ਸੁਸਾਇਟੀ ਮੈਂਬਰ, ਸਾਬਕਾ ਪ੍ਰਧਾਨ ਤੇ ਸਮੂਹ ਸੰਗਤਾਂ ਭਾਰੀ ਗਿਣਤੀ ਵਿੱਚ ਹਾਜ਼ਰ ਸਨ। ਨਗਰ ਕੀਰਤਨ ਰੂਟ ਵਿੱਚ ਸੰਗਤਾਂ ਲਈ ਚਾਹ-ਪਾਣੀ ਤੇ ਲੰਗਰਾਂ ਦਾ ਪ੍ਰਬੰਧ ਕੀਤਾ ਹੋਇਆ ਸੀ। ਹਰ ਸਾਲ ਦੀ ਤਰ੍ਹਾਂ ਹਰੀਦਾਸ ਕਲੋਨੀ ਦੀ ਸੰਗਤ ਵੱਲੋਂ ਵਿਸ਼ੇਸ਼ ਲੰਗਰਾਂ ਦੇ ਪ੍ਰਬੰਧ ਕੀਤੇ ਹੋਏ ਸਨ। ਨਗਰ ਕੀਰਤਨ ਵਿੱਚ ਚੜ੍ਹਦੀ ਕਲਾ ਗੱਤਕਾ ਪਾਰਟੀ ਵੱਲੋਂ ਆਪਣੇ ਜੌਹਰ ਦਿਖਾਏ ਗਏ। ਅੰਤ ਵਿੱਚ ਨਗਰ ਕੀਰਤਨ ਸ਼ਾਮ 7:30 ਵਜੇ ਡੇਰਾ ਸ੍ਰੀ ਗੁਰੂ ਰਵਿਦਾਸ ਜੀ ਵਿਖੇ ਸਮਾਪਤ ਹੋਇਆ। ਇਹ ਜਾਣਕਾਰੀ ਅਮਰ ਸਿੰਘ ਟੋਡਰਵਾਲ ਜਨ-ਸਕੱਤਰ ਸ੍ਰੀ ਗੁਰੂ ਰਵਿਦਾਸ ਸੇਸਾ ਸੁਸਾਇਟੀ ਰਜਿ. ਨਾਭਾ ਵੱਲੋਂ ਦਿੱਤੀ ਗਈ।

ਪੰਜਾਬ ਦਾ ਹਰ ਵਰਗ ਕਿਸਾਨੀ ਸੰਘਰਸ਼ ਦੇ ਨਾਲ : ਲਵਦੀਪ ਸ਼ਰਮਾ

ਚੀਮਾ ਮੰਡੀ (ਰਵਿੰਦਰ ਚੀਮਾ)-ਡਾ. ਲਵਦੀਪ ਸ਼ਰਮਾ ਨੇ ਕਿਸਾਨੀ ਸੰਘਰਸ਼ ਦਾ ਸਮਰਥਨ ਕਰਦਿਆਂ ਕਿਹਾ ਕਿ ਪੰਜਾਬ ਦਾ ਹਰ ਵਰਗ ਇਸ ਸੰਘਰਸ਼ ਦੇ ਨਾਲ ਹੈ। ਇਸ ਦੇ ਨਾਲ ਹੀ ਉਨ੍ਹਾਂ ਕੇਂਦਰ ਤੇ ਹਰਿਆਣਾ ਸਰਕਾਰ ਵੱਲੋਂ ਕਿਸਾਨੀ ਅੰਦੋਲਨ ਨੂੰ ਕੁਚਲਣ ਲਈ ਕੀਤੇ ਜਾ ਰਹੇ ਬਲ ਪ੍ਰਯੋਗ ਦੀ ਵੀ ਜ਼ੋਰਦਾਰ ਨਿੰਦਿਆ ਕੀਤੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਆਪਣੇ ਹੀ ਨਾਗਰਿਕਾਂ ਵਿਰੁੱਧ ਸਰਕਾਰ ਦਾ ਇਹ ਦਮਨਕਾਰੀ ਵਤੀਰਾ ਲੋਕਤਾਂਤਰਿਕ ਕਦਰਾਂ-ਕੀਮਤਾਂ ਨਾਲ ਮੇਲ ਨਹੀਂ ਖਾਂਦਾ ਹੈ। ਪ੍ਰੋ. ਲਵਦੀਪ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਟਾਲਮਟੋਲ ਦਾ ਰਵੱਈਆ ਛੱਡ ਕੇ ਤੁਰੰਤ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਦੀ ਗਰੰਟੀ ਦੇਵੇ। ਉਨ੍ਹਾਂ ਕਿਸਾਨੀ ਅੰਦੋਲਨ ਦੌਰਾਨ ਗੋਲੀ ਲੱਗਣ ਨਾਲ ਮਾਰੇ ਗਏ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਦੀ ਮੌਤ 'ਤੇ ਵੀ ਦੁੱਖ ਪ੍ਰਗਟ ਕਰਦਿਆਂ ਪੰਜਾਬ ਸਰਕਾਰ ਵੱਲੋਂ ਉਸ ਦੇ ਪਰਵਾਰ ਨੂੰ ਦਿੱਤੀ ਗਈ ਸਹਾਇਤਾ ਦੀ ਸ਼ਲਾਘਾ ਕੀਤੀ ਹੈ।

ਵਿਦੇਸ਼ੀ ਕੰਪਨੀਆਂ ਨੂੰ ਫੂਡ ਪ੍ਰੋਸੈਸਿੰਗ 'ਚ ਨਿਵੇਸ਼ ਦਾ ਸੱਦਾ

ਚੰਡੀਗੜ੍ਹ (ਗੁਰਜੀਤ ਬਿੱਲਾ)-ਪੰਜਾਬ 'ਚ ਖੇਤੀ ਉਤਪਾਦਾਂ ਦੀ ਬਰਾਮਦ ਨੂੰ ਹੁਲਾਰਾ ਦੇਣ ਅਤੇ ਅਤਿ-ਆਧੁਨਿਕ ਫੂਡ ਪ੍ਰੋਸੈਸਿੰਗ ਤਕਨਾਲੋਜੀ ਦੀਆਂ ਸੰਭਾਵਨਾਵਾਂ ਤਲਾਸ਼ਣ ਲਈ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ 'ਚ ਵਫਦ ਨੇ ਦੁਬਈ ਵਿਖੇ ਕੌਮਾਂਤਰੀ ਫੂਡ ਅਤੇ ਬੇਵਰੇਜ ਸੋਰਸਿੰਗ ਈਵੈਂਟ ਗਲਫ-ਫੂਡ 2024 ਦੌਰਾਨ ਫੂਡ ਪ੍ਰੋਸੈਸਿੰਗ ਖੇਤਰ 'ਚ ਸੂਬੇ ਅੰਦਰ ਮੌਜੂਦ ਅਥਾਹ ਸੰਭਾਵਨਾਵਾਂ ਤੇ ਪ੍ਰਾਪਤੀਆਂ ਦਾ ਸਫਲਤਾਪੂਰਵਕ ਪ੍ਰਦਰਸ਼ਨ ਕੀਤਾ। ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਦੀ ਟੀਮ ਨੇ ਉੱਚ ਗੁਣਵੱਤਾ ਵਾਲੇ ਫੂਡ ਬਰਾਂਡਜ਼ ਦਾ ਪ੍ਰਦਰਸ਼ਨ ਕੀਤਾ, ਜਿਸ 'ਚ ਚਿੱਲੀ ਪੇਸਟ, ਟਮਾਟਰ ਪੇਸਟ, ਟਮਾਟਰ ਪਿਊਰੀ, ਆਰਗੈਨਿਕ ਬਾਸਮਤੀ ਚੌਲ ਅਤੇ ਹੋਰ ਪ੍ਰੋਸੈਸਡ ਫੂਡ ਉਤਪਾਦਾਂ ਲਈ ਵਿਸ਼ਵ ਭਰ ਦੇ ਬਿਜ਼ਨੈਸ ਲੀਡਰਾਂ ਦਾ ਧਿਆਨ ਖਿੱਚਿਆ ਅਤੇ 200 ਤੋਂ ਵੱਧ ਨਿਵੇਸ਼ਕਾਂ ਨੇ ਇਸ ਸੰਬੰਧੀ ਪੁੱਛ-ਗਿੱਛ ਕੀਤੀ। ਵਿਦੇਸ਼ੀ ਕੰਪਨੀਆਂ ਨੂੰ ਨਿਵੇਸ਼ ਦਾ ਸੱਦਾ ਦਿੰਦਿਆਂ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਫੂਡ ਪ੍ਰੋਸੈਸਿੰਗ ਸੈਕਟਰ 'ਚ ਘਰੇਲੂ ਅਤੇ ਕੌਮਾਂਤਰੀ ਨਿਵੇਸ਼ਕਾਂ ਲਈ ਸਾਜ਼ਗਾਰ ਮਾਹੌਲ ਸਿਰਜਣ ਲਈ ਸਮਰਪਤ ਹੈ ਅਤੇ ਪੰਜਾਬ 'ਚ ਨਵੇਂ ਕਾਰੋਬਾਰ ਸਥਾਪਤ ਕਰਨ ਲਈ ਉੱਦਮੀਆਂ ਨੂੰ ਲਗਾਤਾਰ ਉਤਸ਼ਾਹਤ ਕਰ ਰਹੀ ਹੈ। ਸੂਬੇ ਨੂੰ ਨੇਪਾਲ, ਯੂ ਏ ਈ, ਕੈਨੇਡਾ ਅਤੇ ਯੂ ਕੇ ਦੇ ਵਪਾਰੀਆਂ ਤੋਂ ਪਹਿਲਾਂ ਹੀ ਕਈ ਆਰਡਰ ਪ੍ਰਾਪਤ ਹੋ ਚੁੱਕੇ ਹਨ। ਇਸ ਦੌਰਾਨ ਸਪੇਨ, ਐਸਤੋਨੀਆ, ਇਟਲੀ, ਰੂਸ ਅਤੇ ਹੋਰ ਮੁਲਕਾਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਤਾਂ ਜੋ ਨਵੀਆਂ ਤਕਨਾਲੋਜੀਆਂ ਅਤੇ ਉਤਪਾਦਾਂ ਨੂੰ ਅਪਣਾ ਕੇ ਪੰਜਾਬ ਦੇ ਕਿਸਾਨਾਂ ਨੂੰ ਲਾਭ ਪਹੁੰਚਾਇਆ ਜਾ ਸਕੇ। ਇਸ ਤੋਂ ਇਲਾਵਾ ਬਾਸਮਤੀ ਦੇ ਬਰਾਮਦਕਾਰਾਂ ਨਾਲ ਮੀਟਿੰਗਾਂ ਕਰਕੇ ਸੂਬੇ ਤੋਂ ਬਰਾਮਦ ਵਧਾਉਣ ਲਈ ਰਣਨੀਤਕ ਯੋਜਨਾ ਦੀ ਰੂਪਰੇਖਾ ਵੀ ਉਲੀਕੀ ਗਈ। ਖੇਤੀਬਾੜੀ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੇ ਖੇਤੀਬਾੜੀ ਤੇ ਫੂਡ ਪ੍ਰੋਸੈਸਿੰਗ ਉਦਯੋਗਾਂ ਨੂੰ ਬੁਲੰਦੀਆਂ 'ਤੇ ਪਹੁੰਚਾਉਣ ਲਈ ਇਸ ਤਰ

24-FEB-PAGE-3.qxd 2/23/2024 10:01 PM Page 1

ਸਰਕਾਰ ਵਪਾਰ ਮਿਲਣੀ

ਪੰਜਾਬ ਸਰਕਾਰ

ਮੁੱਖ ਮੰਤਰੀ

ਭਗਵੰਤ ਸਿੰਘ ਮਾਨ

ਦੀ ਅਗਵਾਈ ਹੇਠ

ਸਾਡੇ ਵਿਕਾਸ ਦੇ ਇੰਜਣਾਂ-ਉਦਯੋਗ ਅਤੇ ਵਪਾਰ ਲਈ ਯਕੀਨੀ ਬਣਾ ਰਹੀ ਹੈ ਸੁਖਾਵਾਂ ਮਾਹੌਲ

24 ਫ਼ਰਵਰੀ
ਨਵਦੀਪ ਰਿਜ਼ੌਰਟਸ, ਮੁਕੇਰੀਆਂ

25 ਫ਼ਰਵਰੀ
ਉਤਸਵ ਰਿਜ਼ੌਰਟਸ, ਡਿਫ਼ੈਂਸ ਰੋਡ, ਪਠਾਨਕੋਟ

25 ਫ਼ਰਵਰੀ
ਅਨੰਦ ਪੈਲੇਸ, ਦੀਨਾਨਗਰ

ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

24-feb-PAGE-4.qxd 2/23/2024 9:57 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 24 ਫਰਵਰੀ 2024

ਅਨਮੋਲ ਖਿਡਾਰਨ

ਭਾਰਤ ਨੇ ਬੀਤੇ ਦਿਨੀਂ ਮਲੇਸ਼ੀਆ 'ਚ ਮਹਿਲਾ ਬੈਡਮਿੰਟਨ ਏਸ਼ੀਆ ਟੀਮ ਚੈਂਪੀਅਨਸ਼ਿਪ ਪਹਿਲੀ ਵਾਰ ਜਿੱਤ ਕੇ ਕਮਾਲ ਕਰ ਦਿਖਾਇਆ। ਇਸ ਵਿਚ ਨੌਜਵਾਨ ਖਿਡਾਰਨਾਂ ਦੀ ਅਹਿਮ ਭੂਮਿਕਾ ਰਹੀ, ਖਾਸ ਕਰਕੇ 17 ਸਾਲਾ ਅਨਮੋਲ ਖਰਬ ਦੀ। ਭਾਰਤ ਤੇ ਥਾਈਲੈਂਡ ਦੋ-ਦੋ ਗੇਮਾਂ ਦੀ ਬਰਾਬਰੀ 'ਤੇ ਸਨ ਜਦ ਅਨਮੋਲ ਫੈਸਲਾਕੁੰਨ ਗੇਮ ਲਈ ਉੱਤਰੀ। ਉਸ ਨੇ ਉਮੀਦਾਂ 'ਤੇ ਖਰਾ ਉਤਰਦਿਆਂ 21-14 ਤੇ 21-9 ਨਾਲ ਜਿੱਤ ਹਾਸਲ ਕਰਕੇ ਭਾਰਤੀ ਤਿਰੰਗਾ ਲਹਿਰਾ ਦਿੱਤਾ। ਚੈਂਪੀਅਨਸ਼ਿਪ ਦੇ ਮੁਢਲੇ ਪੜਾਅ ਵਿਚ ਵੀ ਭਾਰਤ ਤੇ ਚੀਨ ਦੋ-ਦੋ ਦੀ ਬਰਾਬਰੀ 'ਤੇ ਸਨ ਤੇ ਅਨਮੋਲ ਨੇ ਹੀ ਫੈਸਲਾਕੁੰਨ ਗੇਮ ਜਿੱਤ ਕੇ ਜਿਤਾਇਆ ਸੀ। ਇਹ ਦੱਸਣਾ ਦਿਲਚਸਪੀ ਤੋਂ ਖਾਲੀ ਨਹੀਂ ਹੋਵੇਗਾ ਕਿ ਮੁੰਡਿਆਂ ਦੀ ਟੀਮ ਨੇ 2016 ਤੇ 2020 'ਚ ਇਸ ਚੈਂਪੀਅਨਸ਼ਿਪ 'ਚ ਦੋ ਵਾਰ ਕਾਂਸੀ ਤਮਗੇ ਜਿੱਤੇ ਜਦਕਿ ਕੁੜੀਆਂ ਨੇ ਪੈਂਦੀ ਸੱਟੇ ਸੋਨ ਤਮਗਾ।

ਭਾਰਤੀ ਕੋਚ ਤੇ ਭਾਰਤ ਦੇ ਮਹਾਨ ਬੈਡਮਿੰਟਨ ਖਿਡਾਰੀ ਪੁਲੇਲਾ ਗੋਪੀਚੰਦ ਨੇ ਅਨਮੋਲ ਦੇ ਬਿਨਾਂ ਡਰੇ ਦਲੇਰੀ ਨਾਲ ਖੇਡਣ ਦੀ ਤਾਰੀਫ ਕੀਤੀ ਹੈ। ਪਿਤਾ ਦਵਿੰਦਰ ਖਰਬ ਦਾ ਕਹਿਣਾ ਹੈ ਕਿ ਅਨਮੋਲ ਵਿਚ ਇਹ ਦਲੇਰੀ ਮਾਂ ਰਾਜਬਾਲਾ ਤੋਂ ਆਈ ਹੈ, ਜਿਹੜੀ ਕਿ ਹਰਿਆਣਾ ਪੱਧਰ ਦੀ ਦੌੜਾਕ ਰਹੀ ਹੈ ਤੇ ਸਿਰ 'ਤੇ ਪਾਣੀ ਦੇ ਘੜੇ ਰੱਖ ਕੇ ਲਿਆਉਂਦੀ ਹੁੰਦੀ ਸੀ। ਫਰੀਦਾਬਾਦ ਦੀ ਅਨਮੋਲ ਬੈਡਮਿੰਟਨ ਦੀ ਟਰੇਨਿੰਗ ਨੋਇਡਾ ਵਿਚ ਲੈਂਦੀ ਸੀ ਤੇ ਰਾਜਬਾਲਾ ਰੋਜ਼ਾਨਾ 80 ਕਿੱਲੋਮੀਟਰ ਗੱਡੀ ਚਲਾ ਕੇ ਲਿਜਾਂਦੀ ਸੀ। ਉਹ ਗੱਡੀ ਵਿਚ ਉਸ ਲਈ ਲੱਸੀ ਵੀ ਰੱਖਦੀ ਸੀ। ਅਨਮੋਲ ਦੀ ਖੂਬੀ ਇਹ ਹੈ ਕਿ ਉਸ ਦਾ ਪੂਰਾ ਫੋਕਸ ਬੈਡਮਿੰਟਨ 'ਤੇ ਰਿਹਾ ਹੈ। ਇਕ ਵਾਰ ਦੀਵਾਲੀ 'ਤੇ ਉਸ ਨੇ ਕੋਚ ਨੂੰ ਕਿਹਾ ਸੀ ਕਿ ਪੂਜਾ ਤੇ ਆਤਿਸ਼ਬਾਜ਼ੀ ਸ਼ਾਮ ਨੂੰ ਹੁੰਦੇ ਹਨ, ਸਵੇਰੇ ਪ੍ਰੈਕਟਿਸ ਕੀਤੀ ਜਾ ਸਕਦੀ ਹੈ। ਰੱਖੜੀ ਬਾਰੇ ਉਸ ਦੀ ਸੋਚ ਹੈ ਕਿ ਉਹ ਆਪਣੀ ਰਾਖੀ ਖੁਦ ਕਰਨ ਦੇ ਕਾਬਲ ਹੈ, ਇਸ ਲਈ ਰੱਖੜੀ ਬੰਨ੍ਹਣ ਦੀ ਲੋੜ ਨਹੀਂ। ਮਾਂ ਰਾਜਬਾਲਾ ਨੇ ਫਿਟਨੈੱਸ ਲਈ ਉਸ ਨੂੰ ਬਾਕਸਰ ਜੈਭਗਵਾਨ ਦੇ ਭਰਾ ਗੋਦਾਰਾ ਦੀ ਅਕਾਦਮੀ ਵਿਚ ਟਰੇਨਿੰਗ ਦਿਵਾਈ ਹੈ, ਜਿੱਥੇ ਕਮਾਂਡੋ ਟਰੇਨਿੰਗ ਕਰਵਾਈ ਜਾਂਦੀ ਹੈ। ਉਹ ਉੱਥੇ ਸਵੇਰੇ ਪੰਜ ਵਜੇ ਉੱਠ ਕੇ ਜਾਂਦੀ ਸੀ। ਅਨਮੋਲ ਦਾ ਕਹਿਣਾ ਹੈ ਕਿ ਉਹ ਕਦੇ ਇਸ ਦਬਾਅ ਵਿਚ ਨਹੀਂ ਰਹਿੰਦੀ ਕਿ ਉਸ ਦਾ ਮੁਕਾਬਲਾ ਕਿੰਨੀ ਵੱਡੀ ਖਿਡਾਰਨ ਨਾਲ ਹੈ। ਉਸ ਦਾ ਕੁਦਰਤੀ ਖੇਡ ਤੇ ਕੋਚ ਦੀਆਂ ਦੱਸੀਆਂ ਗੱਲਾਂ 'ਤੇ ਹੀ ਧਿਆਨ ਰਹਿੰਦਾ ਹੈ। ਨਾਬਾਲਗ ਅਨਮੋਲ ਖਰਬ ਦੀ ਕਹਾਣੀ ਖੇਡਾਂ ਦੇ ਮੈਦਾਨ ਵਿਚ ਪੈਰ ਧਰਨ ਵਾਲਿਆਂ ਲਈ ਪ੍ਰੇਰਨਾ ਦਾ ਸਰੋਤ ਹੈ।

ਅਦਾਲਤਾਂ 'ਤੇ ਆਸ

ਰਾਜ-ਮਦ ਦੇ ਨਸ਼ੇ ਵਿੱਚ ਚੂਰ ਹੋ ਕੇ,
ਮੱਤ-ਦਾਨ ਦੀ 'ਮੱਤ' ਵੀ ਮਾਰ ਦਿੰਦੇ।
ਧੱਕੇਸ਼ਾਹੀ ਕਰਵਾਉਂਦੇ ਨੇ ਚਮਚਿਆਂ ਤੋਂ,
ਜਿੱਤੇ ਹੋਇਆਂ ਦੇ ਤਾਈਂ ਵੀ ਹਾਰ ਦਿੰਦੇ।
'ਪੁੱਠ ਚਾੜ੍ਹਦੇ' ਧਰਮ ਦੀ ਚਤਰ ਬਣ ਕੇ,
ਪਸ਼ੂਆਂ ਵਾਂਗ ਹੀ ਲੋਕਾਂ ਨੂੰ ਚਾਰ ਦਿੰਦੇ।
ਕਹਿੰਦੇ ਰਹਿੰਦੇ ਨੇ ਦਿਆਂਗੇ ਫੁੱਲ ਸਭ ਨੂੰ,
ਹੁਕਮਰਾਨ ਬਣ ਕੇ ਐਪਰ 'ਖਾਰ' ਦਿੰਦੇ।
ਠੱਲ੍ਹ ਪਵੇਗੀ ਕਿੱਦਾਂ ਇਹ ਫਿਕਰ ਭਾਰੀ,
ਜਾ ਰਹੇ ਵਿਗੜਦੇ ਦੇਖ ਕੇ ਹਾਲਤਾਂ ਨੂੰ।
ਲੋਕ-ਰਾਜ ਦਾ ਕਤਲ ਜਦ ਹੋਣ ਲੱਗੇ,
ਹੋਣਾ ਚਾਹੀਦਾ 'ਸਖਤ' ਅਦਾਲਤਾਂ ਨੂੰ।

ਤਰਲੋਚਨ ਸਿੰਘ 'ਦੁਪਾਲਪੁਰ', 78146-92724

ਸ੍ਰੀ ਗੁਰੂ ਰਵਿਦਾਸ ਜੀ ਦੀ ਇਨਕਲਾਬੀ ਵਿਚਾਰਧਾਰਾ ਨੂੰ ਸਮਝਣ ਦੀ ਲੋੜ

ਅਵਤਾਰ ਲੰਗੇਰੀ

ਕੁਦਰਤ ਨੇ ਮਨੁੱਖ ਜਾਤੀ ਅੰਦਰ ਸ਼ਕਲ-ਸੂਰਤ ਪੱਖੋਂ ਕਿਸੇ ਨਾਲ ਵੀ ਕੋਈ ਵਿਤਕਰਾ ਨਹੀਂ ਕੀਤਾ, ਪ੍ਰੰਤੂ ਸਾਡੇ ਮੁਲਕ ਵਿੱਚ ਜਨਮ ਤੋਂ ਹੀ ਸਮਾਜਿਕ ਅਤੇ ਧਾਰਮਿਕ ਅਨਿਆਂ ਕਾਰਨ ਹਰ ਕਿਸੇ 'ਤੇ ਕੋਈ ਨਾ ਕੋਈ ਜਾਤੀ ਮੋਹਰ ਜ਼ਰੂਰ ਲੱਗ ਜਾਂਦੀ ਹੈ। ਜਾਤਾਂ-ਪਾਤਾਂ ਦੇ ਵਿਤਕਰੇ ਅਤੇ ਅਨਿਆਂ ਦੇ ਦੌਰ ਵਿੱਚ ਇੱਕ ਮਹਾਨ ਰਹਿਬਰ ਸ੍ਰੀ ਗੁਰੂ ਰਵਿਦਾਸ ਜੀ ਨੇ 1450 ਈਸਵੀ ਵਿੱਚ ਅਖੌਤੀ ਅਛੂਤ ਵਰਗ ਵਿੱਚ ਜਨਮ ਲਿਆ। ਉਹਨਾ ਆਪਣੀ ਜਾਤੀ ਬਾਰੇ ਡੰਕੇ ਦੀ ਚੋਟ ਨਾਲ ਆਖਿਆ:

'ਮੇਰੀ ਜਾਤ ਕੁਟ ਬਾਢਲਾ
ਢੋਰ ਢੋਵੰਤਾ ਨਿਤਹਿ ਬਨਾਰਸੀ ਆਸ ਪਾਸਾ॥"
(ਗੁਰੂ ਗ੍ਰੰਥ ਸਾਹਿਬ, ਪੰਨਾ 1293)

ਮੌਜੂਦਾ ਦੌਰ ਅੰਦਰ ਅੱਜ ਜਦੋਂ ਅਸੀਂ ਕਿਸੇ ਤੋਂ ਉਸ ਦੀ ਜਾਤੀ ਬਾਰੇ ਪੁੱਛਦੇ ਹਾਂ ਤਾਂ ਉਹ ਬੜੇ ਮਾਣ ਨਾਲ ਆਖਦਾ ਹੈ ਕਿ ਮੈਂ ਹਾਂ ਸੰਧੂ, ਢਿੱਲੋਂ, ਸ਼ੇਰਗਿੱਲ, ਸਿੱਧੂ ,ਬਰਾੜ ,ਵਰਮਾ ਜਾਂ ਸ਼ਰਮਾ, ਪ੍ਰੰਤੂ ਇਸ ਦੇ ਉਲਟ ਜਦੋਂ ਵੀ ਕਿਸੇ ਅਛੂਤ ਸਮਾਜ ਦੇ ਆਦਮੀ ਨੇ ਆਪਣੀ ਪਹਿਚਾਣ ਦੇਣੀ ਹੁੰਦੀ ਹੈ ਤਾਂ ਉਹ ਧੁਰ ਅੰਦਰੋਂ ਕੰਬਣ ਲੱਗਦਾ ਹੈ ਕਿ ਸਮਾਜ ਅੰਦਰ ਜੇਕਰ ਮੇਰੀ ਜਾਤੀ ਦਾ ਪਤਾ ਲੱਗ ਗਿਆ ਤਾਂ ਮੇਰਾ ਰੁਤਬਾ ਇਨ੍ਹਾਂ ਦੇ ਬਰਾਬਰ ਨਹੀਂ ਰਹਿਣਾ। ਇਸ ਹੀਣਤਾ ਨੂੰ ਦੂਰ ਕਰਨ ਅਤੇ ਅਛੂਤ ਵਰਗ ਦੇ ਮਨੋਬਲ ਨੂੰ ਉੱਚਾ ਚੁੱਕਣ ਲਈ ਸ਼੍ਰੋਮਣੀ ਇਨਕਲਾਬੀ ਵਿਚਾਰਧਾਰਾ ਦੇ ਮਾਲਕ ਸ੍ਰੀ ਗੁਰੂ ਰਵਿਦਾਸ ਜੀ ਤਾਂ ਉੱਚੀ ਆਵਾਜ਼ ਵਿੱਚ ਆਖਦੇ ਸਨ:

'ਤੁਮ ਸਰਨਾਗਤਿ ਰਾਜਾ ਰਾਮ ਚੰਦ ਕਹਿ ਰਵਿਦਾਸ ਚਮਾਰਾ ॥
ਜਾਤੀ ਓਸਾ ਪਾਤੀ ਓਸਾ ਓਸਾ ਜਨਮੁ ਹਮਾਰਾ
ਰਾਜਾ ਰਾਮ ਕੀ ਸੇਵ ਨਾ ਕੀਨੀ ਕਹੁ ਰਵਿਦਾਸ ਚਮਾਰਾ ॥'

ਭਾਈ ਗੁਰਦਾਸ ਜੀ ਦੀਆਂ ਵਾਰਾਂ ਨੂੰ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਕੁੰਜੀ ਮੰਨਿਆ ਜਾਂਦਾ ਹੈ। ਉਹ ਵੀ ਸ੍ਰੀ ਗੁਰੂ ਰਵਿਦਾਸ ਜੀ ਨੂੰ ਮੈਲੇ ਕੱਪੜਿਆਂ ਵਿੱਚ ਲਿਪਟਿਆ ਇਕ ਅਮੁੱਲ ਹੀਰਾ ਆਖਦੇ ਹਨ। ਉਹ ਹੀਰਾ, ਜਿਸ ਦਾ ਕੋਈ ਮੁੱਲ ਨਾ ਪਾ ਸਕੇ ਅਤੇ ਸਾਰੇ ਸੰਸਾਰ ਵਿੱਚ ਜਿਸ ਦੀ ਰੋਸ਼ਨੀ ਹੋਵੇ, ਜਿਵੇਂ:

ਭਗਤੁ ਭਗਤੁ ਜੱਗ ਵੱਜਿਆ ਚਹੁੰ ਚੱਕਾ ਵਿਚ ਚਮਰੇਟਾ॥
ਪਾਣਾ ਗੰਢੈ ਰਾਹ ਵਿਚ ਕੁੱਲਾ ਧਰਮ ਢੋਇ ਢੋਰ ਸਮੇਟਾ॥
ਜਿਉ ਕਰ ਮੈਲੇ ਚੀਥੜੇ ਹੀਰਾ ਲਾਲ ਅਮੋਲ ਪਲੇਟਾ॥
ਚਹੁੰ ਵਰਨਾ ਉਪਦੇਸ਼ ਦਾ ਗਿਆਨ ਧਿਆਨ ਕਰਿ ਭਗਤ ਸਹੇਟਾ ॥

ਸ੍ਰੀ ਗੁਰੂ ਰਵਿਦਾਸ ਜੀ ਦੀ ਸ਼ੋਭਾ ਚਾਰੇ ਪਾਸੇ ਹੋਣ ਲੱਗੀ। ਸਿੱਖ ਗੁਰੂਆਂ ਤੇ ਭਗਤਾਂ ਨੇ ਉਨ੍ਹਾਂ ਦੀ ਉਸਤਤ ਵਿੱਚ ਅਮੁੱਲ ਵਿਚਾਰ ਪ੍ਰਗਟ ਕੀਤੇ। ਉਨ੍ਹਾ ਨੂੰ ਮਹਾਨ ਰਹਿਬਰ ਅਤੇ ਸੱਚੇ ਮਾਰਗ ਦੇ ਰਾਹੀ ਦੱਸਿਆ, ਹੱਕ-ਸੱਚ ਲਈ ਲੜਨ ਅਤੇ ਰਾਹ ਦਿਖਾਉਣ ਵਾਲਾ ਮਸੀਹਾ ਕਿਹਾ। ਦੱਬੇ-ਕੁਚਲਿਆਂ ਨੂੰ ਇਕ ਆਸ ਦੀ ਕਿਰਨ ਨਜ਼ਰ ਆਉਣ ਲੱਗੀ। ਇਸੇ ਲਈ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ 1506 ਈਸਵੀ ਵਿਚ ਇਕੱਤਰ ਕੀਤੀ। 1604 ਈਸਵੀ ਵਿੱਚ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਨੂੰ ਦਰਜ ਕਰਕੇ ਸੰਪਾਦਨਾ ਸੰਪੂਰਨ ਕੀਤੀ। ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਕਰਨ ਦਾ ਇਹ ਵਰਤਾਰਾ ਸ੍ਰੀ ਰਵਿਦਾਸ ਜੀ ਪ੍ਰਤੀ ਅਥਾਹ ਸ਼ਰਧਾ ਅਤੇ ਸਤਿਕਾਰ ਦਾ ਪ੍ਰਤੀਕ ਸੀ। ਅੱਜ ਜਦੋਂ ਸਾਰਾ ਜਗਤ ਹਰ ਰੋਜ਼ ਆਪਣੇ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਨਤਮਸਤਕ ਹੁੰਦਾ ਹੈ ਤਾਂ ਸ੍ਰੀ ਗੁਰੂ ਰਵਿਦਾਸ ਜੀ ਨੂੰ ਇਸ ਤੋਂ ਵੱਖ ਕਰਕੇ ਨਹੀਂ ਦੇਖਿਆ ਜਾ ਸਕਦਾ। ਇਸ ਲਈ ਸਭ ਤੋਂ ਪਹਿਲੇ ਸਿੱਖ ਗੁਰੂ ਸਾਹਿਬਾਨ ਨੇ ਸ੍ਰੀ ਗੁਰੂ ਰਵਿਦਾਸ ਜੀ ਦਾ ਸੱਚਾ ਸਤਿਕਾਰ ਕੀਤਾ। ਇਸੇ ਸੰਦਰਭ ਵਿਚ ਸਤਿਕਾਰਯੋਗ ਬ੍ਰਾਹਮਣ ਵਿਦਵਾਨ ਸ੍ਰੀ ਐੱਸ ਐੱਲ ਪਾਂਡੇ ਲਿਖਦੇ ਹਨ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਸਿੱਖ ਧਰਮ ਦੇ ਪਵਿੱਤਰ ਗ੍ਰੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸੰਪਾਦਕ ਸਨ, ਉਨ੍ਹਾ ਨੇ 1604 ਈਸਵੀ ਵਿੱਚ ਰਵਿਦਾਸ ਜੀ ਦੀ ਬਾਣੀ ਪਵਿੱਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸ਼ਾਮਲ ਕਰਕੇ ਉਨ੍ਹਾਂ ਪ੍ਰਤੀ ਭਾਰੀ ਸ਼ਰਧਾ ਦਾ ਇਜ਼ਹਾਰ ਕੀਤਾ ਹੈ।

ਅੱਜ ਅਸੀਂ ਸਾਧਾਰਨ ਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਮੱਥਾ ਤਾਂ ਟੇਕ ਰਹੇ ਹਾਂ, ਪੂਜਾ ਤਾਂ ਕਰ ਰਹੇ ਹਾਂ, ਪ੍ਰੰਤੂ ਗੁਰਬਾਣੀ ਜਿਹੜਾ ਸੱਚ ਦਾ ਮਾਰਗ ਸਾਨੂੰ ਦੱਸ ਰਹੀ ਹੈ, ਅਸੀਂ ਉਸ ਨੂੰ ਸਮਝਣ ਦਾ ਯਤਨ ਨਹੀਂ ਕਰ ਰਹੇ। ਅਸੀਂ ਲੋਕ ਮੂਰਤੀ ਪੂਜਾ ਵਾਂਗ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਪੂਜ ਹੀ ਰਹੇ ਹਾਂ, ਉਸ ਵਿਚਲੀ ਗੁਰੂਆਂ ਅਤੇ ਭਗਤਾਂ ਦੀ ਬਾਣੀ ਨੂੰ ਪੜ੍ਹ ਕੇ ਅਮਲ ਕਰਨ ਵੱਲ ਨਹੀਂ ਜਾ ਰਹੇ। ਅੱਜ ਅਸੀਂ 21ਵੀਂ ਸਦੀ ਦੇ ਵਿਗਿਆਨਕ ਯੁੱਗ ਵਿੱਚ ਜੀਅ ਰਹੇ ਹਾਂ, ਜਿਸ ਕਰਕੇ ਸਾਨੂੰ ਉਸ ਵੇਲੇ ਬੜੀ ਹੈਰਾਨੀ ਹੁੰਦੀ ਹੈ ਜਦੋਂ ਅੰਮ੍ਰਿਤ ਵੇਲੇ ਸ੍ਰੀ ਗੁਰੂ ਰਵਿਦਾਸ ਜੀ ਦੀ ਮਹਿਮਾ ਵਿਚ ਕੱਢੀਆਂ ਜਾਂਦੀਆਂ ਪ੍ਰਭਾਤ ਫੇਰੀਆਂ ਵਿੱਚ ਤਰ੍ਹਾਂ-ਤਰ੍ਹਾਂ ਦੇ ਮਨਘੜਤ ਸ਼ਬਦ ਸੁਣਨ ਨੂੰ ਮਿਲਦੇ ਹਨ, ਜਿਵੇਂ:

ਮੈਂ ਨੰਗੇ-ਨੰਗੇ ਪੈਰੀਂ ਆਵਾਂ,
ਰਵਿਦਾਸ ਜੀ ਗਲ ਨਾਲ ਲਾ ਲੈਣਾ।
ਤੇਰੀ ਪੂਜਾ ਕਰਨ ਲਈ ਦੂੱਧ ਲਿਆਵਾਂ,
ਪੂਜਾ ਕਰਨ ਲਈ ਫੁੱਲ ਲਿਆਵਾਂ ਆਦਿ।

ਸ਼ੈਤਾਨੀ ਦਿਮਾਗ ਲੋਕਾਂ ਵੱਲੋਂ ਹਰ ਖਿੱਤੇ ਅੰਦਰ ਸ਼ੈਤਾਨੀ ਕੀਤੀ ਜਾਣੀ ਲਾਜ਼ਮੀ ਰਹੀ ਹੈ। ਸੋ ਇਸੇ ਤਰ੍ਹਾਂ ਧਾਰਮਕ ਖੇਤਰ ਵਿੱਚ ਵੀ ਰੋਜ਼ੀ-ਰੋਟੀ ਲਈ ਕਿਰਤ ਕਰਦੀ ਜਮਾਤ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀ ਇਨਕਲਾਬੀ ਬਾਣੀ ਦੇ ਅਰਥਾਂ ਤੋਂ ਪਰ੍ਹੇ ਰੱਖੇ ਜਾਣ ਦੀ ਸ਼ੈਤਾਨੀ ਚਾਲ ਚਲਦੀ ਰਹਿੰਦੀ ਹੈ, ਜਿਸ ਕਰਕੇ ਵਿਦਵਾਨ ਲੋਕਾਂ ਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਸ਼ਰਧਾਵਾਨ ਸੇਵਕਾਂ ਦਾ ਫ਼ਰਜ਼ ਬਣਦਾ ਹੈ ਕਿ ਉਨ੍ਹਾ ਦੀ ਇਨਕਲਾਬੀ ਬਾਣੀ ਦੇ ਸਹੀ ਅਰਥ ਲੋਕਾਂ ਸਾਹਮਣੇ ਲੈ ਕੇ ਆਉਣ। ਲੋੜਾਂ ਦੀ ਲੋੜ ਬਾਣੀ ਨੂੰ ਪੂਜਣ ਦੀ ਨਹੀਂ ਸਗੋਂ ਸਮਝਣ ਦੀ ਅਤੇ ਇਸ ਨੂੰ ਮਨੁੱਖੀ ਜੀਵਨ ਉੱਪਰ ਅਮਲੀ ਰੂਪ ਵਿੱਚ ਲਾਗੂ ਕਰਨ ਦੀ ਅਣਸਰਦੀ ਲੋੜ ਹੈ। ਸ੍ਰੀ ਗੁਰੂ ਰਵਿਦਾਸ ਜੀ ਦੀ ਇਨਕਲਾਬੀ ਸੋਚ ਪ੍ਰਤੱਖ ਰੂਪ ਵਿੱਚ ਸਪੱਸ਼ਟ ਹੁੰਦੀ ਹੈ:

ਬੇਗਮਪੁਰਾ ਸਹਰ ਕੋ ਨਾਉ ॥
ਦੁਖੁ ਅੰਦੋਹੁ ਨਹੀ ਤਿਹਿ ਠਾਉ॥
ਨਾ ਤਸਵੀਸ ਖਿਰਾਜੁ ਨ ਮਾਲੁ॥
ਖਉਫੁ ਨ ਖਤਾ ਨ ਤਰਸੁ ਜਵਾਲੁ॥ ੧ ॥
ਅਬ ਮੋਹਿ ਖੂਬ ਵਤਨ ਗਹ ਪਾਈ ॥
ਊਹਾ ਖੈਰਿ ਸਦਾ ਮੇਰੇ ਭਾਈ ॥ ੧ ॥ ਰਹਾਉ ॥
ਕਾਇਮੁ ਦਾਇਮੁ ਸਦਾ ਪਾਤਿਸਾਹੀ ॥
ਦੋਮ ਨ ਸੇਮ ਏਕ ਸੋ ਆਹੀ ॥
ਆਬਾਦਾਨੁ ਸਦਾ ਮਸਹੂਰ ॥
ਊਹਾ ਗਨੀ ਬਸਹਿ ਮਾਮੂਰ ॥ ੨ ॥
ਤਿਉ ਤਿਉ ਸੈਲ ਕਰਹਿ ਜਿਉ ਭਾਵੈ ॥
ਮਹਰਮ ਮਹਲ ਨ ਕੋ ਅਟਕਾਵੈ॥
ਕਹਿ ਰਵਿਦਾਸ ਖਲਾਸ ਚਮਾਰਾ॥
ਜੋ ਹਮ ਸਹਰੀ ਸੁ ਮੀਤੁ ਹਮਾਰਾ ॥
੩ ॥੨ ॥

ਸਤਿਗੁਰੂ ਰਵਿਦਾਸ ਜੀ ਨੇ ਭਾਵੇਂ ਕੁੱਲੀ ਵਿੱਚ ਰਹਿ ਕੇ ਜੀਵਨ ਬਤੀਤ ਕੀਤਾ, ਪ੍ਰੰਤੂ ਉਹ ਸੱਚੀ ਕਿਰਤ ਕਰਨ ਦੇ ਨਾਲ-ਨਾਲ ਬਹੁਤ ਵੱਡੇ ਵਿਦਵਾਨ ਅਤੇ ਫਿਲਾਸਫਰ ਸਨ। ਉਨ੍ਹਾ ਵੱਲੋਂ 'ਬੇਗਮਪੁਰਾ ਸਹਰ ਕੋ ਨਾਉ' ਸ਼ਬਦ ਵਿੱਚ ਦੁਨਿਆਵੀ ਤੌਰ 'ਤੇ ਇਕ ਐਸੀ ਆਈਡੀਅਲ ਸਟੇਟ ਦੀ ਕਲਪਨਾ ਕੀਤੀ ਹੈ। ਜਿਸ ਨੂੰ ਅਸੀਂ ਵਰਲਡ ਸਟੇਟ ਕਹਿ ਸਕਦੇ ਹਾਂ ਉਨ੍ਹਾ ਅਨੁਸਾਰ ਵਿਸ਼ਵ ਵਤਨ, ਜਿਸ ਦਾ ਨਾਂਅ ਬੇਗਮਪੁਰਾ ਹੈ, ਇਹ ਪਰਮ ਆਨੰਦ ਨਾਲ ਭਰਪੂਰ ਹੈ, ਇਸ ਵਤਨ ਦਾ ਮਨੁੱਖ ਸਮਾਜਿਕ, ਸਦਾਚਾਰਕ, ਵਿੱਦਿਅਕ ਅਤੇ ਧਾਰਮਿਕ ਆਦਿ ਹਰ ਕਿਸਮ ਦੇ ਦੁੱਖ ਤੋਂ ਮੁਕਤ ਹੈ ਅਤੇ ਉਸ ਨੂੰ ਕਿਸੇ ਤਰ੍ਹਾਂ ਦੀ ਕੋਈ ਚਿੰਤਾ ਅਤੇ ਘਬਰਾਹਟ ਨਹੀਂ। ਵਿਸ਼ਵ ਦਾ ਮਨੁੱਖ ਮਾਨਸਿਕ ਤੌਰ 'ਤੇ ਸੁਤੰਤਰ ਹੈ, ਮਨੁੱਖ ਨੂੰ ਕੋਈ ਟੈਕਸ ਦੇਣ ਦੀ ਘਬਰਾਹਟ ਨਹੀਂ ਅਤੇ ਨਾ ਹੀ ਇੱਕ ਰਾਜੇ ਵੱਲੋਂ ਦੂਸਰੇ ਰਾਜਾਂ ਨੂੰ ਅਧੀਨਗੀ ਕਰ ਦੇਣ ਦੀ ਚਿੰਤਾ ਹੈ, ਭਾਵ ਇਸ ਪਾਤਸ਼ਾਹੀ ਵਿੱਚੋਂ ਕੋਈ ਰਾਜਾ ਨਹੀਂ ਹੈ। ਇੱਥੇ ਸਾਮੰਤੀ ਯੁੱਗ ਦਾ ਖਾਤਮਾ ਹੈ। ਇਸੇ ਕਾਰਨ ਇੱਥੇ ਕਿਸੇ ਦੀ ਕੋਈ ਜੱਦੀ ਜਾਂ ਨਿੱਜੀ ਜਾਇਦਾਦ ਨਹੀਂ ਹੈ। ਇੱਥੋਂ ਦਾ ਸ਼ਹਿਰੀ ਆਰਥਕ ਤੌਰ 'ਤੇ ਸੁਤੰਤਰ ਹੈ ,ਇਹ ਸਮਾਜਵਾਦੀ ਲੋਕਤੰਤਰ ਯੁੱਗ ਹੈ। ਇੱਥੇ ਤਾਨਾਸ਼ਾਹੀ ਨਹੀਂ ਹੈ, ਇਹ ਵਿਸ਼ਵ ਸਰਕਾਰ ਨਿਆਂ ਬਰਾਬਰੀ ਅਤੇ ਅਤੇ ਪਿਆਰ ਵਿੱਚ ਜਨਮੀ ਹੈ। ਇਸ ਦਾ ਭਾਈਚਾਰਾ ਸੂਝ-ਬੂਝ, ਸਬਰ-ਸੰਤੋਖ-ਸਦਾਚਾਰਕ ਅਤੇ ਆਤਮਕ ਸ਼ਕਤੀ ਸੰਪੰਨ ਹੈ।

ਬੇਗਮਪੁਰਾ ਦੇ ਵਾਸੀ ਜਿੱਥੇ ਵੀ ਚਾਹੁਣ ਆਨੰਦ ਨਾਲ ਘੁੰਮ-ਫਿਰ ਸਕਦੇ ਹਨ। ਇਸ ਵਤਨ ਦੇ ਵਾਸੀ ਗੁਰੂ ਰਵਿਦਾਸ ਜੀ ਫਰਮਾਉਂਦੇ ਹਨ ਕਿ ਜੋ ਵੀ ਇਸ ਵਿਸ਼ਵ ਵਤਨ ਦਾ ਸ਼ਹਿਰੀ ਹੈ ,ਉਹੋ ਹੀ ਸਾਡਾ ਮਿੱਤਰ ਹੈ , ਭਾਵ ਸਮੁੱਚਾ ਵਿਸ਼ਵ ਸਮਾਜ ਮਿੱਤਰਤਾ ਵਿਚ ਬੱਝਿਆ ਹੋਇਆ ਹੈ। ਵਿਸ਼ਵ ਭਾਈਚਾਰੇ ਦਾ ਆਧਾਰ ਕੇਵਲ ਤੇ ਕੇਵਲ ਆਪਸੀ ਪਿਆਰ ਹੀ ਹੈ। ਇਹੋ ਹੀ ਵਿਸ਼ਵ ਸਰਕਾਰ ਦਾ ਆਧਾਰ ਅਤੇ ਇਹੋ ਹੀ ਬੇਗਮਪੁਰਾ ਹੈ।

ਸੋ ਗੁਰੂ ਸਾਹਿਬ ਵੱਲੋਂ ਦਰਸਾਇਆ ਬੇਗਮਪੁਰਾ ਸਮਾਜ ਦੇ ਦੱਬੇ-ਕੁਚਲੇ ਵਰਗ ਲਈ ਗੁਰੂ ਰਵਿਦਾਸ ਜੀ ਦੀ ਕਲਪਨਾ ਸੀ, ਜਿਸ ਦੀ ਪੂਰਤੀ ਲਈ ਅੱਜ ਸਾਨੂੰ ਆਪਣੇ ਬੱਚਿਆਂ ਅਤੇ ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀ ਇਨਕ

24-FEB-PAGE-5.qxd 2/23/2024 10:00 PM Page 1

ਕਿਸਾਨਾਂ 'ਤੇ ਤਸ਼ੱਦਦ ਖਿਲਾਫ ਮੋਦੀ, ਸ਼ਾਹ, ਖੱਟਰ ਤੇ ਅਨਿਲ ਵਿੱਜ ਦੇ ਪੁਤਲੇ ਫੂਕੇ

ਲੁਧਿਆਣਾ

ਬਠਿੰਡਾ

ਗੁਰੂ ਹਰਸਹਾਏ

ਪਾਤੜਾਂ

ਲੁਧਿਆਣਾ (ਐੱਮ ਐੱਸ ਭਾਟੀਆ) : ਹੱਕ ਦੀ ਲੜਾਈ ਲੜਦੇ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਦੀ ਸ਼ਹਾਦਤ ਤੇ ਮੋਦੀ ਸਰਕਾਰ ਵੱਲੋਂ ਕਿਸਾਨਾਂ 'ਤੇ ਢਾਏ ਜਾ ਰਹੇ ਹਿਟਲਰ ਸ਼ਾਹੀ ਜ਼ੁਲਮਾਂ ਵਿਰੁੱਧ ਭਾਰਤ ਵਿੱਚ ਕੇਂਦਰੀ ਟਰੇਡ ਯੂਨੀਅਨਾਂ, ਆਜ਼ਾਦ ਫੈਡਰੇਸ਼ਨਾਂ ਤੇ ਐਸੋਸੀਏਸ਼ਨਾਂ ਵੱਲੋਂ ਅੱਜ ਕਾਲਾ ਦਿਵਸ ਮਨਾਉਣ ਦਾ ਸੱਦਾ ਦਿੱਤਾ ਗਿਆ।ਇਸ ਤਹਿਤ ਲੁਧਿਆਣਾ ਵਿਖੇ ਏਟਕ, ਸੀਟੀਯੂ ਪੰਜਾਬ ਤੇ ਸੀਟੂ ਅਤੇ ਐੱਸ ਕੇ ਐੱਮ ਵੱਲੋਂ ਸਾਂਝੇ ਤੌਰ 'ਤੇ ਮਿਨੀ ਸਕੱਤਰਰੇਤ ਦੇ ਬਾਹਰ ਪ੍ਰਦਰਸ਼ਨ ਕੀਤਾ ਗਿਆ ਤੇ ਮੋਦੀ, ਅਮਿਤ ਸ਼ਾਹ, ਖੱਟਰ ਅਤੇ ਅਨਿਲ ਵਿੱਜ ਦੇ ਪੁਤਲੇ ਸਾੜੇ ਗਏ।ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਕੇਂਦਰ ਤੇ ਹਰਿਆਣਾ ਸਰਕਾਰ ਦੇ ਅਸਤੀਫੇ, ਉਨ੍ਹਾਂ ਖਿਲਾਫ ਕਤਲ ਦੇ ਕੇਸ ਦਰਜ ਕਰਕੇ ਯੋਗ ਸਜ਼ਾਵਾਂ ਦੇਣ, ਮ੍ਰਿਤਕ ਦੇ ਪਰਿਵਾਰ ਨੂੰ ਇੱਕ ਕਰੋੜ ਦਾ ਮੁਆਵਜ਼ਾ ਤੇ ਸੁਪਰੀਮ ਕੋਰਟ ਦੇ ਮੌਜੂਦਾ ਜੱਜ ਰਾਹੀਂ ਜਾਂਚ ਕਰਵਾਉਣ ਦੀ ਮੰਗ ਕੀਤੀ।ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਦੋਸ਼ੀਆਂ 'ਤੇ ਸਾਡੇ ਇਲਾਕੇ ਵਿੱਚ ਆ ਕੇ ਗੋਲੀ ਚਲਾਉਣ ਦਾ ਕੇਸ ਦਰਜ ਕਰੇ।ਬੁਲਾਰਿਆਂ ਨੇ ਮੰਗ ਕੀਤੀ ਕਿ ਸਰਕਾਰ ਡਬਲਿਊ ਟੀ ਓ ਵਿੱਚ ਸਟੈਂਡ ਲੈਣ 'ਤੇ ਨਾਕਾਮ ਰਹੀ ਹੈ, ਇਸ ਲਈ ਸਰਕਾਰ ਨੂੰ ਡਬਲਿਊ ਟੀ ਓ ਛੱਡ ਦੇਣੀ ਚਾਹੀਦੀ ਹੈ ਅਤੇ ਗੁੱਟ-ਨਿਰਲੇਪ ਦੇਸ਼ਾਂ ਨੂੰ ਇਕੱਠਾ ਕਰਕੇ ਵਿਕਾਸਸ਼ੀਲ ਦੇਸ਼ਾਂ ਦੇ ਨਵੇਂ ਸਾਂਝੇ ਵਪਾਰਕ ਸਿਸਟਮ ਨੂੰ ਬਣਾਉਣ ਲਈ ਅੱਗੇ ਆਉਣਾ ਚਾਹੀਦਾ ਹੈ।ਆਗੂਆਂ ਨੇ ਕਿਹਾ ਕਿ ਬਰਤਾਨਵੀ ਸਾਮਰਾਜ ਤੋਂ ਪ੍ਰਾਪਤ ਆਜ਼ਾਦੀ ਉਪਰੰਤ ਕਦੇ ਵੀ ਕਿਸਾਨਾਂ 'ਤੇ ਇੰਨਾ ਅੱਤਿਆਚਾਰ ਨਹੀਂ ਹੋਇਆ, ਜਿੰਨਾ ਕਿ ਮੋਦੀ ਸਰਕਾਰ ਵੇਲੇ ਹੋ ਰਿਹਾ ਹੈ।ਕਦਮ ਕਦਮ 'ਤੇ ਝੂਠ ਬੋਲਣ ਵਾਲੇ ਮੋਦੀ ਨੇ ਜਦੋਂ ਕਿਸਾਨ ਵਿਰੋਧੀ ਤਿੰਨ ਕਾਨੂੰਨ ਵਾਪਸ ਲਏ ਤਾਂ ਇਹ ਕਿਹਾ ਸੀ ਕਿ ਉਹ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਨੂੰ ਮੰਨਣਗੇ, ਪਰ ਹੁਣ ਉਹ ਪੂਰੀ ਤਰ੍ਹਾਂ ਭੱਜ ਗਏ ਹਨ।ਸਰਕਾਰ ਮੰਗਾਂ ਬਾਰੇ ਕੋਈ ਚਰਚਾ ਕਰਨ ਲਈ ਤਿਆਰ ਨਹੀਂ।ਉਲਟੇ ਕਿਸਾਨਾਂ ਉੱਪਰ ਅੱਤਿਆਚਾਰ ਕਰ ਰਹੇ ਹਨ, ਜਿਵੇਂ ਉਹ ਕੋਈ ਵਿਦੇਸ਼ੀ ਫੌਜ ਦੇ ਹਮਲਾਵਰ ਹੋਣ।ਇਸ ਮੌਕੇ ਬੋਲਣ ਵਾਲਿਆਂ ਵਿੱਚ ਕਾਮਰੇਡ ਡੀ ਪੀ ਮੌੜ, ਕਾਮਰੇਡ ਐੱਮ. ਐੱਸ. ਭਾਟੀਆ, ਕਾਮਰੇਡ ਵਿਜੇ ਕੁਮਾਰ ਏਟਕ, ਕਾਮਰੇਡ ਜਗਦੀਸ਼ ਚੰਦ, ਕਾਮਰੇਡ ਪਰਮਜੀਤ ਸਿੰਘ ਤੇ ਕਾਮਰੇਡ ਬਲਰਾਮ ਸਿੰਘ ਸੀਟੀਯੂ ਪੰਜਾਬ, ਕਿਸਾਨ ਆਗੂ ਚਮਕੌਰ ਸਿੰਘ, ਚਰਨ ਸਰਾਭਾ ਸ਼ਾਮਲ ਸਨ।ਇਸ ਤੋਂ ਇਲਾਵਾ ਏਟਕ ਵੱਲੋਂ ਕੇਵਲ ਸਿੰਘ ਬਨਵੈਤ, ਸੀਟੀਯੂ ਵੱਲੋਂ ਤਹਿਸੀਲਦਾਰ ਸਿੰਘ ਨੇ ਵੀ ਸੰਬੋਧਨ ਕੀਤਾ।ਕਾਮਰੇਡ ਮਲਕੀਤ ਮਾਲੜਾ ਨੇ ਮੋਦੀ ਸਰਕਾਰ ਖਿਲਾਫ ਲਗਾਤਾਰ ਨਾਅਰੇ ਲਵਾਏ।ਹੋਰਨਾਂ ਤੋਂ ਇਲਾਵਾ ਕਾਮਰੇਡ ਅਵਤਾਰ ਛਿੱਬੜ, ਕਾਮੇਸ਼ਵਰ ਯਾਦਵ, ਸੁਰਿੰਦਰ ਸਿੰਘ ਬੈਂਸ, ਵਿਨੋਦ ਕੁਮਾਰ, ਦਾਨ ਸਿੰਘ, ਸਤਨਾਮ ਸਿੰਘ, ਮਹੀਪਾਲ, ਅਸ਼ੋਕ ਕੁਮਾਰ, ਰਾਮ ਖਿਲਾਵਣ, ਡਾਕਟਰ ਵਿਨੋਦ, ਸੰਜੇ ਕੁਮਾਰ, ਅਨੋਦ ਕੁਮਾਰ, ਅਜੇ ਕੁਮਾਰ, ਪਰਵੀਨ ਕੁਮਾਰ, ਕਰਨ ਯਾਦਵ, ਰਛਪਾਲ ਸਿੰਘ, ਡਾਕਟਰ ਐੱਸ ਕੇ ਨਗੇਸ਼, ਰਾਮ ਚੰਦ ਸ਼ਾਮਲ ਸਨ।

ਸੰਗਰੂਰ

ਬਠਿੰਡਾ/ਤਲਵੰਡੀ ਸਾਬੋ (ਪਰਵਿੰਦਰ ਜੀਤ ਸਿੰਘ/ਜਗਦੀਪ ਗਿੱਲ) : ਕੇਂਦਰੀ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪਿਛਲੇ ਦਿਨੀਂ ਆਪਣੀਆਂ ਮੰਗਾਂ ਲਈ ਅੰਦੋਲਨ ਕਰ ਰਹੇ ਕਿਸਾਨਾਂ 'ਤੇ ਹੋਏ ਤਸ਼ੱਦਦ ਦੇ ਵਿਰੋਧ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਤੇ ਗ੍ਰਹਿ ਮੰਤਰੀ ਅਨਿਲ ਵਿੱਜ ਦੇ ਪੁਤਲੇ ਡੀ ਸੀ ਦਫਤਰ ਬਠਿੰਡਾ ਸਾਹਮਣੇ ਫੂਕੇ ਗਏ।ਇਸ ਸਮੇਂ ਇਕੱਤਰ ਹੋਏ ਕਿਸਾਨਾਂ ਨੇ ਕੇਂਦਰ ਤੇ ਹਰਿਆਣਾ ਸਰਕਾਰ ਵਿਰੁੱਧ ਜ਼ਬਰਦਸਤ ਨਾਅਰੇਬਾਜ਼ੀ ਕੀਤੀ।ਅਰਤੀ ਫੂਕ ਮੁਜ਼ਾਹਰੇ ਵਿੱਚ ਸ਼ਾਮਲ ਹੋਏ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਬਲਕਰਨ ਸਿੰਘ ਬਰਾੜ ਨੇ ਦੋਸ਼ ਲਾਇਆ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਦਿਸ਼ਾ ਨਿਰਦੇਸ਼ਾਂ 'ਤੇ ਹਰਿਆਣਾ ਸਰਕਾਰ ਅੰਦੋਲਨ ਕਰ ਰਹੇ ਕਿਸਾਨਾਂ ਦੇ ਜਮਹੂਰੀ ਹੱਕਾਂ ਨੂੰ ਕੁਚਲ ਰਹੀ ਹੈ।ਹਰਿਆਣਾ ਦੀ ਪੁਲਸ ਨੇ ਪੰਜਾਬ ਦੀ ਹੱਦ ਅੰਦਰ ਆ ਕੇ ਕਿਸਾਨਾਂ 'ਤੇ ਗੋਲੀਆਂ ਚਲਾਈਆਂ, ਲਾਠੀਚਾਰਜ ਕੀਤਾ ਤੇ ਬਹੁਤ ਸਾਰੇ ਟਰੈਕਟਰ ਅਤੇ ਹੋਰ ਭਾਰੀ ਸੱਟਾਂ ਮਾਰੀਆਂ ਗਈਆਂ, ਜੋ ਮਨੁੱਖੀ ਅਧਿਕਾਰਾਂ ਤੇ ਕੌਮਾਂਤਰੀ ਨਿਯਮਾਂ ਦੇ ਵਿਰੁੱਧ ਹੈ।ਉਨ੍ਹਾਂ ਮੰਗ ਕੀਤੀ ਕਿ ਇਹ ਦਮਨ ਕਰਨ ਵਾਲੇ ਅਧਿਕਾਰੀਆਂ, ਹਰਿਆਣਾ ਦੇ ਗ੍ਰਹਿ ਮੰਤਰੀ ਤੇ ਮੁੱਖ ਮੰਤਰੀ ਮਨੋਹਰ ਲਾਲ ਖੱਟੜ ਦਾ ਤੁਰੰਤ ਅਸਤੀਫਾ ਲਿਆ ਜਾਵੇ ਤੇ ਹਾਈ ਕੋਰਟ ਦੇ ਮੌਜੂਦਾ ਜੱਜ ਤੋਂ ਇਸ ਵਹਿਸ਼ੀਆਨਾ ਕਾਰੇ ਦੀ ਜੁੰਡੀਸ਼ਅਲ ਜਾਂਚ ਕਰਵਾ ਕੇ ਦੋਸ਼ੀ ਅਧਿਕਾਰੀਆਂ ਉੱਪਰ ਪਰਚੇ ਦਰਜ ਕੀਤੇ ਜਾਣ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਕਿਸਾਨਾਂ ਦੀ ਬਰਬਾਦ ਕੀਤੀ ਮਸ਼ੀਨਰੀ ਦਾ ਪੂਰਾ ਮੁਆਵਜ਼ਾ ਦਿੱਤਾ ਜਾਵੇ।ਕਿਸਾਨ ਆਗੂ ਨੇ ਦੱਸਿਆ ਕਿ 26 ਫਰਵਰੀ ਨੂੰ ਪੂਰੇ ਦੇਸ਼ ਦੇ ਹਾਈਵੇ ਉੱਪਰ ਕਿਸਾਨ ਆਪਣੇ ਟਰੈਕਟਰ ਖੜੇ ਕਰਨਗੇ ਤੇ ਕਾਰਪੋਰੇਟ ਨੀਤੀਆਂ ਦੇ ਜਨਮਦਾਤਾ ਡਬਲਯੂ ਟੀ ਓ ਦਾ ਪੁਤਲਾ ਵੀ ਫੂਕਣਗੇ। ਇਸ ਅਰਥੀ ਫੂਕ ਮੁਜ਼ਾਹਰੇ ਵਿੱਚ ਬੀਕੇਯੂ ਮਾਨਸਾ ਦੇ ਸੂਬਾ ਜਨ ਸਕੱਤਰ ਬੇਅੰਤ ਸਿੰਘ ਮਹਿਮਾ ਸਰਜਾ, ਬੀਕੇਯੂ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਭਾਈ ਰੂਪਾ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਨੈਬ ਸਿੰਘ ਫੂਸ ਮੰਡੀ, ਜਮਹੂਰੀ ਕਿਸਾਨ ਸਭਾ ਦੇ ਮਲਕੀਤ ਸਿੰਘ, ਬੀਕੇਯੂ ਮਾਨਸਾ ਦੇ ਸੂਬਾ ਮੀਤ ਪ੍ਰਧਾਨ ਬਲਵਿੰਦਰ ਸਿੰਘ ਗੰਗਾ, ਬੀਕੇਯੂ ਡਕੌਂਦਾ ਦੇ ਬਲਾਕ ਪ੍ਰਧਾਨ ਬੂਟਾ ਸਿੰਘ ਤੁੰਗਵਾਲੀ ਤੇ ਹੋਰ ਬਹੁਤ ਸਾਰੇ ਕਿਸਾਨ ਆਗੂ ਮੌਜੂਦ ਸਨ।

ਸਮਰਾਲਾ (ਸੁਰਜੀਤ ਸਿੰਘ) : ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿਖੇ ਕੀਤੀ ਮੀਟਿੰਗ ਵਿੱਚ ਪਾਸ ਹੋਏ ਮਤੇ ਅਨੁਸਾਰ ਅੱਜ ਪੂਰੇ ਭਾਰਤ ਵਿੱਚ ਕਿਸਾਨਾਂ ਵੱਲੋਂ ਕਾਲਾ ਦਿਨ ਮਨਾਇਆ ਗਿਆ ਤੇ ਇਸ ਸਬੰਧੀ ਸਮਰਾਲਾ ਵਿਖੇ ਵੱਖ ਵੱਖ ਕਿਸਾਨ ਜਥੇਬੰਦੀਆਂ ਤੇ ਹੋਰ ਜਥੇਬੰਦੀਆਂ, ਜਿਨ੍ਹਾਂ ਵਿੱਚ ਬੀ. ਕੇ. ਯੂ. (ਰਾਜੇਵਾਲ), ਬੀ. ਕੇ. ਯੂ. (ਲੱਖੋਵਾਲ), ਬੀ. ਕੇ. ਯੂ. (ਕਾਦੀਆਂ), ਸਮਾਜਸੇਵੀ ਜਥੇਬੰਦੀਆਂ, ਟਰੇਡ ਯੂਨੀਅਨਾਂ ਤੇ ਸਹਿਯੋਗੀ ਪਾਰਟੀਆਂ ਸ਼ਾਮਲ ਸਨ, ਨੇ ਖਨੌਰੀ ਬਾਰਡਰ 'ਤੇ ਸ਼ਹੀਦ ਹੋਏ ਨੌਜਵਾਨ ਸ਼ੁਭਕਰਨ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਐੱਸ. ਡੀ. ਐੱਮ. ਦਫਤਰ ਵਿਖੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਹਰਿਆਣਾ ਦੇ ਮੁੱਖ ਮੰਤਰੀ ਖੱਟਰ ਤੇ ਹਰਿਆਣਾ ਗ੍ਰਹਿ ਮੰਤਰੀ ਅਨਿਲ ਵਿੱਜ ਦੇ ਪੁਤਲੇ ਫੂਕੇ ਤੇ ਕੇਂਦਰ ਤੇ ਹਰਿਆਣਾ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਹਰਿਆਣਾ ਸਰਕਾਰ ਵੱਲੋਂ ਸ਼ੰਭੂ ਤੇ ਖਨੌਰੀ ਬਾਰਡਰ 'ਤੇ ਕੀਤੇ ਤਸ਼ੱਦਦ ਦੀ ਘੋਰ ਨਿੰਦਾ ਕੀਤੀ। ਰੋਸ ਧਰਨੇ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਪ੍ਰਮੁੱਖ ਤੌਰ 'ਤੇ ਸੁਖਵਿੰਦਰ ਸਿੰਘ ਭੱਟੀਆਂ ਮੀਤ ਪ੍ਰਧਾਨ ਪੰਜਾਬ ਬੀ. ਕੇ. ਯੂ. (ਰਾਜੇਵਾਲ), ਹਰਦੀਪ ਸਿੰਘ ਗਿਆਸਪੁਰਾ ਜ਼ਿਲ੍ਹਾ ਪ੍ਰਧਾਨ ਬੀ. ਕੇ. ਯੂ. (ਕਾਦੀਆਂ), ਮੋਹਣ ਸਿੰਘ ਬਾਲਿਓਂ ਬਲਾਕ ਪ੍ਰਧਾਨ ਭਾਕਿਯੂ (ਕਾਦੀਆਂ), ਗੁਰਸੇਵਕ ਸਿੰਘ ਮੰਜਾਲੀਆਂ ਬਲਾਕ ਪ੍ਰਧਾਨ (ਲੱਖੋਵਾਲ), ਮਨਪ੍ਰੀਤ ਸਿੰਘ ਘੁਲਾਲ (ਕਾਦੀਆਂ), ਅਮਰਜੀਤ ਸਿੰਘ ਬਾਲਿਓਂ ਪ੍ਰਧਾਨ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਸਮਰਾਲਾ, ਮੁਖਤਿਆਰ ਸਿੰਘ ਸਰਵਰਪੁਰ ਜ਼ਿਲ੍ਹਾ ਮੀਤ ਪ੍ਰਧਾਨ (ਰਾਜੇਵਾਲ), ਜਗਦੇਵ ਸਿੰਘ ਮੁਤਿਓਂ, ਕੁਲਵਿੰਦਰ ਸਿੰਘ ਪੂਰਬਾ ਬਲਾਕ ਪ੍ਰਧਾਨ (ਰਾਜੇਵਾਲ), ਅਵਤਾਰ ਸਿੰਘ ਸ਼ੇਰੀਆਂ, ਬਹਾਦਰ ਸਿੰਘ ਰੋਹਲੇ (ਕਾਦੀਆਂ), ਸਤਵੀਰ ਸਿੰਘ ਸਰਵਰਪੁਰ (ਕਾਦੀਆਂ), ਚੌਧਰੀ ਸੰਗਤਪੁਰਾ, ਸੁਖਦੇਵ ਸਿੰਘ ਰੁਪਾਲੋਂ, ਮਹਿੰਦਰ ਸਿੰਘ ਰੁਪਾਲੋਂ, ਕਾਮਰੇਡ ਭਜਨ ਸਿੰਘ ਸਮਰਾਲਾ ਆਦਿ ਤੋਂ ਇਲਾਵਾ ਵੱਖ ਵੱਖ ਕਿਸਾਨ ਯੂਨੀਅਨਾਂ ਤੇ ਸਮਾਜਸੇਵੀ ਜਥੇਬੰਦੀਆਂ ਦੇ ਵਰਕਰ ਤੇ ਹੋਰ ਅਹੁਦੇਦਾਰ ਹਾਜ਼ਰ ਸਨ।

ਬੁਢਲਾਡਾ (ਅਸ਼ੋਕ ਲਾਕੜਾ) : ਸੰਯੁਕਤ ਕਿਸਾਨ ਮੋਰਚੇ ਦੇ ਭਾਰਤ ਪੱਧਰ 'ਤੇ ਕਿਸਾਨਾਂ 'ਤੇ ਕੀਤੇ ਜਬਰ ਖਿਲਾਫ ਕਾਲਾ ਦਿਨ ਮਨਾਉਣ ਦੇ ਫੈਸਲੇ ਨੂੰ ਲਾਗੂ ਕੀਤਾ ਗਿਆ। ਇਸ ਮੌਕੇ ਕਿਸਾਨਾਂ ਵੱਲੋਂ ਪੁਰਾਣੀ ਕਚਹਿਰੀਆ ਇਕੱਠੇ ਹੋ ਕੇ ਗੋਲ ਚੱਕਰ ਅਨਾਜ ਮੰਡੀ ਤੱਕ ਰੋਸ ਮੁਜ਼ਾਹਰਾ ਕੀਤਾ ਗਿਆ ਤੇ ਅਮਿਤ ਸ਼ਾਹ, ਮਨੋਹਰ ਲਾਲ ਖੱਟਰ ਤੇ ਅਨਿਲ ਵਿੱਜ ਦੇ ਪੁਤਲੇ ਸਾੜੇ ਗਏ। ਪੁਤਲੇ ਸਾੜਨ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਬਲਵਿੰਦਰ ਸ਼ਰਮਾ ਖਿਆਲਾਂ, ਬੁਢਲਾਡਾ ਬਲਾਕ ਦੇ ਪ੍ਰਧਾਨ ਸਤਪਾਲ ਸਿੰਘ ਬਰੇ, ਬੀਕੇਯੂ ਲੱਖੋਵਾਲ ਦੇ ਪੁਰਸ਼ੋਤਮ ਸਿੰਘ ਉੱਡਤ, ਬੀਕੇਯੂ ਡਕੌਂਦਾ ਦਰਸ਼ਨ ਸਿੰਘ ਗੁਰਨੇ ਕਲਾਂ, ਜਮੂਹਰੀ ਕਿਸਾਨ ਸਭਾ ਬਲੌਮ ਸਿੰਘ ਫਫੜੇ, ਅਮਰੀਕ ਸਿੰਘ ਫਫੜੇ, ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ ਹਰਮੀਤ ਸਿੰਘ ਬੋੜਾਵਾਲ, ਬੀਕੇਯੂ ਰਾਜੇਵਾਲ ਦਿਲਵਾਰਾ ਸਿੰਘ ਗੱਗੀ ਤੇ ਬੀਕੇਯੂ ਮਾਲਵਾ ਦੇ ਸੱਚਾ ਸਿੰਘ ਮੱਲਕੋ ਨੇ ਸੰਬੋਧਨ ਕੀਤਾ। ਇਸ ਮੌਕੇ ਤਾਰਾ ਚੰਦ ਬਰੇਟਾ, ਸੁਖਦੇਵ ਸਿੰਘ ਬੋੜਾਵਾਲ, ਦਿਵਾਨ ਸਿੰਘ ਅਹਿਮਦਪੁਰ, ਸੀਤਾ ਰਾਮ ਗੋਬਿੰਦ ਪੁਰਾ, ਤੇਜ ਰਾਮ ਅਹਿਮਦਪੁਰ, ਦਰਸ਼ਨ ਸਿੰਘ ਟਹਾਲੀਆ, ਬਲਜੀਤ ਸਿੰਘ ਭੈਣੀਬਾਘਾ, ਬਲਵੀਰ ਕੌਰ, ਸੁਰਜੀਤ ਕੌਰ ਕਿਸ਼ਨਗੜ੍ਹ ਤੇ ਸ਼ਿੰਦਰਪਾਲ ਕੌਰ ਕੁਲਰੀਆਂ ਵੀ ਹਾਜ਼ਰ ਸਨ।

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਾਕਿਯੂ ਏਕਤਾ ਡਕੌਂਦਾ (ਧਨੇਰ) ਵੱਲੋਂ ਲਹਿਰਾ ਬੇਗਾ ਟੋਲ ਪਲਾਜਾ ਨੇੜੇ ਕੌਮੀ ਸ਼ਾਹ ਮਾਰਗ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਅਮਿਤ ਸ਼ਾਹ ਤੇ ਹਰਿਆਣਾ ਦੇ ਮੁੱਖ ਮੰਤਰੀ ਖੱਟਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਬਲਾਕ ਪ੍ਰਧਾਨ ਪਾਲਾ ਸਿੰਘ, ਸੁਖਦੇਵ ਸਿੰਘ, ਮਾਲਾ ਸਿੰਘ, ਸੁਖਚਰਨ ਸਿੰਘ, ਗੋਰਾ ਸਿੰਘ, ਹਰਦੀਪ ਸਿੰਘ, ਬਹਾਦਰ ਸਿੰਘ, ਨਾਜਰ ਸਿੰਘ ਤੇ ਜਗਦੇਵ ਸਿੰਘ ਲਹਿਰਾ ਆਦਿ ਹਾਜ਼ਰ ਸਨ।

ਮਾਨਸਾ (ਆਤਮਾ ਸਿੰਘ ਪਮਾਰ) : ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਮਾਨਸਾ ਵੱਲੋਂ ਗ੍ਰਹਿ ਮੰਤਰੀ ਅਮਿਤ ਸ਼ਾਹ, ਮੁੱਖ ਮੰਤਰੀ ਮਨੋਹਰ ਲਾਲ ਖੱਟਰ ਤੇ ਗ੍ਰਹਿ ਮੰਤਰੀ ਅਨਿਲ ਵਿੱਜ ਦੀ ਅਰਥੀ ਫੂਕ ਕੇ ਕਾਲਾ ਦਿਵਸ ਮਨਾਇਆ ਗਿਆ।ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਤੇ ਭਰਾਤਰੀ ਜਥੇਬੰਦੀਆਂ ਦੇ ਸ਼ਾਮਲ ਆਗੂਆਂ ਮੱਖਣ ਸਿੰਘ ਭੈਣੀ ਬਾਘਾ, ਭਜਨ ਸਿੰਘ ਘੁੰਮਣ, ਮੇਜਰ ਸਿੰਘ ਦੂਲੋਵਾਲ, ਦਲਜੀਤ ਸਿੰਘ ਮਾਨਸ਼ਾਹੀਆ, ਪਰਮਜੀਤ ਸਿੰਘ ਗਾਗੋਵਾਲ, ਉਗਰ ਸਿੰਘ ਮਾਨਸਾ, ਸੁਖਚਰਨ ਸਿੰਘ ਦਾਨੇਵਾਲੀਆ, ਸ਼ਿੰਦਰਪਾਲ ਕੌਰ, ਡਾ. ਧੰਨਾ ਮੱਲ ਗੋਇਲ, ਕ੍ਰਿਸ਼ਨ ਚੌਹਾਨ, ਸੁਖਦਰਸ਼ਨ ਨੱਤ, ਸੁਰਜੀਤ ਸਿੰਘ ਮੀਆਂ, ਕਾਕਾ ਸਿੰਘ ਮਾਨਸਾ, ਜਸਵੀਰ ਕੌਰ ਨੱਤ, ਗਗਨ ਸ਼ਰਮਾ ਆਦਿ ਵੱਲੋਂ ਸੰਬੋਧਨ ਕਰਦਿਆਂ ਹਰਿਆਣਾ ਪੁਲਸ ਵੱਲੋਂ ਅੱਥਰੂ ਗੈਸ ਦੇ ਗੋਲੇ ਸੁੱਟਣ ਤੋਂ ਇਲਾਵਾ ਗੋਲੀਬਾਰੀ ਕਰਨ ਤੇ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਖਨੌਰੀ ਬਾਰਡਰ 'ਤੇ ਗੋਲੀ ਨਾਲ ਨੌਜਵਾਨ ਸ਼ੁਭਕਰਨ ਸਿੰਘ ਬੱਲੋ ਦੀ ਹੋਈ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ, ਜੋਸ਼ੀਲੇ ਨਾਹਰਿਆਂ ਨਾਲ ਸ਼ਰਧਾਂਜਲੀ ਭੇਟ ਕੀਤੀ ਅਤੇ ਕਾਤਲਾਂ ਦੀ ਤਫਤੀਸ਼ ਕਰਕੇ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕੀਤੀ।ਇਸ ਮੌਕੇ ਗੋਰਖ ਨਾਥ, ਰੂਪ ਸਿੰਘ ਢਿੱਲੋਂ, ਮਾਸਟਰ ਸੁਖਦੇਵ ਅਤਲਾ, ਜਗਤਾਰ ਸਿੰਘ ਖਿਆਲਾ, ਸਿਮਰਜੀਤ ਕੁਲਰੀਆਂ, ਮਨਜੀਤ ਸਿੰਘ ਮੀਆਂ, ਕਰਨੈਲ ਭੀਖੀ, ਗੋਰਾ ਲਾਲ ਅਤਲਾ ਆਦਿ ਵੱਖ ਵੱਖ ਜਥੇਬੰਦੀਆਂ ਦੇ ਕਾਰਕੁਨ ਹਾਜ਼ਰ ਸਨ।ਸੰਯੁਕਤ ਕਿਸਾਨ ਮੋਰਚੇ ਨੇ ਫੈਸਲਾ ਕੀਤਾ ਕਿ 26 ਫਰਵਰੀ ਨੂੰ ਦੇਸ਼ ਭਰ ਵਿੱਚ ਕੌਮੀ ਤੇ ਰਾਜ ਮਾਰਗਾਂ 'ਤੇ ਟਰੈਕਟਰ ਪ੍ਰਦਰਸ਼ਨ ਕਰਕੇ ਵਰਲਡ ਟ੍ਰੇਡ ਆਰਗਨਾਈਜ਼ੇਸ਼ਨ ਦੇ ਪੁਤਲੇ ਫੂਕੇ ਜਾਣਗੇ ਅਤੇ 14 ਮਾਰਚ ਨੂੰ ਦਿੱਲੀ ਵਿੱਚ ਮਹਾਂ ਪੰਚਾਇਤ ਰੈਲੀ ਵੀ ਕੀਤੀ ਜਾਵੇਗੀ।

ਲਹਿਰਾ ਮੁਹੱਬਤ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ) : ਅੱਜ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਦਿੱਲੀ ਦੇ ਬਾਰਡਰਾ

ਜੱਗਾ ਮਜੀਠਾ ਨੂੰ ਇੰਚਾਰਜ ਬਣਾਉਣ 'ਤੇ ਆਪ ਵਰਕਰ ਪੱਬਾਂ ਭਾਰ

ਮਜੀਠਾ (ਸੋਇਮ ਆਨੰਦ)-ਵਿਧਾਨ ਸਭਾ ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ ਅਤੇ ਆਗੂਆਂ ਤੇ ਵਰਕਰਾ ਵਿੱਚ ਉਸ ਵੇਲੇ ਖੁਸ਼ੀ ਦੀ ਲਹਿਰ ਪਾਈ ਗਈ ਜਦ ਆਮ ਆਦਮੀ ਪਾਰਟੀ ਨੇ ਹਲਕਾ ਮਜੀਠਾ ਦਾ ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਨੂੰ ਇੰਚਾਰਜ ਬਣਾਇਆ ਗਿਆ। ਸਾਬਕਾ ਚੇਅਰਮੈਨ ਆਪ ਆਗੂ ਬਾਊ ਵਿਜੇ ਕੁਮਾਰ ਥਰੀਏਵਾਲ ਨੇ ਜੱਗਾ ਮਜੀਠਾ ਨੂੰ ਸਨਮਾਨਿਤ ਕੀਤਾ।ਇਸ ਮੌਕੇ ਵਿਜੇ ਕੁਮਾਰ ਥਰੀਏਵਾਲ ਨੇ ਕਿਹਾ ਕਿ ਜੱਗਾ ਮਜੀਠਾ ਪਹਿਲਾਂ ਹੀ ਲੋਕਾਂ 'ਚ ਹਰਮਨ ਪਿਆਰਾ ਹੋਣ ਕਰਕੇ ਉਨਾਂ ਨੂੰ ਹਲਕੇ ਵਿੱਚ ਵੱਡਾ ਹੁੰਗਾਰਾ ਮਿਲ ਰਿਹਾ ਹੈ ਅਤੇ ਆਉਦੇ ਸਮੇ ਵਿੱਚ ਪਾਰਟੀ ਨੂੰ ਬਹੁਤ ਮਜ਼ਬੂਤ ਕਰੇਗਾ।

ਇਕ ਕਿਲੋ ਅਫੀਮ ਸਣੇ ਕਾਬੂ

ਜਲੰਧਰ, 23 ਫਰਵਰੀ : (ਸ਼ੈਲੀ ਐਲਬਰਟ)—ਸਥਾਨਕ ਪੁਲਸ ਨੇ ਇਕ ਵਿਅਕਤੀ ਨੂੰ 1 ਕਿਲੋ ਅਫੀਮ ਸਮੇਤ ਕਾਬੂ ਕੀਤਾ ਹੈ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਸੀ.ਆਈ.ਏ ਸਟਾਫ ਜਲੰਧਰ ਦੀ ਪੁਲਸ ਟੀਮ ਨੇਹਰ ਪੁਲੀ, ਬਾਬਾ ਬੁੱਢਾ ਜੀ ਨਗਰ, ਜਲੰਧਰ ਨੇੜੇ ਗਸ਼ਤ ਕਰ ਰਹੀ ਸੀ।ਤੇ ਕਪੂਰਥਲਾ ਰੋਡ ਦੇ ਕਿਨਾਰੇ ਇੱਕ ਵਿਅਕਤੀ ਨੂੰ ਪੋਲੀਥੀਨ ਫੜ ਕੇ ਆਉਂਦੇ ਦੇਖਿਆ। ਪੁਲਸ ਪਾਰਟੀ ਨੂੰ ਦੇਖ ਕੇ ਸ਼ੱਕੀ ਵਿਅਕਤੀ ਨੇ ਮੌਕੇ ਤੋਂ ਭੱਜਣ ਦੀ ਕੋਸ਼ਿਸ਼ ਕੀਤੀ। ਪਰ ਪੁਲਸ ਪਾਰਟੀ ਨੇ ਉਕਤ ਨੌਜਵਾਨ ਦਾ ਪਿੱਛਾ ਕਰਕੇ ਉਸਨੂੰ ਦਬੋਚ ਲਿਆ ਅਤੇ ਉਕਤ ਨੌਜਵਾਨ ਦੀ ਤਲਾਸ਼ੀ ਲੈਣ 'ਤੇ ਉਸ ਪਾਸੋਂ 1 ਕਿਲੋ ਅਫੀਮ ਬਰਾਮਦ ਕੀਤੀ ਗਈ। ਫੜੇ ਗਏ ਵਿਅਕਤੀ ਦੀ ਪਛਾਣ ਕਿਸਨ ਲਾਲ ਪੁੱਤਰ ਛੈਸੀ ਰਾਮ ਵਾਸੀ ਮਕਾਨ ਨੰਬਰ 89 ਸਹੀਦ ਬਾਬੂ ਲਾਭ ਸਿੰਘ ਨਗਰ ਜਲੰਧਰ ਵਜੋਂ ਹੋਈ ਹੈ।

COURT NOTICE

(U/o 5 Rule 20 CPC)
In the Court of Ms. Babaljit Kaur
Civil Judge (Junior Division)-16, Jalandhar
CNR No. PBJL02-006478-2022
Next Date :- 18-04-2024
UCO Bank
Vs.
CASTLE DESIGN
Suit for grant of decree for recovery of Rs.____alongwith interest as prayed for
Publication Issued to :
M/S Castle Design,21 Mithapur Road, Jalandhar through its proprietor Mr. Gaurav Miglani
Mr. Gaurav Miglani proprietor of M/S Castle Design, 21 Mithapur Road, Jalandhar also R/o at H.No. 29, Central Town, Jalandhar.
In above titled case, the defendant (s)/respondent (s) could not be served. It is ordered that defendant (s)/ respondent (s) should appear in person or through counsel on 18.04.2024 at 10:00 A.M.
For details logon to https://highcourtchd.gov.in/?trs=district_notice&district= Jalandhar
Civil Judge (Junior Division)-16, Jalandhar
Dated this day of 23-02-2024

COURT NOTICE

(U/o 5 Rule 20 CPC)
In the Court of Ms. Tripat Jot Kaur
Additional Principal Judge
Family Court-1, Jalandhar
CNR No. PBJL01-0116550-2022
Next Date :- 21.03.2024
Harsh Bhanot
Aged 28 year S/o Sh. Kamlesh Raj Bhanot R/o Tower Enclave, Phase-III, Nakodar Road Jalandhar
Vs.
1. General Public
2. Manju W/o Harsh Bhanot, D/o Sh. Paramjit @ Jugnu, R/O Village and post office Bhagwanpur, P.S. Lambra, Tehsil & Distt. Jalandhar
Petition Under Guardian and wards Act
Publication Issued to : General Public General Public
In above titled case, the defendant (s)/respondent (s) could not be served. It is ordered that defendant (s)/ respondent (s) should appear in person or through counsel on 21.03.2024 at 10:00 A.M.
For details logon to https://highcourtchd.gov.in/?trs=district_notice&district= Jalandhar
Additional Principal Judge
Family Court-1, Jalandhar
Dated this day of 22-02-2024

ਦਫ਼ਤਰ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਗੁਰਦਾਸਪੁਰ (ਚੋਣ ਨੋਟਿਸ)

ਦੀ ਕਾਲਾ ਬਾਲਾ ਬਹੁਮੰਤਵੀ ਸਹਿਕਾਰੀ ਸਭਾ ਲਿਮ: ਕਾਲਾ ਬਾਲਾ ਦੇ ਸਮੂਹ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਸਭਾ ਦੀ ਪ੍ਰਬੰਧਕੀ ਕਮੇਟੀ ਦੀ ਚੋਣ ਸਬੰਧੀ ਜ਼ੋਨਾਂ ਦੀਆਂ ਲਿਸਟਾਂ ਨਿਮਨਹਸਤਾਖਰ ਦੇ ਦਫ਼ਤਰ ਵਿਚ ਮਨਜ਼ੂਰੀ ਲਈ ਪ੍ਰਾਪਤ ਹੋਈਆਂ ਹਨ। ਨਵੀਆਂ ਜ਼ੋਨ ਗਾਈਡਲਾਈਨਾਂ ਦੇ ਮੁਤਾਬਕ ਸਭਾ ਦੇ ਜ਼ੋਨ ਤਿਆਰ ਕੀਤੇ ਗਏ ਹਨ। ਇਨ੍ਹਾਂ ਜ਼ੋਨਾਂ ਦੀਆਂ ਸੂਚੀਆਂ ਨਿਮਨਹਸਤਾਖਰ ਦੇ ਦਫ਼ਤਰ ਅਤੇ ਸਭਾ ਦੇ ਦਫ਼ਤਰ ਵਿਚ ਮੌਜੂਦ ਹਨ। ਜੇਕਰ ਇਨ੍ਹਾਂ ਜ਼ੋਨ ਲਿਸਟਾਂ 'ਤੇ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਲਿਖਤੀ ਰੂਪ ਵਿਚ ਮਿਤੀ 21.03.2024 ਨੂੰ ਸ਼ਾਮ ਦਫ਼ਤਰੀ ਸਮੇਂ ਤੱਕ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ, ਗੁਰਦਾਸਪੁਰ ਦੇ ਦਫ਼ਤਰ ਆ ਸਕਦਾ ਹੈ। ਪ੍ਰਾਪਤ ਹੋਏ ਇਤਰਾਜ਼ਾਂ ਦੀ ਸੁਣਵਾਈ ਮਿਤੀ 22.03.2024 ਨੂੰ 11.00 ਵਜੇ ਸਵੇਰੇ ਇਸ ਦਫ਼ਤਰ ਦੇ ਕਮਰਾ ਨੰਬਰ 411, ਬੀ-ਬਲਾਕ, ਤੀਜੀ ਮੰਜ਼ਿਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਕੀਤੀ ਜਾਵੇਗੀ। ਇਹ ਜ਼ੋਨ ਸੂਚੀਆਂ ਕਿਸੇ ਕੰਮ ਵਾਲੇ ਦਿਨ ਸਭਾ ਦੇ ਦਫਤਰ ਅਤੇ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ, ਗੁਰਦਾਸਪੁਰ ਦੇ ਦਫ਼ਤਰ ਵਿਚ ਆ ਕੇ ਵੇਖੀਆਂ ਜਾ ਸਕਦੀਆਂ ਹਨ। ਇਤਰਾਜ਼ਕਰਤਾ ਖੁਦ ਸੁਣਵਾਈ ਸਮੇਂ ਹਾਜ਼ਰ ਹੋਵੇ। ਅਗਰ ਕਿਸੇ ਦਾ ਕੋਈ ਇਤਰਾਜ਼ ਨਾ ਆਇਆ ਤਾਂ ਉਸੇ ਦਿਨ ਹੀ ਜ਼ੋਨ ਲਿਸਟਾਂ ਦੀ ਪ੍ਰਵਾਨਗੀ ਦੇ ਦਿੱਤੀ ਜਾਵੇਗੀ।

ਇਹ ਨੋਟਿਸ ਅੱਜ ਮਿਤੀ 22.02.2024 ਨੂੰ ਨਿਮਨਹਸਤਾਖਰ ਦੇ ਹਸਤਾਖਰਾਂ ਨਾਲ ਜਾਰੀ ਕੀਤਾ ਗਿਆ ਹੈ।

ਸਹੀ/- ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਗੁਰਦਾਸਪੁਰ

ਦੀ ਲੋਪੋਕੇ ਪ੍ਰਾਇਮਰੀ ਸਹਿਕਾਰੀ ਵਿਕਾਸ ਬੈਂਕ ਲਿਮਟਿਡ ਲੋਪੋਕੇ

ਨੋਟਿਸ ਆਮ ਇਜਲਾਸ

ਦੀ ਲੋਪੋਕੇ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ. ਲੋਪੋਕੇ ਦੇ ਸਮੂਹ ਏ ਕਲਾਸ ਮੈਂਬਰਾਂ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਬੈਂਕ ਦਾ ਆਮ ਇਜਲਾਸ ਮਿਤੀ **16.03.2024** ਦਿਨ ਸ਼ਨੀਵਾਰ ਨੂੰ ਦੁਪਹਿਰ **12.00** ਵਜੇ ਪੀ.ਏ.ਡੀ.ਬੀ. ਲੋਪੋਕੇ ਵਿਚ ਹੋ ਰਿਹਾ ਹੈ। ਇਸ ਲਈ ਸਮੂਹ ਏ ਕਲਾਸ ਮੈਂਬਰਾਂ ਨੂੰ ਸਮੇਂ ਸਿਰ ਆਮ ਇਜਲਾਸ ਵਿੱਚ ਸ਼ਾਮਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ। ਕਿਸੇ ਕਾਰਨ ਕੋਰਮ ਪੂਰਾ ਨਾ ਹੋਣ ਦੀ ਸੂਰਤ ਵਿਚ ਇਹ ਇਜਲਾਸ ਉਸੇ ਦਿਨ ਬਾਅਦ ਦੁਪਹਿਰ **3.00** ਵਜੇ ਹਾਜਰ ਹੋਏ ਮੈਂਬਰਾਂ ਦੀ ਹਾਜਰੀ ਵਿਚ ਹੋਵੇਗਾ। ਇਸ ਵਿੱਚ ਹੇਠ ਲਿਖੇ ਅਜੰਡੇ ਵਿਚਾਰੇ ਜਾਣਗੇ।

1. ਪਿਛਲੇ ਆਮ ਇਜਲਾਸ ਦੀ ਕਾਰਵਾਈ ਦੀ ਪੁਸ਼ਟੀ ਕਰਨ ਤੇ ਵਿਚਾਰ।
2. ਮਾਣਯੋਗ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ, ਚੰਡੀਗੜ੍ਹ ਜੀ ਵੱਲੋਂ ਸਮੇ-ਸਮੇਂ ਸਿਰ ਬੈਂਕ ਦੇ ਬਾਇਲਾਜ ਰੂਲਾਂ, ਕਰਜਾਂ ਪਾਲੀਸੀਆਂ ਆਦਿ ਵਿੱਚ ਕੀਤੀਆਂ ਸੋਧਾਂ-ਤਰਮੀਮਾਂ ਅਤੇ ਨਿਰਦੇਸ਼ਾਂ ਨੂੰ ਅਪਨਾਉਣ ਅਤੇ ਪ੍ਰਵਾਨਗੀ ਦੇਣ ਤੇ ਵਿਚਾਰ।
3. ਬੈਂਕ ਦੀ ਵਿੱਤੀ ਸਾਲ **2022-23** ਦੀਆਂ ਸਲਾਨਾ ਰਿਪੋਰਟਾਂ, ਆਡਿਟ ਰਿਪੋਰਟਾਂ ਸਮੇਤ ਬੈਲੰਸ ਸ਼ੀਟ ਅਤੇ ਲਾਭ ਹਾਨੀ ਚਿੱਠਾ ਜੋ ਕਿ ਸਟੈਚੂਟਰੀ ਆਡੀਟਰ ਵੱਲੋਂ ਤਸਦੀਕ ਕੀਤਾ ਗਿਆ ਹੈ ਨੂੰ ਵਾਚਣ ਅਤੇ ਪ੍ਰਵਾਨ ਕਰਨ ਤੇ ਵਿਚਾਰ।
4. ਬੈਂਕ ਦੇ ਵਿੱਤੀ ਸਾਲ **2022-23** ਦੇ ਲਾਭ ਹਾਨੀ ਆਦਿ ਐਲੋਕੇਟ ਕਰਨ ਤੇ ਵਿਚਾਰ।
5. ਆਮ ਇਜਲਾਸ ਤੇ ਹੋਏ ਖਰਚੇ ਨੂੰ ਪ੍ਰਵਾਨਗੀ ਦੇਣ ਤੇ ਵਿਚਾਰ।
6. ਬੈਂਕ ਦਾ ਸਾਲ **2023-24, 2024-25** ਤੇ **2025-26** ਤੱਕ ਦਾ ਸਟੈਚੂਟਰੀ ਆਡਿਟ ਕਰਵਾਉਣ ਲਈ ਚਾਰਟਰਡ ਅਕਾਊਂਟੈਂਟ ਨਿਯੁਕਤ ਕਰਨ ਤੇ ਵਿਚਾਰ।

ਜਰੂਰੀ ਨੋਟ :- ਜੇਕਰ ਕਿਸੇ ਵੀ ਮੈਂਬਰ ਨੇ ਬੈਂਕ ਦੀ ਕਾਰਗੁਜਾਰੀ ਬਾਰੇ ਜਾਣਕਾਰੀ ਲੈਣੀ ਹੋਵੇ ਤਾਂ ਆਮ ਇਜਲਾਸ ਤੋਂ ਤਿੰਨ ਦਿਨ ਪਹਿਲਾਂ ਕਿਸੇ ਕੰਮ ਵਾਲੇ ਦਿਨ ਲਿਖਤੀ ਰੂਪ ਵਿੱਚ ਬੈਂਕ ਦੇ ਦਫਤਰ ਤੋਂ ਲੈ ਸਕਦਾ ਹੈ।

ਮੈਨੇਜਰ ਪੀ.ਏ.ਡੀ.ਬੀ. ਲੋਪੋਕੇ

ਅਦਾਲਤੀ ਇਸ਼ਤਿਹਾਰ

ਬਾ- ਅਦਾਲਤ ਨਵਦੀਪ ਸਿਘ ਭੋਗਲ ਜ਼ਿਲ੍ਹਾ ਮਾਲ ਅਫਸਰ -ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਫਾਸਟ ਟਰੈਕ, ਕੋਰਟ ਫਾਰ ਐੱਨ. ਆਰ. ਆਈਜ਼, ਕਪੂਰਥਲਾ।

1. ਕੇਸ ਨੰਬਰ **19-22/DRO/FTC/NRI**
ਤਾਰੀਖ ਦਾਇਰ : 06/04/2023, ਤਕਸੀਮ ਖੇਵਟ ਨੰਬਰ : 45,4751,56, ਖਤੌਨੀ ਨੰਬਰ : 60,63-66, 71, 78, 79 ਮੁਤਾਬਿਕ ਜਮ੍ਹਾਂਬੰਦੀ ਸਾਲ 2018-2019 ਵਾਕਿਆ ਰਕਬਾ ਪਿੰਡ ਫਤਹਿਗੜ੍ਹ, ਹਦਬਸਤ ਨੰਬਰ 70, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ।

2. ਕੇਸ ਨੰਬਰ **23-24/DRO/FTC/NRI**
ਤਾਰੀਖ ਦਾਇਰ : 06/04/2023, ਤਕਸੀਮ ਖੇਵਟ ਨੰਬਰ : 36,80 ਖਤੌਨੀ ਨੰਬਰ :43, 44, 97 ਮੁਤਾਬਿਕ ਜਮ੍ਹਾਂਬੰਦੀ ਸਾਲ 2018-2019 ਵਾਕਿਆ ਰਕਬਾ ਪਿੰਡ ਢੱਕ ਪੰਡੋਰੀ, ਹਦਬਸਤ ਨੰਬਰ 39, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ।

3. ਕੇਸ ਨੰਬਰ **25-26/DRO/FTC/NRI**
ਤਾਰੀਖ ਦਾਇਰ : 06/04/2023, ਤਕਸੀਮ ਖੇਵਟ ਨੰਬਰ : 147,149 ਖਤੌਨੀ ਨੰਬਰ : 190,192 ਮੁਤਾਬਿਕ ਜਮ੍ਹਾਂਬੰਦੀ ਸਾਲ 2018-2019 ਵਾਕਿਆ ਰਕਬਾ ਪਿੰਡ ਪੰਡੋਰੀ, ਹਦਬਸਤ ਨੰਬਰ 38, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ।

1. ਅਮਰੀਕ ਸਿਘ ਉਰਫ ਅਮਰੀਕ ਸਿਘ ਵੈਪਰਾ ਪੁੱਤਰ ਬਿਸ਼ਨ ਸਿਘ ਵਾਸੀ ਪਿੰਡ ਫਤਿਹਗੜ੍ਹ, ਡਾਕਖਾਨਾ ਪੰਡੋਰੀ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ ਹਾਲ ਵਾਸੀ 12730 **103rd Road South Richmond Hill NewYork 11419 USA** ਬਜਰੀਆ ਮੁਖਤਾਰਨਾਮਾ ਵੀਰ ਸਿਘ ਪੁੱਤਰ ਰੇਸ਼ਮ ਸਿਘ ਵਾਸੀ ਪਿੰਡ ਫਤਿਹਗੜ੍ਹ, ਡਾਕਖਾਨਾ ਪੰਡੋਰੀ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ। (ਫਰੀਕ ਅੱਵਲ)

ਬਨਾਮ

1. ਸੁਖਵਿੰਦਰ ਸਿਘ ਪੁੱਤਰ ਅਮਰੀਕ ਸਿਘ ਪੁੱਤਰ ਬਿਸ਼ਨ ਸਿਘ ਵਾਸੀ ਪਿੰਡ ਫਤਿਹਗੜ੍ਹ ਡਾਕਖਾਨਾ ਪੰਡੋਰੀ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, 2. ਰਤਨ ਸਿਘ ਪੁੱਤਰ ਹਰਨਾਮ ਸਿਘ ਵਾਸੀ ਪਿੰਡ ਜੰਡਿਆਲੀ, ਫਗਵਾੜਾ, ਜ਼ਿਲ੍ਹਾ ਕਪੂਰਥਲਾ, 3. ਕਪੂਰ ਸਿਘ ਪੁੱਤਰ ਸੁੰਦਰ ਸਿਘ ਪੁੱਤਰ ਲੈਹਿਣਾ ਸਿਘ, 4. ਹਜ਼ਾਰਾ ਸਿਘ ਪੁੱਤਰ ਸੁੰਦਰ ਸਿਘ ਪੁੱਤਰ ਲੈਹਿਣਾ ਸਿਘ, 5. ਸੁਰਜੀਤ ਕੌਰ ਪੁੱਤਰੀ ਸੁੰਦਰ ਸਿਘ ਪੁੱਤਰ ਲੈਹਿਣਾ ਸਿਘ, 6. ਸਤਨਾਮ ਸਿਘ ਪੁੱਤਰ ਚੈਨ ਸਿਘ ਪੁੱਤਰ ਸੁੰਦਰ ਸਿਘ, 7. ਗੁਰਜੀਤ ਸਿਘ ਪੁੱਤਰ ਬਲਦੇਵ ਸਿਘ ਪੁੱਤਰ ਹਰਭਜਨ ਸਿਘ, ਸਾਰੇ ਵਾਸੀਆਨ ਪਿੰਡ ਢੱਕ ਪੰਡੋਰੀ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, 9. ਜਗਤ ਸਿਘ ਪੁੱਤਰ ਗੁਰਮੁਖ ਸਿਘ ਪੁੱਤਰ ਖੁਸ਼ਹਾਲਾ, 10. ਰੇਸ਼ਮ ਸਿਘ ਪੁੱਤਰ ਗੁਰਮੁਖ ਸਿਘ ਪੁੱਤਰ ਖੁਸ਼ਹਾਲਾ, 11. ਪਾਖਰ ਸਿਘ ਪੁੱਤਰ ਗੁਰਮੁਖ ਸਿਘ ਪੁੱਤਰ ਖੁਸ਼ਹਾਲ ਸਿਘ , 12. ਸੁਰਿਦਰ ਸਿਘ ਪੁੱਤਰ ਗੁਰਦਿਆਲ ਸਿਘ ਪੁੱਤਰ ਉਜਾਗਰ ਸਿਘ, 13. ਰਛਪਾਲ ਸਿਘ ਪੁੱਤਰ ਪਾਖਰ ਸਿਘ ਪੁੱਤਰ ਗੁਰਮੁੱਖ ਸਿਘ, 14. ਕੁਲਵੀਰ ਕੌਰ ਪੁੱਤਰੀ ਪਾਖਰ ਸਿਘ ਪੁੱਤਰ ਗੁਰਮੁੱਖ ਸਿਘ, 15. ਸਰਬਜੀਤ ਕੌਰ ਪੁੱਤਰੀ ਪਾਖਰ ਸਿਘ ਪੁੱਤਰ ਗੁਰਮੁੱਖ ਸਿਘ, 16. ਰਸ਼ਪਾਲ ਸਿਘ ਪੁੱਤਰ ਪੂਰਨ ਸਿਘ ਪੁੱਤਰ ਪ੍ਰਤਾਪਾ (ਮੁਤਵਵੀ) ਰਾਹੀਂ ਵਾਰਸਾਨ 1. ਕੁਲਵਿੰਦਰ ਕੌਰ ਵਿਧਵਾ, 2. ਜਗਦੀਪ ਸਿਘ, 3. ਅਮਰਜੋਤ ਸਿਘ, 17. ਪੂਰਨ ਸਿਘ ਪੁੱਤਰ ਪਰਤਾਪਾ ਸਿਘ ਪੁੱਤਰ ਖੁਸ਼ਹਾਲ ਸਿਘ, 18 ਦਰਸ਼ਨ ਸਿਘ ਪੁੱਤਰ ਸੁਰਮੁੱਖ ਸਿਘ ਪੁੱਤਰ ਖੁਸ਼ਹਾਲ ਸਿਘ, 19. ਹਰਪਾਲ ਸਿਘ ਪੁੱਤਰ ਪਾਖਰ ਸਿਘ ਪੁੱਤਰ ਖੁਸ਼ਹਾਲ ਸਿਘ, 20. ਮਹਿਦਰ ਸਿਘ ਪੁੱਤਰ ਹਜਾਰਾ ਸਿਘ ਪੁੱਤਰ ਅਮੀ ਚੰਦ, 21. ਜੋਗਿੰਦਰ ਸਿਘ ਪੁੱਤਰ ਹਜਾਰਾ ਸਿਘ ਪੁੱਤਰ ਅਮੀ ਚੰਦ, 22. ਸੋਹਣ ਸਿਘ ਪੁੱਤਰ ਹਜਾਰਾ ਸਿਘ ਪੁੱਤਰ ਅਮੀ ਚੰਦ, 19 ਮੇਹਨ ਸਿਘ ਪੁੱਤਰ ਹਜਾਰਾ ਸਿਘ ਪੁੱਤਰ ਅਮੀ ਚੰਦ, 20. ਅਵਤਾਰ ਸਿਘ ਪੁੱਤਰ ਹਜਾਰਾ ਸਿਘ ਪੁੱਤਰ ਅਮੀ ਚੰਦ, 21. ਗਿਆਨ ਸਿਘ ਪੁੱਤਰ ਹਜਾਰਾ ਸਿਘ ਪੁੱਤਰ ਅਮੀ ਚੰਦ, 22. ਦੇਵ ਰਾਜ ਪੁੱਤਰ ਜਗਤ ਰਾਮ, 23. ਸਾਧੂ ਸਿਘ ਪੁੱਤਰ ਪ੍ਰੀਤ ਸਿਘ ਪੁੱਤਰ ਭਗਤ ਰਾਮ, 24. ਕਸ਼ਮੀਰੀ ਲਾਲ ਪੁੱਤਰ ਹੁਸ਼ਨ ਲਾਲ ਪੁੱਤਰ ਮਿਲਖੀ ਰਾਮ, 25. ਰਣਜੀਤ ਕੌਰ ਵਿਧਵਾ ਕਮਲਜੀਤ ਸਿਘ ਪੁੱਤਰ ਚਰਨ ਸਿਘ, 26. ਕਰਨਜੀਤ ਸਿਘ ਪੁੱਤਰ ਕਮਲਜੀਤ ਸਿਘ ਪੁੱਤਰ ਚਰਨ ਸਿਘ, 27. ਭੁਪਿੰਦਰ ਕੌਰ ਪੁੱਤਰੀ ਕਮਲਜੀਤ ਸਿਘ ਪੁੱਤਰ ਚਰਨ ਸਿਘ, 28. ਪਿਆਰਾ ਸਿਘ ਪੁੱਤਰ ਬੇਤਾ ਸਿਘ ਪੁੱਤਰ ਅਮੀ ਚੰਦ, 29. ਹਰਜੀਤ ਸਿਘ ਪੁੱਤਰ ਬੇਤਾ ਸਿਘ ਪੁੱਤਰ ਅਮੀ ਚੰਦ, 30. ਅਵਤਾਰ ਸਿਘ ਪੁੱਤਰ ਬੇਤਾ ਸਿਘ ਪੁੱਤਰ ਅਮੀ ਚੰਦ, 31. ਮੱਖਣ ਸਿਘ ਪੁੱਤਰ ਬੇਤਾ ਸਿਘ ਪੁੱਤਰ ਅਮੀ ਚੰਦ, 32. ਬੂਟਾ ਸਿਘ ਪੁੱਤਰ ਬੇਤਾ ਸਿਘ ਪੁੱਤਰ ਅਮੀ ਚੰਦ, 33. ਰਜਨੀਸ਼ ਕੁਮਾਰ ਪੁੱਤਰ ਗੁਰਦੇਵ ਰਾਜ ਪੁੱਤਰ ਰਾਮ ਚੰਦ, 34 ਸੁਖਵਿੰਦਰ ਸਿਘ ਪੁੱਤਰ ਅਮਰੀਕ ਸਿਘ ਪੁੱਤਰ ਬਿਸ਼ਨ ਸਿਘ, 35. ਬਲਦੇਵ ਸਿਘ ਪੁੱਤਰ ਹਰਭਜਨ ਸਿਘ ਪੁੱਤਰ ਹਾਕਮ ਸਿਘ, 36. ਸੁਰਿਦਰ ਕੌਰ ਪਤਨੀ ਬਲਦੇਵ ਸਿਘ ਪੁੱਤਰ ਹਰਭਜਨ ਸਿਘ, ਸਾਰੇ ਵਾਸੀਆਨ ਪਿੰਡ ਫਤਿਹਗੜ੍ਹ, ਡਾਕਖਾਨਾ ਪੰਡੋਰੀ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ। 37. ਗੁਰਮੀਤ ਸਿਘ ਪੁੱਤਰ ਜਗਤ ਰਾਮ, 38. ਕੇਵਲ ਸਿਘ ਪੁੱਤਰ ਜਗਤ ਰਾਮ, ਦੋਵੇਂ ਵਾਸੀਆਨ ਪਿੰਡ ਨੰਗਲ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ। 37. ਦੀ ਫਗਵਾੜਾ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ, ਲਿਮਟਿਡ ਫਗਵਾੜਾ ਰਾਹੀਂ ਮੈਨੇਜਰ। (ਫਰੀਕ ਧਿਰ ਦੋਮ)

ਇਸ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਉਪਰ ਲਿਖੇ ਫਰੀਕੈਨ ਦੋਇਮ ਦੀ ਸਧਾਰਨ ਤਰੀਕੇ ਨਾਲ ਇਤਲਾਹ ਨਹੀਂ ਹੋ ਰਹੀ। ਇਸ ਲਈ ਇਸ ਇਸ਼ਤਿਹਾਰ ਰਾਹੀਂ ਸਾਰੇ ਫਰੀਕੈਨ ਦੋਮਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਖੁਦ ਜਾਂ ਉਨ੍ਹਾਂ ਦੇ ਵਾਰਸ ਜਾਂ ਰਾਹੀਂ ਕੌਂਸਲ ਮਿਤੀ 06.03.2024 ਨੂੰ ਦੁਪਹਿਰ 12 ਵਜੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਹੋ ਕੇ ਆਪਣੇ ਪੱਖ ਪੇਸ਼ ਕਰਨ। ਸਮੇਂ ਸਿਰ ਹਾਜ਼ਰ ਨਾ ਹੋਣ ਦੀ ਸੂਰਤ ਵਿਚ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ ਅਤੇ ਅਗਲੀ ਬਣਦੀ ਕਾਰਵਾਈ ਕੀਤੀ ਜਾਵੇਗੀ। ਅੱਜ ਮਿਤੀ 21.02.2024 ਨੂੰ ਮੋਹਰ ਅਦਾਲਤ ਇਸ਼ਤਿਹਾਰ ਜਾਰੀ ਹੋਇਆ।

ਨੰਬਰ 427/ਰੀਡਰ, ਮਿਤੀ 21.02.2024

ਜ਼ਿਲ੍ਹਾ ਮਾਲ ਅਫਸਰ -ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਫਾਸਟ ਟਰੈਕ, ਕੋਰਟ ਫਾਰ ਐੱਨ. ਆਰ. ਆਈਜ਼, ਕਪੂਰਥਲਾ।

COURT NOTICE

(U/o 5 Rule 20 CPC)
In the Court of Sh. Bagicha Singh
Civil Judge (Senior Division)
Tarn Taran
Next Date, Purpose of case, orders and Judgments as well as other case
information is avilable on http://disrticts.ecourts.gov.in
CNR No. PBTT02-001856-2023
Next Date :- 18-03-2024
Punjab National Bank
Vs.
Harbhajan Kaur
Publication Issued to :
Harbhajan Kaur,
Spouse :- Kulwant Singh, R/o V.P.O. Bagrian, Tehsil and District Tarn Taran.
In above titled case, the defendant (s)/respondent (s) could not be served. It is ordered that defendant (s)/ respondent (s) should appear in person or through counsel on 18.03.2024 at 10:00 A.M.
For details logon to https://highcourtchd.gov.in/?trs=district_notice&district= Tarn Taran.
Civil Judge (Senior Division)
Tarn Taran
Dated this day of 20-

24-FEB-PAGE-7.qxdadd.qxd 2/23/2024 9:50 PM Page 1

ਬੀ ਕੇ ਯੂ ਕਾਦੀਆਂ ਵੱਲੋਂ ਭਾਜਪਾ ਆਗੂ ਦੇ ਘਰ ਅੱਗੇ ਧਰਨਾ

ਦੋਰਾਹਾ (ਹਰਮਿੰਦਰ ਸੇਠ)

ਭਾਰਤੀ ਕਿਸਾਨ ਯੂਨੀਅਨ ਕਾਦੀਆਂ ਵੱਲੋਂ ਦੋਰਾਹਾ 'ਚ ਭਾਜਪਾ ਦੀ ਸਪੋਕਸਪਰਸਨ ਨੀਤੂ ਸਿੰਘ ਦੇ ਘਰ ਅੱਗੇ ਧਰਨਾ ਲਗਾਇਆ ਗਿਆ।ਯੂਨੀਅਨ ਦੇ ਧਰਨੇ 'ਚ ਸ਼ਾਮਲ ਕਿਸਾਨ ਆਗੂ ਜਗਪਾਲ ਮਾਨ ਨੇ ਦੱਸਿਆ ਕਿ ਭਾਜਪਾ ਆਗੂਆਂ ਦੇ ਘਰਾਂ ਅੱਗੇ ਧਰਨੇ ਲਗਾਉਣ ਦਾ ਮੁੱਖ ਮਕਸਦ ਆਪਣੀਆਂ ਮੰਗਾਂ ਨੂੰ ਇਨ੍ਹਾਂ ਆਗੂਆਂ ਰਾਹੀਂ ਕੇਂਦਰ ਦੀ ਦਿੱਲੀ ਸਰਕਾਰ ਦੇ ਕੰਨਾਂ ਤੱਕ ਪੁੱਜਦੇ ਕਰਨਾ ਹੈ।ਜੇਕਰ ਪੰਜਾਬ ਦੀ ਲੀਡਰਸ਼ਿਪ ਕਿਸਾਨਾਂ ਨਾਲ ਖੜ ਗਈ ਤਾਂ ਕੇਂਦਰ ਦੀ ਭਾਜਪਾ ਸਰਕਾਰ ਨੂੰ ਕਿਸਾਨਾਂ ਦੀਆਂ ਮੰਗਾਂ ਜ਼ਰੂਰ ਮੰਨਣੀਆਂ ਪੈਣਗੀਆਂ, ਕਿਉਂਕਿ ਅੱਗੇ ਆ ਰਹੀਆਂ ਲੋਕ ਸਭਾ ਦੀਆਂ ਚੋਣਾਂ 'ਚ ਆਖ਼ਰ ਇਹ ਭਾਜਪਾ ਲੀਡਰ ਹੀ ਵੋਟਾਂ ਮੰਗਣ ਆਉਣਗੇ।ਕਿਸਾਨ ਆਗੂ ਹਾਰਮਨਜੀਤ ਸਿੰਘ ਨੇ ਦੋਸ਼ ਲਾਇਆ ਕਿ ਹਰਿਆਣਾ ਪੁਲਸ ਵੱਲੋਂ ਕਿਸਾਨਾਂ ਉੱਪਰ ਕੀਤਾ ਜਾ ਰਿਹਾ ਅਣਮਨੁੱਖੀ ਤਸ਼ੱਦਦ ਅਤਿ-ਨਿੰਦਣਯੋਗ ਹੈ, ਜਿਸ ਵਿੱਚ ਬੀਤੇ ਦਿਨ ਇੱਕ 22 ਸਾਲਾ ਨੌਜਵਾਨ ਦੀ ਦਰਦਨਾਕ ਮੌਤ ਹੋ ਚੁੱਕੀ ਹੈ।ਇਹ ਮ੍ਰਿਤਕ ਕਿਸਾਨ 2 ਭੈਣਾਂ ਦਾ ਇਕਲੌਤਾ ਭਰਾ ਸੀ ।ਹਾਈਕੋਰਟ ਦੇ ਇਸ ਫੈਸਲੇ ਤੇ ਕਿ ਕਿਸਾਨ ਦਿੱਲੀ ਧਰਨੇ ਚ ਟਰੈਕਟਰ ਟਰਾਲੀਆਂ ਤੇ ਨਹੀਂ ਜਾ ਸਕਦੇ ਬੱਸਾਂ ਜਾਂ ਟਰੱਕਾਂ ਤੇ ਜਾਣ ਉੱਪਰ ਪ੍ਰਤੀਕਰਮ ਦਿੰਦੇ ਹੋਏ ਕਿਹਾ ਕਿ ਕਿਸਾਨ ਧਰਨੇ ਤੇ ਤਾਂਹੀਂ ਪੁੱਜ ਸਕਣਗੇ ਜੇ ਰਸਤਾ ਖੁੱਲ੍ਹਾ ਹੋਵੇਗਾ ਪਰ ਰਸਤੇ ਨੂੰ ਹਰਿਆਣਾ ਸਰਕਾਰ ਨੇ ਰੋਕ ਰੱਖਿਆ ਹੈ ਜੋ ਗੈਰ-ਸੰਵਿਧਾਨਕ ਹੈ।ਭਾਜਪਾ ਦੇ ਸਪੋਕਸਪਰਸਨ ਨੀਤੂ ਸਿੰਘ ਨੇ ਕਿਸਾਨਾਂ ਨਾਲ ਹਮਦਰਦੀ ਜਿਤਾਉਂਦੇ ਹੋਏ ਉਨ੍ਹਾਂ ਦੀਆਂ ਮੰਗਾਂ ਦਿੱਲੀ ਸਰਕਾਰ ਤੱਕ ਪਹੁੰਚਾਉਣ ਦਾ ਹਰ ਸੰਭਵ ਯਤਨ ਕਰਨ ਦਾ ਭਰੋਸਾ ਦਿੱਤਾ।

ਕਰਜ਼ੇ ਦੀ ਕਿਸ਼ਤ ਲੈਣ ਗਏ ਕਰਮਚਾਰੀ ਦੀ ਪ੍ਰਵਾਸੀ ਮਜ਼ਦੂਰਾਂ ਵੱਲੋਂ ਕੁੱਟਮਾਰ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਇੱਥੇ ਇੱਕ ਪ੍ਰਾਈਵੇਟ ਬੈਂਕ ਵਿਚ ਕੰਮ ਕਰਦੇ ਮੁਲਾਜ਼ਮ ਪ੍ਰਦੀਪ ਸਿੰਘ ਜੋ ਕਿ ਕਰਜ਼ੇ ਦੀਆਂ ਕਿਸ਼ਤਾਂ ਲੈਣ ਲਈ ਪ੍ਰਵਾਸੀ ਮਜ਼ਦੂਰਾਂ ਦੀ ਬਸਤੀ ਬਲੀਬੇਗ ਵਿਖੇ ਗਿਆ ਸੀ, ਜਿੱਥੇ ਨਸ਼ੇ ਵਿੱਚ ਧੁੱਤ ਕੁਝ ਪ੍ਰਵਾਸੀ ਮਜ਼ਦੂਰਾਂ ਨੇ ਉਸ ਨਾਲ ਕੁੱਟਮਾਰ ਕੀਤੀ ਤੇ ਦਸਤਾਰ ਦੀ ਬੇਅਦਬੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਹਸਪਤਾਲ ਵਿੱਚ ਇਲਾਜ ਅਧੀਨ ਪ੍ਰਦੀਪ ਸਿੰਘ ਨੇ ਦੱਸਿਆ ਕਿ ਉਹ ਪ੍ਰਾਈਵੇਟ ਬੈਂਕ ਦਾ ਮੁਲਾਜ਼ਮ ਹੈ ਤੇ ਉਹ ਬਲੀਬੇਗ ਬਸਤੀ ਵਿਖੇ ਅੱਜ ਬੈਂਕ ਵੱਲੋਂ ਦਿੱਤੇ ਕਰਜ਼ੇ ਦੀਆਂ ਕਿਸ਼ਤਾਂ ਲੈਣ ਲਈ ਗਿਆ ਸੀ, ਜਿੱਥੇ ਉਸ ਉੱਪਰ ਕੁਝ ਨਸ਼ੇ ਵਿੱਚ ਧੁੱਤ ਪ੍ਰਵਾਸੀ ਮਜ਼ਦੂਰਾਂ ਨੇ ਹਮਲਾ ਕਰ ਦਿੱਤਾ ਤੇ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਪ੍ਰਦੀਪ ਸਿੰਘ ਨੇ ਦੋਸ਼ ਲਗਾਇਆ ਕਿ ਉਸ ਦੇ ਬੈਗ ਵਿੱਚ 2 ਲੱਖ ਰੁਪਏ ਸਨ, ਜਿਸ ਨੂੰ ਹਮਲਾਵਾਰਾਂ ਵੱਲੋਂ ਖੋਹਣ ਦੀ ਕੋਸ਼ਿਸ਼ ਕੀਤੀ ਗਈ, ਪਰ ਨਾਲ ਦੇ ਸਾਥੀ ਵੱਲੋਂ ਉਸ ਨੂੰ ਬਚਾਇਆ ਗਿਆ। ਪ੍ਰਦੀਪ ਸਿੰਘ ਨੇ ਇਹ ਵੀ ਦੋਸ਼ ਲਗਾਇਆ ਕਿ ਹਮਲਾਵਾਰਾਂ ਨੇ ਉਸ ਦੇ ਸਿਰ 'ਤੇ ਸਜਾਈ ਦਸਤਾਰ ਦੀ ਵੀ ਬੇਅਦਬੀ ਕੀਤੀ ਤੇ ਕੁੱਟਮਾਰ ਕਾਰਨ ਉਹ ਜ਼ਖ਼ਮੀ ਹੋ ਗਿਆ, ਜਿਸ ਕਾਰਨ ਉਸ ਨੂੰ ਇਲਾਜ ਲਈ ਸਮਰਾਲਾ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ। ਇਸ ਸਬੰਧੀ ਮਾਛੀਵਾੜਾ ਪੁਲਸ ਥਾਣਾ ਵਿਖੇ ਗੱਲਬਾਤ ਕੀਤੀ ਗਈ ਤਾਂ ਉਨ੍ਹਾ ਕਿਹਾ ਕਿ ਇਸ ਮਾਮਲੇ ਸਬੰਧੀ ਉਨ੍ਹਾਂ ਕੋਲ ਕੋਈ ਸ਼ਿਕਾਇਤ ਨਹੀਂ ਆਈ ਤੇ ਇਸ ਘਟਨਾ ਸਬੰਧੀ ਸ਼ਿਕਾਇਤ ਮਿਲਣ 'ਤੇ ਪੀੜਤ ਵਿਅਕਤੀ ਦੇ ਬਿਆਨ ਦਰਜ ਕਰ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਜ਼ੇਰੇ ਇਲਾਜ ਜ਼ਖ਼ਮੀ

ਵਿਧਾਇਕ ਬਾਜ਼ੀਗਰ ਨੇ ਗੜੇਮਾਰੀ ਨਾਲ ਤਬਾਹ ਫਸਲਾਂ ਦਾ ਲਿਆ ਜਾਇਜ਼ਾ

ਨੁਕਸਾਨੀਆਂ ਫਸਲਾਂ ਦੇ ਮੁਆਵਜ਼ੇ ਲਈ ਮੁੱਖ ਮੰਤਰੀ ਨਾਲ ਗੱਲ ਕਰਨ ਦਾ ਦਿੱਤਾ ਭਰੋਸਾ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪਿਛਲੇ ਦਿਨੀਂ ਹੋਈ ਬਾਰਸ਼ ਤੇ ਭਾਰੀ ਗੜੇਮਾਰੀ ਨਾਲ ਸਬ ਡਵੀਜ਼ਨ ਪਾਤੜਾਂ ਦੇ ਕਈ ਪਿੰਡਾਂ ਵਿੱਚ ਫਸਲਾਂ ਦੇ ਹੋਏ ਭਾਰੀ ਨੁਕਸਾਨ ਦਾ ਜਾਇਜ਼ਾ ਲੈਣ ਲਈ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਪਿੰਡਾਂ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਹਲਕੇ ਦੇ ਪਿੰਡਾਂ ਹਰਿਆਊ ਖੁਰਦ, ਹਰਿਆਊ ਕਲਾਂ, ਜਿਉਣਪੁਰਾ, ਨਿਆਲ, ਬੂਰੜ, ਦਫਤਰੀਵਾਲਾ, ਘੱਗਾ, ਦਿਉਗੜ੍ਹ ਤੇ ਅਤਾਲਾਂ ਵਿਖੇ ਪਹੁੰਚ ਕੇ ਕਿਸਾਨਾਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਉਨ੍ਹਾਂ ਕਿਸਾਨਾਂ ਨੂੰ ਸਰਕਾਰ ਨਾਲ ਗੱਲਬਾਤ ਕਰਕੇ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ।

ਗੜੇਮਾਰੀ ਤੋਂ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਵਿਧਾਇਕ ਨੇ ਕਿਹਾ ਕਿ ਦੇਖਣ ਵਿੱਚ ਆਇਆ ਹੈ ਕਿ ਗੜੇਮਾਰੀ ਨਾਲ ਕਣਕ ਦੀ ਫਸਲ ਸਮੇਤ ਸਬਜ਼ੀਆਂ ਤੇ ਪਸ਼ੂਆਂ ਦੇ ਚਾਰੇ ਦਾ ਵੱਡੇ ਪੱਧਰ ਉੱਤੇ ਨੁਕਸਾਨ ਹੋਇਆ ਹੈ। ਉਨ੍ਹਾ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਕਿਸਾਨ ਹਿਤੈਸ਼ੀ ਹੈ ਤੇ ਕਿਸਾਨਾਂ ਦੇ ਹਰ ਦੁੱਖ ਸੁੱਖ 'ਚ ਸ਼ਾਮਲ ਹੋਣਾ ਸਰਕਾਰ ਦੀ ਸਦਾ ਪਹਿਲ ਰਹੀ ਹੈ। ਰਾਜ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਗੱਲਬਾਤ ਕਰਕੇ ਕਿਸਾਨਾਂ ਨੂੰ ਨੁਕਸਾਨੀਆਂ ਗਈਆਂ ਫਸਲਾਂ ਦਾ ਮੁਆਵਜ਼ਾ ਦਿਵਾਉਣ ਦਾ ਭਰੋਸਾ ਦਿੰਦਿਆਂ ਦੱਸਿਆ ਕਿ ਇਨ੍ਹਾਂ ਦਰਜਨ ਦੇ ਕਰੀਬ ਪਿੰਡਾਂ ਵਿੱਚ ਮੁਢਲੀ ਜਾਣਕਾਰੀ ਅਨੁਸਾਰ ਸੱਤ ਹਜ਼ਾਰ ਏਕੜ ਦੇ ਕਰੀਬ ਫਸਲਾਂ ਨੂੰ ਗੜੇਮਾਰੀ ਨਾਲ ਨੁਕਸਾਨ ਹੋਇਆ ਹੈ।

ਟ੍ਰਾਈਡੈਂਟ ਗਰੁੱਪ ਸਿਲਵਰ ਸਪਾਂਸਰਸ਼ਿਪ ਵਜੋਂ 'ਭਾਰਤ ਟੇਕਸ' ਪ੍ਰਦਰਸ਼ਨੀ 'ਚ ਹਿੱਸਾ ਲਵੇਗਾ

ਬਰਨਾਲਾ (ਰਾਜਿੰਦਰ ਬਰਾੜ)-ਟ੍ਰਾਈਡੈਂਟ ਗਰੁੱਪ, ਟੈਕਸਟਾਈਲ ਨਿਰਮਾਣ ਵਿੱਚ ਇੱਕ ਗਲੋਬਲ ਲੀਡਰ, ਨੇ ਰਾਜਧਾਨੀ ਦਿੱਲੀ ਵਿੱਚ ਭਾਰਤ ਮੰਡਪਮ ਤੇ ਯਸ਼ੋਭੂਮੀ ਕੈਂਪਸ ਵਿੱਚ 26-29 ਫਰਵਰੀ ਤੱਕ ਹੋਣ ਵਾਲੀ 'ਭਾਰਤ ਟੇਕਸ-2024' ਪ੍ਰਦਰਸ਼ਨੀ ਵਿੱਚ ਸਿਲਵਰ ਸਪਾਂਸਰ ਵਜੋਂ ਆਪਣੀ ਭਾਗੀਦਾਰੀ ਦਾ ਐਲਾਨ ਕੀਤਾ ਹੈ। ਅਜਿਹੇ ਸਮੇਂ ਵਿੱਚ ਜਦੋਂ ਭਾਰਤ ਦਾ ਟੈਕਸਟਾਈਲ ਉਦਯੋਗ 10 ਪ੍ਰਤੀਸ਼ਤ ਦੀ ਮਿਸਰਿਤ ਸਾਲਾਨਾ ਵਿਕਾਸ ਦਰ (ਸੀ ਏ ਜੀ ਆਰ) 'ਤੇ 2030 ਤੱਕ ਅਮਰੀਕੀ £350 ਬਿਲੀਅਨ ਤੱਕ ਪਹੁੰਚਣ ਲਈ ਤਿਆਰ ਹੈ, ਇਹ ਸਮਾਗਮ ਟੈਕਸਟਾਈਲ ਸੈਕਟਰ ਦੀਆਂ ਸੰਭਾਵਨਾਵਾਂ ਦੀ ਪੜਚੋਲ ਕਰਨ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਵਜੋਂ ਕੰਮ ਕਰੇਗਾ। ਟ੍ਰਾਈਡੈਂਟ ਗਰੁੱਪ ਭਾਰਤ ਟੇਕਸ 2024 ਪ੍ਰਦਰਸ਼ਨੀ ਵਿੱਚ ਆਪਣੇ ਨਵੀਨਤਾਕਾਰੀ ਉਤਪਾਦਾਂ ਤੇ ਟਿਕਾਊ ਅਭਿਆਸਾਂ ਨੂੰ ਪ੍ਰਦਰਸ਼ਤ ਕਰਨ ਲਈ ਤਿਆਰ ਹੈ। ਇਸ ਸਮਾਗਮ ਵਿੱਚ ਹੋਈ ਮਹੱਤਵਪੂਰਨ ਪ੍ਰਗਤੀ ਟੈਕਸਟਾਈਲ ਉਦਯੋਗ ਵਿੱਚ ਵਿਕਾਸ ਤੇ ਨਵੀਨਤਾ ਨੂੰ ਉਤਸ਼ਾਹਤ ਕਰਨ ਲਈ ਭਾਰਤ ਸਰਕਾਰ ਦੀ ਵਚਨਬੱਧਤਾ ਨੂੰ ਰੇਖਾਂਕਿਤ ਕਰਦੀ ਹੈ, ਜੋ ਕਿ ਇੱਕ ਮੁੱਖ ਆਰਥਿਕ ਕਾਰਕ ਹੈ। ਇਸ ਸਮਾਗਮ ਪਿੱਛੇ ਮੂਲ ਵਿਚਾਰ ਭਾਰਤ ਦੀ ਸਮ੍ਰਿਧ ਟੈਕਸਟਾਈਲ ਵਿਰਾਸਤ ਨੂੰ ਵਿਸ਼ਵ ਪੱਧਰ 'ਤੇ ਸਨਮਾਨਤ ਕਰਨਾ ਤੇ ਉਤਸ਼ਾਹਤ ਕਰਨਾ ਹੈ। ਭਾਰਤ ਟੇਕਸ 2024 ਦਾ ਆਯੋਜਨ ਕਰਕੇ, ਭਾਰਤ ਆਪਣੇ ਟੈਕਸਟਾਈਲ ਨਿਰਯਾਤ ਨੂੰ ਵਧਾਉਣ ਤੇ ਭਾਰਤੀ ਟੈਕਸਟਾਈਲ ਦੀ ਗੁਣਵੱਤਾ ਅਤੇ ਵਿਭਿੰਨਤਾ ਬਾਰੇ ਵਧੇਰੇ ਜਾਗਰੂਕਤਾ ਫੈਲਾਉਣ ਦੀ ਉਮੀਦ ਕਰਦਾ ਹੈ। ਟ੍ਰਾਈਡੈਂਟ ਗਰੁੱਪ ਦਾ ਭਾਰਤ ਟੈਕਸ ਵਿਖੇ ਪ੍ਰਦਰਸ਼ਨ ਅਤੁਲਯ ਭਾਰਤ ਦੀ ਅਦੁੱਤੀ ਖੁਸ਼ਹਾਲੀ ਦਾ ਵੀ ਪ੍ਰਤੀਕ ਹੈ। ਇਸ ਤੋਂ ਇਲਾਵਾ, ਇਹ ਟੈਕਸਟਾਈਲ ਨਿਰਮਾਣ ਹੱਬ ਵਜੋਂ ਭਾਰਤ ਦੀ ਭਰੋਸੇਮੰਦਤਾ ਦਾ ਪ੍ਰਦਰਸ਼ਨ ਵੀ ਹੈ। ਇਵੈਂਟ ਦੇ ਥੀਮ ਦੇ ਅਨੁਸਾਰ, ਟ੍ਰਾਈਡੈਂਟ ਗਰੁੱਪ ਪ੍ਰੰਪਰਾ ਤੇ ਵਾਤਾਵਰਣ-ਚੇਤਨਾ ਦੇ ਸੁਮੇਲ ਦੀ ਉਦਾਹਰਣ ਦਿੰਦੇ ਹੋਏ ਆਪਣੀ ਕਾਰੀਗਰੀ ਦਾ ਪ੍ਰਦਰਸ਼ਨ ਕਰੇਗਾ।

ਕਾਤਰਾਂ

ਵਿਮਲਾ ਚੋਪੜਾ ਨਮਿੱਤ ਪਾਠ ਦਾ ਭੋਗ 26 ਨੂੰ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਬਲਰਾਜ ਚੋਪੜਾ ਦੀ ਪਤਨੀ ਤੇ ਡਾ. ਰਸ਼ਮੀ ਕਪੂਰ ਦੀ ਮਾਤਾ ਸਵ. ਵਿਮਲਾ ਚੋਪੜਾ ਨਮਿੱਤ ਗਰੁੜ ਪੁਰਾਣ ਪਾਠ ਦਾ ਭੋਗ ਅਤੇ ਰਸਮ ਪਗੜੀ 26 ਫਰਵਰੀ ਨੂੰ ਬਾਅਦ ਦੁਪਹਿਰ 1 ਤੋਂ 2 ਵਜੇ ਤੱਕ ਸਥਾਨਕ ਕਮਿਊਨਿਟੀ ਸੈਂਟਰ ਨੇੜੇ ਬੱਸ ਸਟੈਂਡ ਮਾਛੀਵਾੜਾ ਵਿਖੇ ਹੋਵੇਗੀ।

ਐਥਲੈਟਿਕਸ ਦੇ ਟ੍ਰਾਇਲ ਅੱਜ ਤੋਂ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਜ਼ਿਲ੍ਹਾ ਖੇਡ ਅਫਸਰ ਗੁਰਪ੍ਰੀਤ ਸਿੰਘ ਬਾਜਵਾ ਨੇ ਦੱਸਿਆ ਕਿ ਖੇਡ ਵਿਭਾਗ ਪੰਜਾਬ ਵੱਲੋਂ ਪੀ.ਆਈ.ਐੱਸ. ਵਿੱਚ ਸੈਸ਼ਨ 2024-25 ਦੌਰਾਨ ਅੰਡਰ 14, 17 ਤੇ 19 ਉਮਰ ਵਰਗ ਦੇ ਖਿਡਾਰੀਆਂ ਦੇ ਸਿਲੈਕਸ਼ਨ ਟ੍ਰਾਇਲ ਪੰਜਾਬ ਰਾਜ ਦੇ ਵੱਖ-ਵੱਖ ਜ਼ਿਲ੍ਹਿਆ ਵਿੱਚ ਵੱਖ-ਵੱਖ ਖੇਡਾਂ ਦੇ ਟ੍ਰਾਇਲ ਕਰਵਾਏ ਜਾ ਰਹੇ ਹਨ। ਉਨ੍ਹਾ ਦੱਸਿਆ ਕਿ ਇਸੇ ਤਹਿਤ 24 ਤੇ 25 ਫਰਵਰੀ 2024 ਨੂੰ ਸ਼ਹੀਦ ਭਗਤ ਸਿੰਘ ਬੁਰਮੰਤਵੀ ਖੇਡ ਸਟੇਡੀਅਮ ਫਾਜ਼ਿਲਕਾ ਵਿਖੇ ਐਥਲੈਟਿਕਸ ਦੇ ਟ੍ਰਾਇਲ ਕਰਵਾਏ ਜਾ ਰਹੇ ਹਨ। ਉਨ੍ਹਾ ਕਿਹਾ ਕਿ ਚਾਹਵਾਨ ਖਿਡਾਰੀ ਉਪਰੋਕਤ ਮਿਤੀਆਂ ਨੂੰ ਸਵੇਰੇ 9 ਵਜੇ ਖੇਡ ਸ਼ਹੀਦ ਭਗਤ ਸਿੰਘ ਬੁਰਮੰਤਵੀ ਖੇਡ ਸਟੇਡੀਅਮ ਫਾਜ਼ਿਲਕਾ ਵਿਖੇ ਰਿਪੋਰਟ ਕਰ ਸਕਦੇ ਹਨ।

ਗੁਰਚਰਨ ਸਿੰਘ ਲੀਡ ਬੈਂਕ ਮੈਨੇਜਰ ਸਨਮਾਨਤ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਗੁਰਚਰਨ ਸਿੰਘ ਲੀਡ ਬੈਂਕ ਮੈਨੇਜਰ (ਸਟੇਟ ਬੈਂਕ ਆਫ ਇੰਡੀਆ) ਨੇ ਬੀਤੇ ਦਿਨੀਂ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:) ਦੇ ਮੁੱਖ ਦਫਤਰ ਦਾ ਦੌਰਾ ਕੀਤਾ। ਜਾਣਕਾਰੀ ਦਿੰਦਿਆਂ ਸੰਸਥਾ ਦੀ ਚੇਅਰਪਰਸਨ ਕੁਲਵਿੰਦਰ ਕੌਰ ਬਰਾੜ ਨੇ ਦੱਸਿਆ ਕਿ ਉਨ੍ਹਾ ਦੇ ਇਸ ਦੌਰੇ ਦਾ ਮੁੱਖ ਮਕਸਦ ਸੰਕਲਪ ਸੁਸਾਇਟੀ ਦੁਆਰਾ ਲੋੜਵੰਦ ਲਾਭਪਾਤਰੀਆਂ ਨੂੰ ਕਰਵਾਏ ਮੁਫਤ ਕੰਪਿਊਟਰ ਕੋਰਸ ਦੇ ਪੂਰਾ ਹੋਣ ਤੇ ਸਰਟੀਫਿਕੇਟ ਵੰਡਣ ਦੀ ਪ੍ਰਕਿਰਿਆ ਮੌਕੇ ਬਤੌਰ ਮੁੱਖ ਮਹਿਮਾਨ ਵਜੋਂ ਕੀਤੀ ਸ਼ਮੂਲੀਅਤ ਕਰਨਾ ਸੀ। ਸੰਸਥਾ ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਸੰਧੂ ਦੁਆਰਾ ਉਹਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਐੱਲ.ਡੀ.ਐੱਮ ਗੁਰਚਰਨ ਸਿੰਘ ਨੇ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ(ਰਜਿ:) ਦੇ ਸੇਵਾ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਨੇ ਸੰਸਥਾ ਦੇ ਹਦੂਦ ਅੰਦਰ ਚਲ ਰਹੀ ਲਾਇਬ੍ਰੇਰੀ ਦਾ ਪਾਠਕ ਵਰਗ ਨੂੰ ਲਾਹਾ ਲੈਣ ਦੀ ਤਾਕੀਦ ਕੀਤੀ। ਇਸ ਮੌਕੇ ਪ੍ਰਧਾਨ ਨਰਿੰਦਰ ਸਿੰਘ ਸੰਧੂ, ਮਨਪ੍ਰੀਤ ਸਿੰਘ ਤੇ ਮੈਡਮ ਮਨਜੀਤ ਕੌਰ ਆਦਿ ਹਾਜ਼ਰ ਸਨ।

ਵਿਸ਼ਵ ਸਕਾਊਟ ਦਿਵਸ ਨੂੰ ਸਮਰਪਤ ਸਮਾਗਮ

ਬਰੇਟਾ (ਗੀਤਵਾਲ)-ਪਿੰਡ ਕਿਸ਼ਨਗੜ੍ਹ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਕੱਬ ਤੇ ਬੁਲਬੁਲ ਯੂਨਿਟ ਵੱਲੋਂ ਲਾਰਡ ਬਾਰਡ ਪਾਵੈਲ ਤੇ ਲੇਡੀ ਰੋਬਰਟ ਓਲੈਵ ਬੇਡਨ ਪਾਵੇਲ ਦੇ ਜਨਮ ਦਿਨ ਨੂੰ ਸਮਰਪਤ ਵਿਸ਼ਵ ਸਕਾਊਟ ਦਿਵਸ ਮਨਾਇਆ ਗਿਆ, ਜਿਸ ਤਹਿਤ ਮਹਿੰਦਰ ਪਾਲ ਬਰੇਟਾ ਸਹਾਇਕ ਆਰਗੇਨਾਈਜ਼ ਕਮਿਸ਼ਨਰ (ਬੁਲਬੁਲ) ਨੇ ਸਕਾਊਟ ਤੇ ਗਾਈਡ ਦੇ ਪਿਤਾਮਾ ਲਾਰਡ ਬੇਡਨ ਪਾਵੇਲ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਇਸ ਮਹਾਨ ਸ਼ਖਸੀਅਤ ਦਾ ਮੁੱਖ ਉਦੇਸ਼ ਅਜਿਹੇ ਨਾਗਰਿਕ ਪੈਦਾ ਕਰਨਾ ਹੈ, ਜੋ ਸਮਾਜ ਤੇ ਰਾਸ਼ਟਰ ਦੇ ਸੁਚੱਜੇ ਨਿਰਮਾਣ ਲਈ "ਸਵੈ" ਤੋਂ ਉੱਪਰ ਉੱਠ ਕੇ ਦੂਸਰਿਆਂ ਦੇ ਭਲੇ ਲਈ ਆਪਣਾ ਯੋਗਦਾਨ ਦੇ ਸਕਣ। ਵਿਦਿਆਰਥੀਆਂ ਨੇ ਕੱਬ ਸਕਾਊਟ ਦੀ ਵਰਦੀ ਵਿੱਚ ਸੱਜ ਕੇ ਇਸ ਵਿਸ਼ਵ ਪੱਧਰੀ ਦਿਵਸ ਨੂੰ ਧੂਮ-ਧਾਮ ਨਾਲ ਮਨਾਉਂਦਿਆਂ ਪ੍ਰਣ ਕੀਤਾ ਕਿ ਇਸ ਕੌਮਾਂਤਰੀ ਸੋਚ 'ਤੇ ਪਹਿਰਾ ਦੇਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ। ਸੰਸਥਾ ਮੁਖੀ ਨਾਇਬ ਸਿੰਘ ਨੇ ਸਾਰੇ ਹੀ ਵਿਦਿਆਰਥੀਆਂ ਨੂੰ ਕਿਹਾ ਕਿ ਅਜਿਹੇ ਸਮਾਜਿਕ ਪ੍ਰੋਗਰਾਮਾਂ ਵਿੱਚ ਭਾਗ ਲੈ ਕੇ ਮਨੁੱਖਤਾ ਦੀ ਭਲਾਈ ਲਈ ਆਪਣਾ ਵੱਡਮੁੱਲਾ ਯੋਗਦਾਨ ਦੇਣਾ ਸਾਡਾ ਨੈਤਿਕ ਫਰਜ਼ ਹੈ। ਇਸ ਮੌਕੇ ਵਿਨੋਦ ਕੁਮਾਰ, ਨਿਸ਼ਾ ਰਾਣੀ, ਮਨਪ੍ਰੀਤ ਕੌਰ, ਪ੍ਰਿੰਸ ਪਾਲ, ਨਿਰਮਲ ਕੌਰ, ਰਣਜੀਤ ਕੌਰ, ਰਾਜ ਕੌਰ, ਸਮੂਹ ਸਕੂਲ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ (ਅ) ਨੇ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਮੰਗ ਪੱਤਰ

ਸੰਗਰੂਰ (ਪ੍ਰਵੀਨ ਸਿੰਘ)-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਵੱਲੋਂ

24-Feb-PAGE-8.qxd 2/23/2024 9:56 PM Page 1

ਪੰਜਾਬ ਪੁਲਸ ਦੀ ਸਾਈਬਰ ਕ੍ਰਾਈਮ ਡਵੀਜ਼ਨ ਨੇ ਆਸਾਮ ਤੋਂ ਚਾਰ ਸਾਈਬਰ ਧੋਖੇਬਾਜ਼ਾਂ ਨੂੰ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ, (ਗੁਰਜੀਤ ਬਿੱਲਾ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚਲਾਈ ਜਾ ਰਹੀ ਮੁਹਿੰਮ ਦੌਰਾਨ ਪੰਜਾਬ ਪੁਲਸ ਦੇ ਸਾਈਬਰ ਕ੍ਰਾਈਮ ਡਵੀਜ਼ਨ ਨੇ ਅਸਾਮ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਚਾਰ ਸਾਈਬਰ ਅਪਰਾਧੀਆਂ ਨੂੰ ਗ੍ਰਿਫ਼ਤਾਰ ਕਰਕੇ ਇੱਕ ਅੰਤਰਰਾਸ਼ਟਰੀ ਆਨਲਾਈਨ ਜੌਬ ਫਰਾਡ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਪੁਲਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਵੀਰਵਾਰ ਨੂੰ ਇੱਥੇ ਦਿੱਤੀ। ਇਹ ਗਿਰੋਹ ਦੇ 'ਟੈਲੀਗ੍ਰਾਮ ' ਮੋਬਾਈਲ ਐਪ ਦੇ ਗਰੁੱਪਾਂ ਦੀ ਵਰਤੋਂ ਕਰਕੇ "ਵਰਕ ਫਰਾਮ ਹੋਮ "ਦੀਆਂ ਨੌਕਰੀਆਂ ਦੀ ਪੇਸ਼ਕਸ਼ ਕਰਕੇ ਭੋਲੇ-ਭਾਲੇ ਵਿਅਕਤੀਆਂ ਨੂੰ ਆਪਣੇ ਜਾਲ ਵਿੱਚ ਫਸਾਉਂਦਾ ਸੀ। ਡੀਜੀਪੀ ਨੇ ਦੱਸਿਆ ਕਿ ਇਸ ਗਿਰੋਹ ਦੇ ਮੈਂਬਰ ਭਰੋਸਾ ਹਾਸਲ ਕਰਨ ਲਈ ਪਹਿਲਾਂ ਪੀੜਤਾਂ ਨੂੰ ਛੋਟੇ-ਮੋਟੇ ਕੰਮ ਕਰਨ ਬਦਲੇ ਥੋੜ੍ਹੀ ਜਿਹੀ ਰਕਮ ਅਦਾ ਕਰਦੇ ਸਨ। ਬਾਅਦ ਵਿੱਚ, ਪੀੜਤ ਨੂੰ ਵੱਡੀ ਰਕਮ ਵਾਪਸ ਕਰਨ ਦਾ ਲਾਲਚ ਦੇ ਕੇ ਵੱਖ-ਵੱਖ ਬਹਾਨਿਆਂ ਨਾਲ ਪੈਸੇ ਠੱਗਦੇ ਸਨ । ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਜਹੀਰੁਲ ਇਸਲਾਮ, ਰਫੀਉਲ ਇਸਲਾਮ, ਮਹਿਬੂਬ ਆਲਮ ਅਤੇ ਅਜ਼ੀਜ਼ੁਰ ਰਹਿਮਾਨ ਵਜੋਂ ਹੋਈ ਹੈ। ਪੁਲਸ ਟੀਮਾਂ ਨੇ ਉਨ੍ਹਾਂ ਕੋਲੋਂ ਦੋ ਸਵਾਈਪ ਮਸ਼ੀਨਾਂ, ਦੋ ਬਾਇਓਮੈਟ੍ਰਿਕ ਸਕੈਨਰ, ਇੱਕ ਆਈ ਸਕੈਨਰ, ਇੱਕ ਫਿੰਗਰਪ੍ਰਿੰਟ ਸਕੈਨਰ, 38 ਪੈਨ ਕਾਰਡ, 32 ਡੈਬਿਟ/ਕ੍ਰੈਡਿਟ ਕਾਰਡ, 16 ਸਿਮ ਕਾਰਡ, 10 ਵੋਟਰ ਕਾਰਡ, 9 ਆਧਾਰ ਕਾਰਡ, 10 ਬੈਂਕ ਖਾਤੇ ਦੀਆਂ ਪਾਸਬੁੱਕਾਂ/ਚੈੱਕਬੁੱਕਾਂ ,ਪੰਜ ਸਰਕਾਰੀ ਰਸੀਦੀ ਟਿਕਟਾਂ, ਪੰਜ ਮੋਬਾਈਲ ਫ਼ੋਨ, ਇੱਕ ਲੈਪਟਾਪ, ਦੋ ਪੈਨ ਡਰਾਈਵਾਂ ਅਤੇ ਇੱਕ ਐਸਬੀਆਈ ਆਈਡੀ ਕਾਰਡ ਬਰਾਮਦ ਕੀਤਾ ਹੈ। ਏਡੀਜੀਪੀ ਸਾਈਬਰ ਕ੍ਰਾਈਮ ਵੀ. ਨੀਰਜਾ ਨੇ ਦੱਸਿਆ ਕਿ ਧੋਖੇਬਾਜ਼ਾਂ ਦੁਆਰਾ 25 ਲੱਖ ਰੁਪਏ ਦੀ ਠੱਗੀ ਦਾ ਸ਼ਿਕਾਰ ਹੋਈ ਇੱਕ ਔਰਤ ਦੀ ਸ਼ਿਕਾਇਤ ਤੋਂ ਬਾਅਦ, ਐਸਆਈ ਜੁਝਾਰ ਸਿੰਘ ਜੰਜੂਆ ਅਤੇ ਐਸਆਈ ਦਵਿੰਦਰ ਕਾਸ਼ਨੀ ਦੀ ਅਗਵਾਈ ਵਿੱਚ ਸਾਈਬਰ ਕ੍ਰਾਈਮ ਟੀਮ ਨੇ ਮਾਮਲੇ ਦੀ ਜਾਂਚ ਕੀਤੀ ਅਤੇ ਪਾਇਆ ਕਿ ਇਹ ਗਿਰੋਹ ਅਸਾਮ ਦੇ ਵੱਖ ਵੱਖ ਜ਼ਿਲ੍ਹਿਆਂ ਤੋਂ ਚਲਾਇਆ ਜਾ ਰਿਹਾ ਸੀ। ਆਪ੍ਰੇਸ਼ਨ ਦੌਰਾਨ, ਮੁਲਜ਼ਮ ਜਹੀਰੁਲ ਇਸਲਾਮ ਅਤੇ ਰਫੀਉਲ ਇਸਲਾਮ ਨੂੰ ਆਸਾਮ ਦੇ ਨਗਾਓਂ ਜ਼ਿਲ੍ਹੇ ਤੋਂ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਨੇ ਖੁਲਾਸਾ ਕੀਤਾ ਕਿ ਉਹ ਆਨਲਾਈਨ ਸੇਵਾਵਾਂ ਪ੍ਰਦਾਨ ਕਰਨ ਲਈ ਇੱਕ ਕਸਟਮਰ ਸਰਵਿਸਿਜ਼ ਪੁਆਇੰਟ (ਸੀਐਸਪੀ) ਚਲਾ ਰਹੇ ਸਨ ਅਤੇ ਸੁਖਾਲੇ ਢੰਗ ਨਾਲ ਪੈਸੇ ਕਮਾਉਣ ਲਈ ਉਹ ਆਮ ਲੋਕਾਂ ਦੇ ਦਸਤਾਵੇਜ਼ਾਂ ਦੇ ਅਡੋਬ ਫੋਟੋਸ਼ਾਪ ਸਾਫਟਵੇਅਰ ਦੀ ਵਰਤੋਂ ਕਰਕੇ ਡੁਪਲੀਕੇਟ ਪੈਨ ਕਾਰਡ, ਵੋਟਰ ਕਾਰਡ, ਆਧਾਰ ਕਾਰਡ ਬਣਾਉਂਦੇ ਸਨ, ਜਿਨ੍ਹਾਂ ਦੀ ਵਰਤੋਂ ਉਨ੍ਹਾਂ ਨੇ ਬੈਂਕ ਖਾਤੇ ਖੋਲ੍ਹਣ ਅਤੇ ਇਕ ਹੋਰ ਦੋਸ਼ੀ ਮਹਿਬੂਬ ਆਲਮ ਦੇ ਨਿਰਦੇਸ਼ਾਂ 'ਤੇ ਸਿਮ ਕਾਰਡ ਪ੍ਰਾਪਤ ਕਰਨ ਲਈ ਕੀਤੀ ਸੀ। ਏਡੀਜੀਪੀ ਨੇ ਕਿਹਾ ਕਿ ਇਸ ਤੋਂ ਬਾਅਦ ਮਹਿਬੂਬ ਆਲਮ ਨੂੰ ਗੁਹਾਟੀ ਜ਼ਿਲ੍ਹੇ ਤੋਂ ਗ੍ਰਿਫ਼ਤਾਰ ਕੀਤਾ ਗਿਆ, ਜਿਸ ਨੇ ਖੁਲਾਸਾ ਕੀਤਾ ਕਿ ਉਹ ਅਜ਼ੀਜ਼ੁਰ ਰਹਿਮਾਨ ਦੇ ਸੰਪਰਕ ਵਿੱਚ ਆਇਆ ਸੀ, ਜਿਸ ਨੇ ਉਸ ਨੂੰ ਕਮਿਸ਼ਨ ਦੇ ਆਧਾਰ 'ਤੇ ਬੈਂਕ ਖਾਤੇ ਮੁਹੱਈਆ ਕਰਵਾਉਣ ਲਈ ਕਿਹਾ ਸੀ। ਪੁਲਸ ਟੀਮਾਂ ਨੇ ਆਸਾਮ ਦੇ ਮੋਰੀਗਾਂਵ ਜ਼ਿਲ੍ਹੇ ਤੋਂ ਮੁਲਜ਼ਮ ਅਜ਼ੀਜ਼ੁਰ ਰਹਿਮਾਨ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਹੈ। ਹੋਰ ਵੇਰਵਿਆਂ ਨੂੰ ਸਾਂਝੇ ਕਰਦੇ ਹੋਏ ਡੀ.ਆਈ.ਜੀ. ਸਾਈਬਰ ਕ੍ਰਾਈਮ ਨੀਲਾਂਬਰੀ ਜਗਦਲੇ ਨੇ ਦੱਸਿਆ ਕਿ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਹੁਣ ਤੱਕ 23 ਰਾਜਾਂ ਦੇ 160 ਪੀੜਤਾਂ ਨਾਲ ਧੋਖਾਧੜੀ ਕੀਤੀ ਗਈ ਹੈ ਅਤੇ ਅਗਲੇਰੀ ਜਾਂਚ ਦੌਰਾਨ ਹੋਰ ਪੀੜਤਾਂ ਦੀ ਪਛਾਣ ਹੋਣ ਦੀ ਸੰਭਾਵਨਾ ਹੈ। ਮੁੱਢਲੀ ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਮੁੱਖ ਸਰਗਨਾ, ਜੋ ਵਿਦੇਸ਼ਾਂ ਤੋਂ ਇਸ ਧੋਖਾਧੜੀ ਦੇ ਰੈਕੇਟ ਨੂੰ ਚਲਾ ਰਹੇ ਹਨ, ਕ੍ਰਿਪਟੋਕਰੰਸੀ ਵਿੱਚ ਪੈਸੇ ਪ੍ਰਾਪਤ ਕਰ ਰਹੇ ਸਨ। ਉਨ੍ਹਾਂ ਅੱਗੇ ਕਿਹਾ ਕਿ ਡੀਐਸਪੀ ਸਾਈਬਰ ਕ੍ਰਾਈਮ, ਪ੍ਰਭਜੋਤ ਕੌਰ ਵੱਲੋਂ ਹੋਰ ਜਾਂਚ ਕੀਤੀ ਜਾ ਰਹੀ ਹੈ ਅਤੇ ਹੋਰ ਗ੍ਰਿਫ਼ਤਾਰੀਆਂ ਦੀ ਆਸ ਹੈ।

ਹਨੂੰਮਤ ਇੰਸਟੀਚਿਊਟ 'ਚ ਡਿਜੀਟਲ ਮਾਰਕੀਟਿੰਗ ਵਿਸ਼ੇ 'ਤੇ ਭਾਸ਼ਣ

ਗੁਰਾਇਆ, (ਬਿੰਦਰ ਸੁੰਮਨ)- ਸ਼੍ਰੀ ਹਨੂਮਤ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਬੀ.ਸੀ.ਏ. ਵਿਭਾਗ ਦੇ ਵਿਦਿਆਰਥੀਆਂ ਲਈ ਡਿਜੀਟਲ ਮਾਰਕੀਟਿੰਗ ਵਿਸ਼ੇ 'ਤੇ ਭਾਸ਼ਣ ਕਰਵਾਇਆ ਗਿਆ। ਜਿਸ ਵਿਚ ਬਿਗ ਬਰੇਨ ਫਰਗਵਾੜਾ ਤੋਂ ਮੈਨੇਜਰ ਗਗਨਦੀਪ ਕੌਰ ਅਤੇ ਸਤਿੰਦਰ ਸਿੰਘ ਤੋਂ ਇਲਾਵਾ ਟਰੇਨਰ ਰੀਆ ਬੰਗੜ ਨੇ ਵਿਦਿਆਰਥੀਆਂ ਨੂੰ ਡਿਜੀਟਲ ਮਾਰਕੀਟਿੰਗ ਸਬੰਧੀ ਅਹਿਮ ਜਾਣਕਾਰੀ ਦਿੱਤੀ। ਜਾਣਕਾਰੀ ਦਿੰਦਿਆਂ ਡਾ. ਸ਼ੈਲੀ ਰੇਖੀ ਸ਼ਰਮਾ ਨੇ ਦੱਸਿਆ ਕਿ ਇਸ ਲੈਕਚਰ ਦੌਰਾਨ ਵਿਦਿਆਰਥੀਆਂ ਨੇ ਫੇਸ ਬੁੱਕ, ਇੰਸਟਾਗ੍ਰਾਮ, ਲਿੰਕਡ-ਇਨ, ਟਵਿਟਰ ਵਰਗੇ ਸੋਸ਼ਲ ਮੀਡੀਆ ਪਲੇਟਫ਼ਾਰਮਾਂ 'ਤੇ ਡਿਜੀਟਲ ਇਸ਼ਤਿਹਾਰਬਾਜ਼ੀ, ਵੀਡੀਓ ਐਡਿਟਿੰਗ, ਗ੍ਰਾਫਿਕ ਡਿਜ਼ਾਈਨ, ਵੈੱਬ ਡਿਜ਼ਾਈਨਿੰਗ ਸਬੰਧੀ ਬਹੁਤ ਹੀ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ।

ਇਫਟੂ ਨੇ ਫੂਕੇ ਅਮਿਤ ਸ਼ਾਹ, ਖੱਟਰ ਤੇ ਵਿਜ ਦੇ ਪੁਤਲੇ

ਨਵਾਂਸ਼ਹਿਰ (ਮਨੋਜ ਲਾਡੀ, ਕੁਲਵਿੰਦਰ ਸਿੰਘ ਦੁਰਗਾਪੁਰੀਆ)

ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਕੌਮੀ ਪੱਧਰ ਉੱਤੇ ਦਿੱਤੇ ਗਏ ਸੱਦੇ ਤਹਿਤ ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼(ਇਫਟੂ) ਅਤੇ ਕਿਰਤੀ ਕਿਸਾਨ ਯੂਨੀਅਨ ਵਲੋਂ ਸਥਾਨਕ ਅੰਬੇਡਕਰ ਚੌਕ ਵਿਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਅਤੇ ਹਰਿਆਣਾ ਦੇ ਗ੍ਰਹਿ ਮੰਤਰੀ ਅਨਿਲ ਵਿੱਜ ਦੇ ਪੁਤਲੇ ਫੂਕੇ ਗਏ।ਇਸ ਮੌਕੇ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ, ਇਫਟੂ ਦੇ ਜਿਲਾ ਪ੍ਰਧਾਨ ਗੁਰਦਿਆਲ ਰੱਕੜ, ਜਿਲਾ ਸਕੱਤਰ ਪਰਵੀਨ ਕੁਮਾਰ ਨਿਰਾਲਾ,ਕਿਰਤੀ ਕਿਸਾਨ ਯੂਨੀਅਨ ਦੇ ਇਲਾਕਾ ਨਵਾਂਸ਼ਹਿਰ ਦੇ ਪ੍ਰਧਾਨ ਪਰਮਜੀਤ ਸਿੰਘ ਸ਼ਹਾਬ ਪੁਰ, ਤਰਕਸ਼ੀਲ ਸੁਸਾਇਟੀ ਦੇ ਆਗੂ ਸਤਪਾਲ ਸਲੋਹ ਨੇ ਕਿਹਾ ਕਿ ਕੇਂਦਰ ਸਰਕਾਰ-ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਅੰਦੋਲਨਕਾਰੀ ਕਿਸਾਨਾਂ ਉੱਤੇ ਕੀਤੇ ਵਹਿਸ਼ੀ ਜਬਰ ਦੌਰਾਨ ਨੌਜਵਾਨ ਸ਼ੁਭਕਰਨ ਦੀ ਮੌਤ ਲਈ ਹਰਿਆਣਾ ਸਰਕਾਰ ਜਿੰਮੇਵਾਰ ਹੈ।ਭਾਜਪਾ ਦੀ ਅਗਵਾਈ ਵਾਲੀ ਹਰਿਆਣਾ ਸਰਕਾਰ ਨੇ ਪੰਜਾਬ-ਹਰਿਆਣਾ ਦੀ ਸਰਹੱਦ ਨੂੰ ਕਿਸੇ ਦੁਸ਼ਮਣ ਦੇਸ਼ ਦੀ ਸਰਹੱਦ ਵਾਂਗੂੰ ਬਣਾ ਦਿੱਤਾ ਹੈ। ਹਰਿਆਣਾ ਸਰਕਾਰ ਦੀ ਇਸ ਗੈਰ ਜਮਹੂਰੀ ਹਰਕਤ ਦਾ ਪੂਰਾ ਸਮਰਥਨ ਕਰਦੇ ਹੋਏ ਕੇਂਦਰ ਸਰਕਾਰ ਨੇ ਰਾਜਧਾਨੀ ਦਿੱਲੀ ਦੀਆਂ ਸਰਹੱਦਾਂ 'ਤੇ ਵੀ ਅਜਿਹਾ ਹੀ ਕੀਤਾ ਹੈ! ਹਰਿਆਣਾ ਪੁਲਸ ਪੰਜਾਬ ਵਿੱਚ ਵੀ ਸਰਹੱਦ ਪਾਰ ਤੋਂ ਅੱਥਰੂ ਗੈਸ ਦੀ ਵਰਤੋਂ ਕਰ ਰਹੀ ਹੈ ਅਤੇ ਗੋਲੀਬਾਰੀ ਕਰ ਰਹੀ ਹੈ। ਇਹ ਹਿੰਸਾ ਪੰਜਾਬ ਦੇ ਕਿਸਾਨਾਂ 'ਤੇ ਸੇਧਿਤ ਹੈ, ਜੋ ਆਪਣੀਆਂ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰਨ ਲਈ ਦੇਸ਼ ਦੀ ਕੌਮੀ ਰਾਜਧਾਨੀ 'ਚ ਜਾ ਕੇ ਆਪਣਾ ਹੱਕ ਜਤਾਉਣ ਦਾ ਐਲਾਨ ਕਰ ਰਹੇ ਹਨ। ਹਰਿਆਣਾ ਪੁਲਸ ਨੇ ਪੰਜਾਬ ਦੀ ਹੱਦ ਦੇ ਅੰਦਰ ਧਾਵਾ ਬੋਲਕੇ ਕਿਸਾਨਾਂ ਦੇ ਟਰੈਕਟਰ,ਟਰਾਲੀਆਂ ਅਤੇ ਦੂਸਰੀਆਂ ਗੱਡੀਆਂ ਦੀ ਵੱਡੀ ਪੱਧਰ ਉੱਤੇ ਭੰਨ ਤੋੜ ਕੀਤੀ ਹੈ।ਕਿਸਾਨਾਂ ਦੀ ਬੁਰੀ ਤਰ੍ਹਾਂ ਮਾਰਕੁੱਟ ਕੀਤੀ ਹੈ।ਉਹਨਾਂ ਨੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ,ਸਾਰੀਆਂ ਕਿਲਾਬੰਦੀਆਂ

ਨੂੰ ਹਟਾਉਣ ਦੀ ਮੰਗ ਕੀਤੀ।ਉਹਨਾਂ ਕਿਹਾ ਕਿ ਆਪਣੀਆਂ ਮੰਗਾਂ ਨੂੰ ਲੈ ਕੇ ਦੇਸ਼ ਦੀ ਰਾਜਧਾਨੀ ਜਾਣਾਂ ਕਿਸਾਨਾਂ ਦਾ ਜਮਹੂਰੀ ਅਤੇ ਸੰਵਿਧਾਨਕ ਹੱਕ ਹੈ ਪਰ ਹਰਿਆਣਾ ਸਰਕਾਰ ਕਿਲਾਬੰਦੀ ਕਰਕੇ ਅਤੇ ਕਿਸਾਨਾਂ ਉੱਤੇ ਜਬਰ ਢਾਹ ਕੇ ਕਿਸਾਨਾਂ ਦੇ ਜਮਹੂਰੀ ਅਤੇ ਸੰਵਿਧਾਨਕ ਹੱਕ ਨੂੰ ਜਾਬਰਾਨਾ ਢੰਗ ਤਰੀਕਿਆਂ ਨਾਲ ਦਰੜ ਰਹੀ ਹੈ।ਇਸ ਜਬਰ ਕਾਰਨ ਨੌਜਵਾਨ ਸ਼ੁਭਕਰਨ ਦੀ ਮੌਤ ਹੋ ਗਈ ਹੈ।ਇਸਦੇ ਲਈ ਹਰਿਆਣਾ ਸਰਕਾਰ ਸਿੱਧੇ ਤੌਰ ਉੱਤੇ ਜਿੰਮੇਵਾਰ ਹੈ।ਵਿਸ਼ੇਸ਼ਕਰ ਹਰਿਆਣਾ ਦਾ ਮੁੱਖ ਮੰਤਰੀ ਮਨੋਹਰ ਲਾਲ ਖੱਟਰ,ਹਰਿਆਣਾ ਦਾ ਗ੍ਰਹਿ ਮੰਤਰੀ ਅਨਿਲ ਵਿੱਜ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ।ਆਗੂਆਂ ਨੇ ਕਿਹਾ ਕਿ ਜਬਰ ਕਾਰਨ ਕਿਸਾਨਾਂ ਦਾ ਗੁੱਸਾ ਹੋਰ ਵੀ ਤੇਜ ਹੋਇਆ ਹੈ।

ਟੋਲ ਪਲਾਜ਼ਾ 'ਤੇ ਬੈਠੇ ਕਿਸਾਨਾਂ ਵੱਲੋਂ ਐੱਸ ਕੇ ਐੱਮ ਦੇ ਸੰਘਰਸ਼ੀ ਫਰਮਾਨ ਦੀ ਉਡੀਕ

ਖਰੜ (ਹਰਨਾਮ ਸਿੰਘ ਡੱਲਾ)

ਭਾਗੋ ਮਾਜਰਾ ਟੋਲ ਪਲਾਜਾ ਖਰੜ ਉੱਤੇ ਕਿਸਾਨਾਂ ਦਾ ਤੀਜੇ ਦਿਨ ਵੀ ਧਰਨਾ ਜਾਰੀ ਰਿਹਾ। ਇਕੱਤਰ ਕਿਸਾਨਾਂ ਵਲੋਂ ਖਨੌਰੀ ਵਾਰਡਰ ਉੱਤੇ

ਸ਼ਹੀਦ ਹੋਏ ਨੌਜਵਾਨ ਸ਼ੁਭਕਰਨ ਸਿੰਘ ਦੀ ਮੌਤ ਉੱਤੇ ਰੋਸ ਪ੍ਰਗਟ ਕੀਤਾ ਗਿਆ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਦੇਹਕਲਾ, ਜਨਰਲ ਸਕੱਤਰ ਜਸਪਾਲ ਸਿੰਘ ਨਿਆਮੀਆ,ਗੁਰਮੀਤ ਸਿੰਘ ਖੂਨੀ ਮਾਜਰਾ, ਅਮਨਦੀਪ ਸਿੰਘ ਬਜਹੇੜੀ , ਸੋਨੀ ਰਸਨਹੇੜੀ, ਕੁਲਵੰਤ ਸਿੰਘ ਤ੍ਰਿਪੜੀ,ਅਮਨਦੀਪ ਸਿੰਘ ਖਾਲਸਾ, ਰਣਜੀਤ ਸਿੰਘ ਬਜਹੇੜੀ , ਪਰਮਪ੍ਰੀਤ ਸਿੰਘ ਖਾਨਪੁਰ, ਕੁਲਵੰਤ ਸਿੰਘ ਰੁੜਕੀ , ਸੁੱਚਾ ਸਿੰਘ, ਜੀਤ ਸਿੰਘ ਰੁੜਕੀ , ਰਣਧੀਰ ਸਿੰਘ ਸੰਤੇ ਮਾਜਰਾ, ਲਾਲਾ ਖੂਨੀ ਮਾਜਰਾ, ਜਰਨੈਲ ਸਿੰਘ ਘੰਡੂਆ, ਅਮਰੀਕ ਸਿੰਘ ਸਿੰਬਲ ਮਾਜਰਾ, ਕਮਲ ਭਾਗੋਮਾਜਰਾ, ਜਸਵੀਰ ਸਿੰਘ ਨੱਗਲ , ਰਾਣਾ ਖੂਨੀ ਮਾਜਰਾ, ਕਮਲਦੀਪ ਸਿੰਘ ਸੇਰਗਿੱਲ, ਬਲਵਿੰਦਰ ਸਿੰਘ ਘੰਡੂਆ, ਗੁਰਚਰਨ ਸਿੰਘ ਘੰਡੂਆ,ਹਰਜਿੰਦਰ ਮਸੀਹ,ਰਾਕੇਸ ਕੰਡਾਰਾ,ਰਾਜ ਕੁਮਾਰ ਅਤੇ ਡੀ ਐੱਨ ਸਿੰਘ ਨੇ ਹਰਿਆਣਾ ਸਰਕਾਰ ਵਲੋਂ ਕਿਸਾਨਾਂ ਨੂੰ ਦਿੱਲੀ ਮਾਰਗ ਉੱਤੇ ਜਾਣ ਲਈ ਲਾਂਘਾ ਨਾ ਦਿੱਤੇ ਜਾਣ ਅਤੇ ਕਿਸਾਨਾਂ ਉੱਤੇ ਕੀਤੇ ਜਾ ਰਹੇ ਜਬਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਕਿਸਮ ਦੀ ਦਮਨਕਾਰੀ ਨੀਤੀ ਉਨ੍ਹਾਂ ਨੂੰ ਉਨ੍ਹਾਂ ਦੀਆਂ ਹੱਕੀ ਮੰਗਾਂ ਦੇ ਸੰਘਰਸ਼ ਤੋਂ ਪਿੱਛੇ ਨਹੀਂ ਧੱਕ ਸਕਦੀ। ਸਾਰੇ ਹੀ ਕਿਸਾਨਾਂ ਨੇ ਸੰਯੁਕਤ ਕਿਸਾਨ ਮੋਰਚਾ ਭਾਰਤ ਨਾਲ ਇੱਕ ਜੁੱਟਦਾ ਜਾਹਿਰ ਕਰਦਿਆਂ ਕਿਹਾ ਕਿ ਉਹਨਾਂ ਵਲੋਂ ਅਗਲੇ ਸੰਘਰਸ ਦੇ ਫਰਮਾਨ ਦੀ ਉਡੀਕ ਕੀਤੀ ਜਾ ਰਹੀ ਹੈ।

ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ ਅੱਜ

ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)- ਮਲਟੀਪਰਪਜ਼ ਹੈਲਥ ਇੰਪਲਾਇਜ਼ ਯੂਨੀਅਨ, ਪੰਜਾਬ ਵੱਲੋਂ ਸੂਬਾ ਪ੍ਰਧਾਨ ਕੁਲਬੀਰ ਸਿੰਘ ਮੋਗਾ ਅਤੇ ਸੂਬਾ ਜਰਨਲ ਸਕੱਤਰ ਜਸਵਿੰਦਰ ਸਿੰਘ ਦੀ ਅਗਵਾਈ ਹੇਠ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ 24 ਫਰਵਰੀ ਨੂੰ ਪੰਜਾਬ ਦੇ ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਗਿਆ ਹੈ।ਜਥੇਬੰਦੀ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਦਲਜੀਤ ਸਿੰਘ ਨੇ ਕਿਹਾ ਕਿ ਜਥੇਬੰਦੀ ਵੱਲੋਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਨਾ ਪੂਰਾ ਕਰਨ ਦੇ ਰੋਸ ਵੱਜੋਂ ਸੰਘਰਸ਼ ਦਾ ਬਿਗਲ ਵਜਾ ਦਿੱਤਾ ਗਿਆ ਹੈ ਅਤੇ ਆਉਣ ਵਾਲੀ 24 ਫਰਵਰੀ ਨੂੰ ਸਿਹਤ ਮੰਤਰੀ ਪੰਜਾਬ ਦੀ ਪਟਿਆਲਾ ਵਿਖੇ ਕੋਠੀ ਦਾ ਘਿਰਾਓ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਇਸ ਲਈ ਜ਼ਿਲ੍ਹਾ ਵਾਰ ਤੇ ਬਲਾਕ ਵਾਰ ਆਗੂਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।ਸਿਹਤ ਕਾਮਿਆਂ ਦੀਆਂ ਮੁੱਖ ਮੰਗਾਂ ਵਿੱਚ ਮਲਟੀਪਰਪਜ਼ ਕੇਡਰ ਦਾ ਨਾਂਅ ਬਦਲਣਾ, ਕੱਟੇ ਗਏ ਸਾਰੇ ਭੱਤੇ ਬਹਾਲ ਕਰਨਾ, ਪਦਉਨਤੀਆਂ ਸਮੇਂ ਸਿਰ ਕਰਨਾ, ਬੰਦ ਪਏ ਟ੍ਰੇਨਿੰਗ ਸਕੂਲ ਚਾਲੂ ਕਰਨਾ, ਸੀਨੀਅਰਤਾ ਸੂਚੀਆਂ ਜਾਰੀ ਕਰਨਾ, ਮੇਲ ਨੂੰ ਫੀਮੇਲ ਬਰਾਬਰ ਕੰਮਾਂ ਵਿੱਚ ਭਾਗੀਦਾਰ ਬਣਾਉਣਾ ਸ਼ਾਮਲ ਹਨ।

ਜ਼ਰੂਰਤ ਹੈ ਆਪਣੇ ਰਹਿਬਰਾਂ ਦੀ ਸੋਚ 'ਤੇ ਪਹਿਰਾ ਦੇਣ ਦੀ : ਚੁੰਬਰ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਮਲਕੀਤ ਚੁੰਬਰ ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਨਕੋਦਰ ਦੇ ਸਾਬਕਾ ਪ੍ਰਧਾਨ ਮਲਕੀਤ ਚੁੰਬਰ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਦੀਆਂ ਸਮੂਹ ਸੰਗਤਾਂ ਨੂੰ ਲੱਖ ਲੱਖ ਮੁਬਾਰਕਾਂ ਦਿੰਦੇ ਹੋਏ ਸਤਿ

24-Feb-PAGE-9.qxd 2/23/2024 9:55 PM Page 1

ਕਿਸਾਨ ਜਥੇਬੰਦੀਆਂ ਨੇ ਚੱਕ ਬਾਹਮਣੀਆਂ ਦਾ ਟੋਲ ਪਲਾਜ਼ਾ ਕੀਤਾ ਫਰੀ

ਸ਼ਾਹਕੋਟ (ਗਿਆਨ ਸੈਦਪੁਰੀ)

ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ 'ਤੇ ਦੋਆਬਾ ਤੇ ਮਾਲਵੇ ਦੀਆਂ ਕਿਸਾਨ ਜਥੇਬੰਦੀਆ ਨੇ ਜਲੰਧਰ - ਬਰਨਾਲਾ ਐਨ-ਐਚ.703 ਦੇ ਚੱਕ ਬਾਹਮਣੀਆ ਦੇ ਟੋਲ ਪਲਾਜੇ ਨੂੰ ਫਰੀ ਕੀਤਾ । ਟੋਲ ਪਲਾਜੇ 'ਤੇ ਲਗਾਏ ਧਰਨੇ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਮੋਹਨ ਸਿੰਘ ਬੱਲ ਤੇ ਪ੍ਰੈਸ ਸਕੱਤਰ ਮਨਜੀਤ ਸਿੰਘ ਮਲਸੀਆਂ,ਆਲ ਇੰਡੀਆ ਕਿਸਾਨ ਸਭਾ ਦੇ ਮੀਤ ਪ੍ਰਧਾਨ ਕਾਮਰੇਡ ਸੂਰਤ ਸਿੰਘ ਧਰਮਕੋਟ, ਬੀ.ਕੇ.ਯੂ (ਰਾਜੇਵਾਲ) ਦੇ ਸੁਖਵਿੰਦਰ ਸਿੰਘ ਬ੍ਰਾਹਮਕੇ ,ਬੀਕੇ ਯੂ (ਪੰਜਾਬ) ਦੇ ਸੁੱਖ ਗਿੱਲ,ਆਲ ਇੰਡੀਆ ਫਾਰਮਰ ਐਸੋਸੀਏਸ਼ਨ ਦੇ ਮੇਜਰ ਸਿੰਘ ਦਬੁਰਜੀ,ਬੀਕੇਯੂ(ਕਾਦੀਆਂ), ਜਸਵੰਤ ਸਿੰਘ,ਡਾ. ਗੁਰਚਰਨ ਸਿੰਘ ਦਾਤੇਵਾਲ, ਰਣਜੀਤ ਸਿੰਘ ਜਲਾਲਾਬਾਦ ਅਤੇ ਬੀ.ਕੇ.ਯੂ (ਕਾਦੀਆਂ) ਦੇ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਛਿੰਦੇ ਨੇ ਸੰਬੋਧਨ ਕਰਦਿਆਂ ਕੇਂਦਰ ਦੀ ਮੋਦੀ ਸਰਕਾਰ ਦੀ ਸ਼ਹਿ 'ਤੇ ਹਰਿਆਣਾ ਸਰਕਾਰ ਵੱਲੋਂ ਕਿਸਾਨਾਂ ਉੱਪਰ ਕੀਤੇ ਜਬਰ ਦੀ ਨਿਖੇਧੀ ਕੀਤੀ। ਬੁਲਾਰਿਆਂ ਨੇ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ ਦੀਆ ਮੰਗਾਂ ਮੰਨਣ ਦੀ ਬਾਜਾਏ ਸੰਘਰਸ਼ ਨੂੰ ਜਬਰ ਨਾਲ ਦਬਾਉਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆ ਸਮੂਹ ਜਥੇਬੰਦੀਆਂ ਆਪਸੀ ਏਕੇ ਤੇ ਸ਼ਾਤੀ ਪੂਰਵਕ ਸੰਘਰਸ਼ ਆਪਣੀਆ ਮੰਗਾਂ ਮੰਨੇ ਜਾਣ ਤੱਕ ਜਾਰੀ ਰੱਖਣਗੇ। ਬੀ.ਕੇ.ਯੂ ਰਾਜੇਵਾਲ ਦੇ ਬਲਾਕ ਪ੍ਰਧਾਨ ਬਲਦੇਵ ਜੀਦੜ, ਸੁਖਜਿੰਦਰ ਸਿੰਘ ਕਡਿਆਲ, ਤਹਿਸੀਲ ਪ੍ਰਧਾਨ ਜਸਵਿੰਦਰ ਸਿੰਘ, ਸੂਰਤ ਸਿੰਘ ਬਹਿਰਾਮਕੇ, ਕਿਰਤੀ ਕਿਸਾਨ ਯੂਨੀਅਨ ਦੇ ਕੁਲਜੀਤ ਸਿੰਘ, ਸੀਰਜ ਸਿੰਘ ,ਮੇਜਰ ਸਿੰਘ, ਮੇਹਰ ਸਿੰਘ, ਗੁਰਚਰਨ ਸਿੰਘ,ਅੰਗਰੇਜ ਸਿੰਘ ਅਤੇ ਕੁਲਵਿੰਦਰ ਸਿੰਘ ਕਮਾਲਕੇ ਨੇ ਵੀ ਧਰਨੇ ਨੂੰ ਸੰਬੋਧਨ ਕੀਤਾ।

ਬਲਬੀਰ ਸਿੱਧੂ ਵੱਲੋਂ ਪੁਲਸ ਗੋਲੀ ਨਾਲ ਕਿਸਾਨ ਦੀ ਹੋਈ ਮੌਤ 'ਤੇ ਦੁੱਖ ਪ੍ਰਗਟ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਸੀਨੀਅਰ ਕਾਂਗਰਸੀ ਆਗੂ ਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਸ਼ੰਭੂ ਤੇ ਖਨੌਰੀ ਸਰਹੱਦਾਂ ਉਤੇ ਪੁਲਸ ਗੋਲੀ ਨਾਲ ਇਕ ਕਿਸਾਨ ਦੀ ਹੋਈ ਮੌਤ ਅਤੇ ਸੈਂਕੜਿਆਂ ਦੇ ਜ਼ਖ਼ਮੀ ਹੋਣ ਉਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਹੈ ਕਿ ਪੰਜਾਬ ਸਰਕਾਰ ਅੰਮ੍ਰਿਤਸਰ ਵਿਖੇ 23 ਤੋਂ 29 ਫਰਵਰੀ ਤੱਕ 'ਰੰਗਲਾ ਪੰਜਾਬ' ਦੇ ਨਾਂਅ ਹੇਠ ਕਰਵਾਏ ਜਾ ਰਹੇ ਜਸ਼ਨਾਂ ਦੇ ਪ੍ਰੋਗਰਾਮ ਨੂੰ ਤੁਰੰਤ ਮੁਲਤਵੀ ਕਰੇ। ਸਿੱਧੂ ਨੇ ਕਿਹਾ, "ਇਕ ਪਾਸੇ ਪੰਜਾਬ ਦੇ ਕਿਸਾਨ ਪੁੱਤ ਆਪਣੀਆਂ ਹੱਕੀ ਮੰਗਾਂ ਲਈ ਹਰ ਰੋਜ਼ ਸ਼ਹੀਦੀਆਂ ਪਾ ਰਹੇ ਹਨ ਤੇ ਦੂਜੇ ਪਾਸੇ ਭਗਵੰਤ ਮਾਨ ਸਰਕਾਰ ਗੁਰੂ ਕੀ ਨਗਰੀ ਅੰਮ੍ਰਿਤਸਰ ਵਿਖੇ ਦਸ ਦਿਨ 'ਰੰਗਲਾ ਪੰਜਾਬ' ਦੇ ਨਾਂਅ ਹੇਠ ਨੱਚਣ-ਟੱਪਣ, ਗਾਉਣ-ਵਜਾਉਣ ਤੇ ਖਾਣ-ਪੀਣ ਦੇ ਜਸ਼ਨ ਮਨਾਉਣ ਜਾ ਰਹੀ ਹੈ। ਜਦੋਂ ਪੰਜਾਬ ਵਿਚ ਹਰ ਰੋਜ਼ ਸੱਥਰ ਵਿਛ ਰਹੇ ਹੋਣ, ਪੁਲਸ ਦੀਆਂ ਗੋਲੀਆਂ ਨਾਲ ਸੈਂਕੜੇ ਪੰਜਾਬੀ ਨਕਾਰਾ ਹੋ ਰਹੇ ਹੋਣ ਅਤੇ ਹਰਿਆਣਾ ਪੁਲਸ ਵੱਲੋਂ ਪੰਜਾਬ ਦੀਆਂ ਹੱਦਾਂ ਵਿਚ ਆ ਕੇ ਕਿਸਾਨਾਂ ਉਤੇ ਅੱਥਰੂ ਗੈਸ ਦੇ ਗਲੇ ਦਾਗੇ ਜਾ ਰਹੇ ਹੋਣ ਤਾਂ ਪੰਜਾਬ ਸਰਕਾਰ ਨੂੰ ਗਾਉਣ ਵਜਾਉਣ ਦੇ ਜਸ਼ਨ ਮਨਾਉਣੇ ਉੱਕਾ ਹੀ ਸ਼ੋਭਾ ਨਹੀਂ ਦਿੰਦਾ।" ਕਾਂਗਰਸੀ ਆਗੂ ਨੇ ਕਿਹਾ ਕਿ ਪੰਜਾਬ ਮਹਿਜ਼ ਗਾਉਣ-ਵਜਾਉਣ ਜਾਂ ਨੱਚਣ-ਟੱਪਣ ਦੇ ਪ੍ਰੋਗਰਾਮ ਕਰਵਾ ਕੇ ਰੰਗਲਾ ਨਹੀਂ ਬਣ ਸਕਦਾ ਬਲਕਿ ਇਸ ਨੂੰ ਰੰਗਲਾ ਬਣਾਉਣ ਲਈ ਇਸ ਦੀ ਆਰਥਿਕਤਾ ਦੇ ਧੁਰੇ ਖੇਤੀ ਨੂੰ ਮੁੜ ਤੋਂ ਲਾਹੇਵੰਦਾ ਧੰਦਾ ਨਹੀਂ ਬਣਾਇਆ ਜਾਂਦਾ ਜਿਸ ਲਈ ਪੰਜਾਬ ਦੇ ਕਿਸਾਨ ਲਹੂ ਡੋਲਵਾਂ ਸੰਘਰਸ਼ ਲੜ ਰਹੇ ਹਨ। ਸ਼੍ਰੀ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਪਣੇ ਗੁਆਂਢ ਵਿਚ ਰਹਿੰਦੇ ਹਰਿਆਣੇ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨਾਲ ਮੁਲਾਕਾਤ ਕਰ ਕੇ ਰੋਸ ਪ੍ਰਗਟ ਕਰਨਾ ਚਾਹੀਦਾ ਹੈ ਅਤੇ ਉਸ ਨੂੰ ਰੋਕਾਂ ਹਟਾਉਣ ਲਈ ਕਹਿਣਾ ਚਾਹੀਦਾ ਹੈ ਤਾਂ ਕਿ ਕਿਸਾਨਾਂ ਨੂੰ ਦਿੱਲੀ ਜਾ ਕੇ ਧਰਨਾ ਦੇ ਸਕਣ। ਸਾਬਕਾ ਸਿਹਤ ਮੰਤਰੀ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਆਪਣੇ ਜਸ਼ਨਾਂ ਦੇ ਇਸ ਪ੍ਰੋਗਰਾਮ ਨੂੰ ਉਸ ਸਮੇਂ ਤੱਕ ਮੁਲਤਵੀ ਕਰੇ ਜਦੋਂ ਤੱਕ ਪੰਜਾਬ ਦੇ ਕਿਸਾਨਾਂ ਵੱਲੋਂ ਆਪਣੇ ਹੱਕਾਂ ਲਈ ਲੜਿਆ ਜਾ ਰਿਹਾ ਸ਼ਾਂਤਮਈ ਸੰਘਰਸ਼ ਕਿਸੇ ਤਣ-ਪੱਤਣ ਨਹੀਂ ਲੱਗ ਜਾਂਦਾ।

ਕਿਸਾਨ ਅੰਦੋਲਨ ਨੂੰ ਸਰਕਾਰੀ ਜਬਰ ਨਾਲ ਖਤਮ ਕਰਨ ਵਿਰੁੱਧ ਰਾਸ਼ਟਰਪਤੀ ਨੂੰ ਭੇਜਿਆ ਯਾਦ ਪੱਤਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)

ਕਿਸਾਨ ਜਥੇਬੰਦੀਆਂ ਵੱਲੋਂ ਪਿਛਲੇ ਸਮੇਂ ਚੱਲੇ ਅੰਦੋਲਨ ਦੌਰਾਨ ਕਿਸਾਨੀ ਮੰਗਾਂ ਨੂੰ ਮੁੱਖ ਰੱਖਦੇ ਹੋਏ ਐਮ ਐਸ ਪੀ ਦੀ ਗਰੰਟੀ ਸਮੇਤ ਹੋਰ ਮੰਗਾਂ ਨੂੰ ਕੇਂਦਰ ਦੇ ਨਰਿੰਦਰ ਮੋਦੀ ਸਰਕਾਰ ਵੱਲੋਂ ਪ੍ਰਵਾਨ ਕੀਤਾ ਗਿਆ ਸੀ ਪਰ ਕੇਂਦਰ ਸਰਕਾਰ ਵੱਲੋਂ ਆਪਣੇ ਵਾਅਦੇ ਤੋਂ ਮੁੱਕਰ ਤੇ ਕਿਸਾਨ ਜਥੇਬੰਦੀਆਂ ਬਲੋ ਮੁੜ ਹੱਕਾਂ ਲਈ ਦਿੱਲੀ ਚਲੋ ਦਾ ਪ੍ਰੋਗਰਾਮ ਦਿੱਤਾ ਸੀ ਜਿਸ ਨੂੰ ਕੇਂਦਰ ਸਰਕਾਰ ਦੀ ਸ਼ਹਿ 'ਤੇ ਹਰਿਆਣੇ ਦੀ ਖੱਟੜ ਸਰਕਾਰ ਵੱਲੋਂ ਸੰਭੂ ਅਤੇ ਖਨੌਰੀ ਦੇ ਬਾਰਡਰਾਂ ਤੇ ਜਬਰੀ ਭਾਰੀ ਰੋਕਾਂ ਲਾ ਕੇ ਰੋਕਿਆ ਗਿਆ ਅਤੇ ਕਿਸਾਨਾਂ ਦੇ ਉੱਥੇ ਪਹੁੰਚਣ ਤੇ ਉਨਾਂ ਉੱਪਰ ਅਥਰੂ ਗੈਸ, ਰਬੜ ਦੀਆਂ ਗੋਲੀਆ, ਮਿਰਚਾਂ ਵਾਲੇ ਬੰਬ, ਪਾਣੀ ਦੀਆਂ ਵਿਛਾੜਾਂ ਆਦਿ ਨਾਲ ਇੱਕ ਕਿਸਾਨ ਨੂੰ ਸ਼ਹੀਦ ਕੀਤਾ ਅਤੇ ਅਨੇਕਾਂ ਨੂੰ ਗੰਭੀਰ ਰੂਪ ਜਖਮੀ ਕੀਤਾ ਇਸ ਦੇ ਵਿਰੋਧ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਇੱਕ ਯਾਦ ਪੱਤਰ ਦੇਸ਼ ਦੀ ਰਾਸ਼ਟਰਪਤੀ ਬੀਬੀ ਦਰੋਪਤੀ ਮੁਰਮੂ ਲਈ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਰਾਹੀਂ ਗੁਰਦੀਪ ਸਿੰਘ ਖੁਣ ਖੁਣ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਅਗਵਾਈ ਹੇਠ ਦਿੱਤਾ ਇਸ ਦੀ ਪ੍ਰੈਸ ਨੂੰ ਜਾਣਕਾਰੀ ਗੁਰਨਾਮ ਸਿੰਘ ਸਿੰਗੜੀਵਾਲਾ ਕੇਂਦਰੀ ਵਰਕਿੰਗ ਕਮੇਟੀ ਮੈਂਬਰ ਨੇ ਦਿੱਤੀ ਇਸ ਸਮੇਂ ਖੁਣ ਖੁਣ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਖੇਤੀਬਾੜੀ ਦਾ ਧੰਦਾ ਲਗਾਤਾਰ ਘਾਟੇ ਵੱਲ ਜਾ ਰਿਹਾ ਹੈ ਅਤੇ ਕਿਸਾਨ ਲਗਾਤਾਰ ਕਰਜਾਈ ਹੋ ਰਹੇ ਹਨ ਜਿਸ ਕਾਰਨ ਉਹਨਾਂ ਨੂੰ ਖੁਦਕੁਸ਼ੀਆਂ ਲਈ ਮਜਬੂਰ ਹੋਣਾ ਪੈਂਦਾ ਹੈ ਤੇ ਉਹਨਾਂ ਦੀ ਹਾਲਤ ਸੁਧਾਰਨ ਲਈ ਕਿਸਾਨਾਂ ਦੀਆਂ ਮੰਗਾਂ ਐਮ ਐਸ ਪੀ ਅਤੇ ਸਵਾਮੀਨਾਥਨ ਰਿਪੋਰਟ ਨੂੰ ਤੁਰੰਤ ਲਾਗੂ ਕਰਨ ਲਈ ਦੇਸ ਦੀ ਰਾਸ਼ਟਰਪਤੀ ਬੀਬੀ ਦਰੋਪਤੀ ਮੁਰਮੂ ਵਲੋਂ ਸਰਕਾਰਾਂ ਨੂੰ ਆਦੇਸ਼ ਕਰਨਾ ਚਾਹੀਦਾ ਹੈ ਇਸ ਸਮੇਂ ਸਿੰਗੜੀਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਸ਼ਹਿ ਉੱਤੇ ਹਰਿਆਣੇ ਦੀ ਖੱਟੜ ਸਰਕਾਰ ਵੱਲੋਂ ਭਗਵੰਤ ਮਾਨ ਸਰਕਾਰ ਨਾਲ ਮਿਲ ਕੇ ਜੋ ਜਬਰ ਜੁਲਮ ਕਿਸਾਨਾਂ ਉੱਤੇ ਢਾਹਿਆ ਜਾ ਰਿਹਾ ਹੈ ਇਹ ਬਿਲਕੁਲ ਬੇਬੁਨਿਆਦ ਤੇ ਨਿਖੇਧੀ ਯੋਗ ਹੈ। ਉਨਾਂ ਨੇ ਕਿਹਾ ਕਿ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਅਤੇ ਲਾਗੂ ਕਰਾਉਣ ਲਈ ਕਿਸਾਨਾਂ ਨੂੰ ਮੁੜ ਅੰਦੋਲਨ ਦਾ ਰਾਹ ਚੁਣਨਾ ਪਿਆ ਜਿਸ ਨੂੰ ਸਰਕਾਰਾਂ ਜਬਰ ਜੁਲਮ ਕਰਕੇ ਖਤਮ ਕਰਨਾ ਚਾਹੁੰਦੀਆਂ ਹਨ ਪਰ ਇਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਇਸ ਦਾ ਸਖਤੀ ਨਾਲ ਵਿਰੋਧ ਕੀਤਾ ਜਾਵੇਗਾ। ਇਸ ਸਮੇਂ ਮਾਸਟਰ ਕੁਲਦੀਪ ਸਿੰਘ ਮਸੀਤੀ, ਪਰਮਿੰਦਰ ਸਿੰਘ ਖਾਲਸਾ ਮੁਕੇਰੀਆਂ, ਸਤਵੰਤ ਸਿੰਘ ਮੁਰਾਦਪੁਰ, ਸੁਖਵਿੰਦਰ ਸਿੰਘ ਹੁਸੈਨਪੁਰ, ਕਰਨੈਲ ਸਿੰਘ ਲਵਲੀ, ਸੁਖਦੇਵ ਸਿੰਘ ਕਾਹਰੀ, ਪ੍ਰਿਤਪਾਲ ਸਿੰਘ ਮੁਰਾਦਪੁਰ, ਸੰਤੋਖ ਸਿੰਘ ਡਾਲੋਵਾਲ, ਗੁਰਬਖਸ਼ ਸਿੰਘ ਮਾਨਸਰ, ਸਰਬਜੋਤ ਸਿੰਘ ਸਾਬੀ, ਦਲਜੀਤ ਸਿੰਘ, ਸਤਨਾਮ ਸਿੰਘ ਆਦਿ ਹਾਜਰ ਸਨ।

ਪੀਲੀ ਕੁੰਗੀ ਬਿਮਾਰੀ ਦੇ ਹਮਲੇ ਬਾਰੇ ਨਿਰੰਤਰ ਨਿਰੀਖਣ ਕਰਦੇ ਰਹਿਣ ਕਿਸਾਨ : ਡਾ. ਗੁਰਬਚਨ ਸਿੰਘ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)

ਬਲਾਕ ਸ੍ਰੀ ਅਨੰਦਪੁਰ ਸਾਹਿਬ ਦੇ ਵੱਖ-ਵੱਖ ਪਿੰਡਾਂ ਵਿੱਚ ਕਣਕ ਦੀ ਫਸਲ ਦਾ ਨਿਰੀਖਣ ਕਰਦੇ ਹੋਏ ਡਾ.ਗੁਰਬਚਨ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਰੂਪਨਗਰ ਨੇ ਦੱਸਿਆ ਕਿ ਹੁਣ ਕਣਕ ਦੀ ਫਸਲ ਤੇ ਪੀਲੀ ਕੁੰਗੀ ਬਿਮਾਰੀ ਦਾ ਹਮਲਾ ਵੱਧਣ ਦੀ ਸੰਭਾਵਨਾ ਨੂੰ ਦੇਖਦੇ ਹੋਏ ਕਿਸਾਨਾਂ ਨੂੰ ਆਪਣੇ ਖੇਤਾਂ ਦਾ ਨਿਰੰਤਰ ਨਿਰੀਖਣ ਕਰਦੇ ਰਹਿਣਾ ਚਾਹੀਦਾ ਹੈ। ਪਿੰਡ ਪਚਰੰਡਾਂ ਵਿਖੇ ਕਣਕ ਦੀ ਫਸਲ ਦਾ ਨਿਰੀਖਣ ਕਰਦੇ ਹੋਏ ਡਾ.ਗੁਰਬਚਨ ਸਿੰਘ ਨੇ ਦੱਸਿਆ ਕਿ ਪੀਲੀ ਕੁੰਗੀ ਦੇ ਪ੍ਰਭਾਵ ਕਾਰਨ ਫਸਲ ਪੀਲੀ ਨਜ਼ਰ ਆਉਂਦੀ ਹੈ। ਉਨ੍ਹਾਂ ਦੱਸਿਆ ਕਿ ਇਹ ਬਿਮਾਰੀ ਸਭ ਤੋਂ ਪਹਿਲਾਂ ਹੇਠਲੇ ਪੱਤਿਆਂ ਉੱਪਰ ਧੌੜੀਆਂ ਵਿੱਚ ਖੇਤ ਦੇ ਕਿਨਾਰਿਆਂ ਤੇ ਆਉਂਦੀ ਹੈ, ਜੋ ਪੀਲੇ ਰੰਗ ਦੇ ਪਾਊਡਰੀ ਲੰਮੀਆਂ ਧਾਰੀਆਂ ਦੇ ਰੂਪ ਵਿੱਚ ਧੱਬਿਆਂ ਦੇ ਰੂਪ ਵਿੱਚ ਦਿਖਾਈ ਦਿੰਦੀ ਹੈ,ਜੇਕਰ ਪ੍ਰਭਾਵਿਤ ਪੱਤੇ ਨੂੰ ਦੋ ਉਗਲਾਂ ਵਿੱਚ ਫੜਿਆ ਜਾਵੇ ਤਾਂ ਉਗਲਾਂ ਤੇ ਪੀਲਾ ਪਾਊਡਰ ਲੱਗ ਜਾਵੇ ਤਾਂ ਸਮਝੋ ਇਹੀ ਪੀਲੀ ਕੁੰਗੀ ਹੈ। ਇਸ ਬਿਮਾਰੀ ਦੇ ਵੱਧ ਜਾਣ ਕਾਰਨ ਕਣਕ ਦੇ ਦਾਣੇ ਪਤਲੇ ਪੈ ਜਾਂਦੇ ਹਨ ਅਤੇ ਝਾੜ ਬਹੁਤ ਘੱਟ ਜਾਂਦਾ ਹੈ।

ਇਸ ਲਈ ਕਿਸਾਨਾਂ ਨੂੰ ਚਾਹੀਦਾ ਹੈ ਕਿ ਆਪਣੇ ਖੇਤਾਂ ਦਾ ਲਗਾਤਾਰ ਸਰਵੇਖਣ ਕਰਦੇ ਰਹਿਣ ਅਤੇ ਜਦ ਵੀ ਪੀਲੀ ਕੁੰਗੀ ਦੇ ਹਮਲੇ ਦੇ ਸ਼ੁਰੂਆਤੀ ਲੱਛਣ ਦਿਖਾਈ ਦੇਣ ਤਾਂ ਤੁਰੰਤ 200 ਗ੍ਰਾਮ ਟੈਬੂਕੋਨਾਜ਼ੋਲ 25 ਡਬਲਯੂ ਜੀ ਜਾਂ 120 ਗ੍ਰਾਮ ਟ੍ਰਾਈਫਲੋਕਸੀਸਟ੍ਰੋਬਿਨ+ਟੈਬੂਕੋਨਾਜ਼ੋਲ 75 ਡਬਲਯੂ ਜੀ ਜਾਂ 200 ਮਿਲੀਲਿਟਰ ਪਾਈਰੈਕਲੋਸਟ੍ਰੋਬਿਨ+ ਇਪੋਕਸੀਕੋਨਾਜ਼ੋਲ 18.3 ਐਸ ਈ ਜਾਂ 200 ਮਿਲੀਲਿਟਰ ਐਜ਼ੋਕਸੀਸਟ੍ਰੋਬਿਨ + ਟੈਬੂਕੋਨਾਜ਼ੋਲ 320 ਐਸ ਸੀ) ਜਾਂ 200 ਮਿਲੀਲਿਟਰ ਪ੍ਰੋਪੀਕੋਨਾਜ਼ੋਲ 25 ਈ ਸੀ ਨੂੰ 200 ਲਿਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕੀਤਾ ਜਾਵੇ। ਵਧੇਰੇ ਜਾਣਕਾਰੀ ਲਈ ਕਿਸਾਨ ਆਪਣੇ ਹਲਕੇ ਨਾਲ ਸਬੰਧਿਤ ਖੇਤੀਬਾੜੀ ਅਫਸਰ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਡਾ.ਅਮਰਜੀਤ ਸਿੰਘ ਏ.ਡੀ.ਉ ਅਤੇ ਹਰਪ੍ਰੀਤ ਸਿੰਘ ਏ.ਐਸ.ਆਈ ਹਾਜ਼ਰ ਸਨ।

ਪਾਰਦਰਸ਼ਤਾ ਹੀ 'ਘਰ-ਘਰ ਮੁਫਤ ਰਾਸ਼ਨ' ਸਕੀਮ ਦੀ ਮੁੱਖ ਵਿਸ਼ੇਸ਼ਤਾ : ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ,(ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਸ਼ੁਰੂ ਕੀਤੀ ਗਈ 'ਘਰ-ਘਰ ਮੁਫਤ ਰਾਸ਼ਨ ਯੋਜਨਾ' ਤੋਂ ਝਲਕਦੀ ਪਾਰਦਰਸ਼ਤਾ ਹੀ ਇਸ ਦੀ ਮੁੱਖ ਵਿਸ਼ੇਸ਼ਤਾ ਹੈ। ਸਕੀਮ ਤਹਿਤ ਪੈਕ ਕੀਤੀ ਕਣਕ/ਆਟਾ ਨੈਸ਼ਨਲ ਫੂਡ ਸਕਿਓਰਿਟੀ ਐਕਟ, 2013 ਦੇ ਤਹਿਤ ਲਾਭਪਾਤਰੀਆਂ ਨੂੰ ਮਾਡਲ ਫੇਅਰ ਪ੍ਰਾਈਸ ਸ਼ਾਪ (ਵਾਜਿਬ ਮੁੱਲ ਦੀਆਂ ਦੁਕਾਨਾਂ) ਰਾਹੀਂ ਪਾਰਦਰਸ਼ੀ ਢੰਗ ਨਾਲ ਲੋਕਾਂ ਦੇ ਘਰੋ-ਘਰੀ ਪਹੁੰਚਾਇਆ ਜਾ ਰਿਹਾ ਹੈ।ਇਹ ਗੱਲ ਇਥੇ ਅਨਾਜ ਭਵਨ ਵਿਖੇ ਇਸ ਯੋਜਨਾ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਸਬੰਧੀ ਮੀਟਿੰਗ ਦੌਰਾਨ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਜ਼ੋਰ ਦੇ ਕੇ ਆਖੀ। ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਸਕੀਮ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਜ਼ਮੀਨੀ ਪੱਧਰ ਤੋਂ ਫੀਡਬੈਕ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਮੌਕੇ ਮੰਤਰੀ ਨੂੰ ਜਾਣੂੰ ਕਰਵਾਇਆ ਗਿਆ ਕਿ ਸੂਬੇ ਭਰ 'ਚ ਕੁੱਲ 627 ਮਾਡਲ ਫੇਅਰ ਪ੍ਰਾਈਸ ਸ਼ਾਪਸ ਚੱਲ ਰਹੀਆਂ ਹਨ ਅਤੇ ਹੁਣ ਤੱਕ ਇਨ੍ਹਾਂ ਨਾਲ ਜੁੜੇ ਲਾਭਪਾਤਰੀ ਪਰਿਵਾਰਾਂ ਦੀ ਗਿਣਤੀ 6.36 ਲੱਖ ਤੋਂ ਟੱਪ ਗਈ ਹੈ। ਮੰਤਰੀ ਨੂੰ ਇਹ ਵੀ ਦੱਸਿਆ ਗਿਆ ਕਿ ਇਸ ਸਮੇਂ ਵੰਡ ਦੇ ਕੰਮ ਵਿੱਚ ਜਲੰਧਰ ਜ਼ਿਲ੍ਹਾ ਮੋਹਰੀ ਹੈ।ਸੂਬੇ ਵਿੱਚ ਕਣਕ ਵੰਡਣ ਦੀ ਗਤੀ ਵਿੱਚ ਹੋਰ ਤੇਜ਼ੀ ਲਿਆਉਣ ਲਈ ਵਿਭਾਗ ਵੱਲੋਂ 2000 ਹੋਰ ਈ-ਪੀਓਐਸ ਮਸ਼ੀਨਾਂ ਖਰੀਦੀਆਂ ਗਈਆਂ ਹਨ ਅਤੇ ਇਸ ਸਾਲ 31 ਮਾਰਚ ਤੱਕ ਵੰਡ ਨੂੰ ਪੂਰਾ ਕਰਨ ਦਾ ਟੀਚਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਭਾਗ ਦੇ ਡਾਇਰੈਕਟਰ ਪੁਨੀਤ ਗੋਇਲ ਅਤੇ ਵਧੀਕ ਡਾਇਰੈਕਟਰ ਡਾ. ਅੰਜੁਮਨ ਭਾਸਕਰ ਵੀ ਮੌਜੂਦ ਸਨ।

ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਸੀਨੀਅਰਾਂ ਨੂੰ ਵਿਦਾਇਗੀ ਪਾਰਟੀ

ਸੁਲਤਾਨਪੁਰ ਲੋਧੀ, (ਹਨੀ)

ਅਕਾਲ ਗਲੈਕਸੀ ਕਾਨਵੈਂਟ ਸਕੂਲ ਵਿਖੇ ਪ੍ਰਿੰਸੀਪਲ ਮੋਨਾ ਘਈ ਦੀ ਅਗਵਾਈ ਵਿੱਚ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਰਾਹੀਂ

24-FEB-PAGE-10.qxd 2/23/2024 9:59 PM Page 1

ਕਿਸਾਨਾਂ 'ਤੇ ਤਸ਼ੱਦਦ ਵਿਰੁੱਧ ਜਲ ਸਪਲਾਈ ਵਰਕਰਾਂ ਵੱਲੋਂ ਅਰਥੀ ਫੂਕ ਪ੍ਰਦਰਸ਼ਨ

ਜਲਾਲਾਬਾਦ (ਜੀਤ ਕੁਮਾਰ)

ਆਪਣੀਆਂ ਮੰਗਾਂ ਨੂੰ ਲੈ ਕੇ ਪੁਰਅਮਨ ਢੰਗ ਨਾਲ ਪ੍ਰਦਰਸ਼ਨ ਕਰਨ ਲਈ ਦਿੱਲੀ ਵੱਲ ਜਾ ਰਹੇ ਕਿਸਾਨਾਂ 'ਤੇ ਅਣਮਨੁੱਖੀ ਤਸ਼ਦੱਦ ਢਾਹੁਣ ਦੇ ਰੋਸ ਵਜੋਂ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ. 31) ਦੀ ਬ੍ਰਾਂਚ ਜਲਾਲਾਬਾਦ ਵੱਲੋਂ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਦੀ ਅਗਵਾਈ ਹੇਠ ਇਥੇ ਸ਼ਹੀਦ ਊਧਮ ਸਿੰਘ ਪਾਰਕ 'ਚ ਇਕੱਠ ਕਰਨ ਉਪਰੰਤ ਸ੍ਰੀ ਮੁਕਤਸਰ ਸਾਹਿਬ ਸਰਕੂਲਰ ਰੋਡ 'ਤੇ ਕੇਂਦਰ ਦੀ ਸੱਤਾ 'ਤੇ ਬਿਰਾਜ਼ਮਾਨ ਮੋਦੀ ਸਰਕਾਰ ਤੇ ਹਰਿਆਣਾ ਸੂਬੇ ਦੀ ਖੱਟਰ ਸਰਕਾਰ ਖਿਲਾਫ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਜ਼ਿਲ੍ਹਾ ਜਨਰਲ ਸਕੱਤਰ ਬਲਵਿੰਦਰ ਸਿੰਘ ਨੂਰ ਸਮੰਦ, ਜ਼ਿਲ੍ਹਾ ਸਲਾਹਕਾਰ ਜਸਵਿੰਦਰ ਸਿੰਘ ਚੱਕ ਜਾਨੀਸਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨਾਂ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲਾਗੂ ਕਰਵਾਉਣ ਲਈ ਸੰਵਿਧਾਨਕ ਜਮਹੂਰੀ ਹੱਕ ਤਹਿਤ ਕੀਤੇ ਜਾ ਰਹੇ ਸ਼ਾਂਤਮਈ ਸੰਘਰਸ਼ ਨੂੰ ਕੁਚਲਣ ਦੀ ਨੀਅਤ ਨਾਲ ਕੇਂਦਰ ਦੀ ਫਾਸ਼ੀਵਾਦੀ ਮੋਦੀ ਸਰਕਾਰ ਦੇ ਇਸ਼ਾਰਿਆਂ 'ਤੇ ਹਰਿਆਣੇ ਦੀ 'ਖੱਟਰ ਸਰਕਾਰ' ਵੱਲੋਂ ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ ਬੈਰੀਗੇਟ ਤੇ ਕੰਡਿਆਲੀ ਤਾਰਾਂ ਲਾ ਕੇ ਸੰਘਰਸ਼ਸ਼ੀਲ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕ ਕੇ ਅੱਥਰੂ ਗੈਸ ਛੱਡਣ ਸਮੇਤ ਹੋਰ ਤਰ੍ਹਾਂ-ਤਰ੍ਹਾਂ ਦੇ ਹੱਥਕੰਡੇ ਅਪਣਾ ਕੇ ਕਿਸਾਨਾਂ 'ਤੇ ਕੀਤੇ ਜਾ ਰਹੇ ਅੰਨ੍ਹੇਵਾਹ ਅਨ-ਮਨੁੱਖੀ ਜਬਰ ਤੇ ਮਨੁੱਖੀ ਅਧਿਕਾਰਾਂ ਨੂੰ ਕੁਚਲਦੇ ਹੋਏ ਸਿੱਧੀ ਗੋਲੀਬਾਰੀ ਕਰਕੇ ਕਿਸਾਨਾਂ ਨੂੰ ਜ਼ਖ਼ਮੀ ਕਰਨ ਤੇ ਪਿੰਡ ਬੱਲੋ ਜ਼ਿਲ੍ਹਾ ਬਠਿੰਡਾ ਦੇ ਨੌਜਵਾਨ ਸ਼ੁਭਕਰਨ ਸਿੰਘ ਦਾ ਕਤਲ ਕਰਨ ਦੇ ਵਿਰੋਧ ਵਿੱਚ ਇਥੇ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ. 31) ਵੱਲੋਂ ਕੇਂਦਰ ਦੀ ਮੋਦੀ ਸਰਕਾਰ ਤੇ ਹਰਿਆਣਾ ਦੀ ਖੱਟਰ ਸਰਕਾਰ ਦੀ ਅਰਥੀ ਫੂਕੀ ਗਈ ਅਤੇ ਕਿਸਾਨ ਦੇ ਕਤਲ ਦੇ ਜ਼ਿੰਮੇਵਾਰ ਸਮੂਹ ਅਧਿਕਾਰੀਆਂ ਸਮੇਤ ਸਮੂਹ ਦੋਸ਼ੀਆਂ 'ਤੇ ਕੇਸ ਦਰਜ ਕਰਕੇ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕੀਤੀ ਗਈ ਤੇ ਪੁਲਸ ਦੇ ਜਬਰ ਨਾਲ ਸੰਘਰਸ਼ਾਂ ਨੂੰ ਕੁਚਲਣ ਦੀ ਥਾਂ ਕਿਸਾਨਾਂ-ਮਜ਼ਦੂਰਾਂ ਦੀਆਂ ਸਮੂਹ ਮੰਗਾਂ ਨੂੰ ਪ੍ਰਵਾਨ ਕਰਨ ਦੀ ਮੰਗ ਕੀਤੀ ਗਈ।

ਮੰਗਾਂ ਨਾ ਪੂਰੀਆਂ ਹੋਣ ਦੇ ਰੋਸ ਵਜੋਂ ਸਿਹਤ ਕਾਮਿਆਂ ਵਜਾਇਆ ਸੰਘਰਸ਼ ਦਾ ਬਿਗੁਲ

■ ਅੱਜ ਕਰਨਗੇ ਸਿਹਤ ਮੰਤਰੀ ਦੀ ਕੋਠੀ ਦੇ ਘਿਰਾਓ

ਤਲਵੰਡੀ ਸਾਬੋ (ਜਗਦੀਪ ਗਿੱਲ)-ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਿਹਤ ਮੰਤਰੀ ਦੀ ਕੋਠੀ ਦੇ ਘਿਰਾਓ ਦਾ ਐਲਾਨ ਕੀਤਾ ਹੋਇਆ ਹੈ। ਇਸ ਸਬੰਧੀ ਬਲਾਕ ਤਲਵੰਡੀ ਸਾਬੋ ਦੇ ਪ੍ਰਧਾਨ ਰਾਜੇਸ਼ ਕੁਮਾਰ ਮੌੜ ਤੇ ਜਨਰਲ ਸਕੱਤਰ ਭੁਪਿੰਦਰਪਾਲ ਕੌਰ ਦੀ ਅਗਵਾਈ ਹੇਠ ਜਥੇਬੰਦੀ ਦੀ ਭਰਵੀਂ ਮੀਟਿੰਗ ਕੀਤੀ ਗਈ। ਬਲਾਕ ਪ੍ਰਧਾਨ ਰਾਜੇਸ਼ ਕੁਮਾਰ ਨੇ ਦੱਸਿਆ ਕਿ 24 ਫਰਵਰੀ ਨੂੰ ਸਿਹਤ ਮੰਤਰੀ ਦੀ ਪਟਿਆਲਾ ਕੋਠੀ ਦੇ ਕੀਤੇ ਜਾ ਰਹੇ ਘਿਰਾਓ ਨੂੰ ਲੈ ਕੇ ਬਲਾਕ ਪੱਧਰੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਪੰਜਾਬ ਨੂੰ ਇਸ ਸਬੰਧੀ ਮੰਗ ਪੱਤਰ ਦਿੱਤਾ ਗਿਆ ਸੀ। ਜਥੇਬੰਦੀ ਵੱਲੋਂ ਡਾਇਰੈਕਟਰ ਸਿਹਤ, ਸਿਹਤ ਮੰਤਰੀ ਪੰਜਾਬ ਤੇ ਮੁੱਖ ਮੰਤਰੀ ਪੰਜਾਬ ਨੂੰ ਕਈ ਵਾਰ ਮੰਗ ਪੱਤਰ ਦੇਣ ਤੋਂ ਇਲਾਵਾ ਸਿਹਤ ਮੰਤਰੀ ਦੇ ਦਫਤਰੀ ਸਕੱਤਰ ਨੂੰ ਯਾਦ ਪੱਤਰ ਦਿੱਤਾ ਜਾ ਚੁੱਕਾ ਹੈ, ਪ੍ਰੰਤੂ ਹਾਲੇ ਤੱਕ ਵਿਭਾਗ ਵੱਲੋਂ ਮੰਗਾਂ ਨੂੰ ਲੈ ਕੇ ਕੋਈ ਗੰਭੀਰਤਾ ਨਹੀਂ ਦਿਖਾਈ ਗਈ, ਜਿਸਦੇ ਰੋਸ ਵਜੋਂ ਜਥੇਬੰਦੀ ਪਟਿਆਲਾ ਵਿਖੇ ਸਿਹਤ ਮੰਤਰੀ ਪੰਜਾਬ ਦੀ ਕੋਠੀ ਦਾ ਘਿਰਾਓ ਕਰਕੇ ਧਰਨਾ ਦੇਵੇਗੀ। ਜਿਸ ਵਿੱਚ ਜਿੱਥੇ ਸੂਬੇ ਭਰ ਤੋਂ ਸਿਹਤ ਕਾਮੇ ਹਾਜ਼ਰੀ ਭਰਨਗੇ, ਉਥੇ ਹੀ ਮਾਲਵਾ ਜ਼ੋਨ ਤੇ ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਗਗਨਦੀਪ ਸਿੰਘ ਭੁੱਲਰ ਦੀ ਅਗਵਾਈ ਹੇਠ ਬਲਾਕ ਤਲਵੰਡੀ ਸਾਬੋ ਤੋਂ ਵੀ ਵੱਡੀ ਗਿਣਤੀ 'ਚ ਸਿਹਤ ਕਰਮਚਾਰੀ ਸ਼ਮੂਲੀਅਤ ਕਰਨਗੇ। ਇਸ ਮੌਕੇ ਅਮਨਦੀਪ ਸਿੰਘ ਗਿਆਨਾ, ਗੁਰਸੇਵਕ ਕਲੇਰ, ਕੁਲਦੀਪ ਸਿੰਘ ਸੰਗਤ, ਬਲਜੀਤ ਘੁੰਮਣ, ਪਰਮਜੀਤ ਕੌਰ, ਰਾਜਵਿੰਦਰ ਕੌਰ, ਸਰਿੰਦਰ ਕੌਰ, ਹਰਵਿੰਦਰ ਸਿੰਘ ਗਹਿਰੀ, ਬਲਵਿੰਦਰ ਸਿੰਘ, ਨਿਰਮਲਜੀਤ ਸਿੰਘ, ਨਿਰਮਲ ਸਿੰਘ ਫਾਰਮਾਸਿਸਟ, ਪਾਲ ਸਿੰਘ, ਰਕੇਸ਼ ਕੁਮਾਰ, ਧਰਮਿੰਦਰ ਕੁਮਾਰ, ਸ਼ਿਵਚਰਨ ਸਿੰਘ, ਬੰਤ ਸਿੰਘ ਐੱਸ ਆਈ, ਕਰਮਜੀਤ ਸਿੰਘ ਐੱਸ ਆਈ, ਕੁਲਦੀਪ ਕੁਮਾਰ, ਭਰਪੂਰ ਸਿੰਘ, ਜਗਸੀਰ ਸਿੰਘ ਲੇਲੇਵਾਲਾ ਆਦਿ ਮੌਜੂਦ ਸਨ।

ਸਰਹੱਦ 'ਤੇ ਬੀ ਐੱਸ ਐੱਫ ਨੇ ਡੇਗਿਆ ਪਾਕਿ ਡਰੋਨ, ਅੱਧਾ ਕਿਲੋਗ੍ਰਾਮ ਹੈਰੋਇਨ ਬਰਾਮਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਰਹੱਦ 'ਤੇ ਤਾਇਨਾਤ ਬੀ ਐੱਸ ਐੱਫ ਦੀ 160 ਬਟਾਲੀਅਨ ਵੱਲੋਂ ਸਰਹੱਦ 'ਤੇ ਪਾਕਿਸਤਾਨੀ ਡਰੋਨ ਨੂੰ ਡੇਗਣ ਵਿੱਚ ਸਫਲਤਾ ਹਾਸਲ ਕੀਤੀ ਹੈ। ਸਰਚ ਅਪ੍ਰੇਸ਼ਨ ਦੌਰਾਨ ਬੀ ਐੱਸ ਐੱਫ ਨੇ ਸਰਹੱਦੀ ਛਾਂਗਾਰਾਏ ਹਿਠਾੜ ਵਿਖੇ ਕਣਕ ਦੇ ਖੇਤ ਵਿੱਚ ਪਾਕਿਸਤਾਨੀ ਡਰੋਨ ਤੇ ਹੈਰੋਇਨ ਬਰਾਮਦ ਕਰ ਲਿਆ ਹੈ।ਬੀ ਐੱਸ ਐੱਫ ਦੇ ਪਬਲਿਕ ਰਿਲੇਸ਼ਨ ਅਫਸਰ ਅਨੁਸਾਰ ਚੌਕ ਪੋਸਟ ਬਹਾਦਰ ਦੇ ਏਰੀਏ ਅੰਦਰ ਸਰਹੱਦ 'ਤੇ ਬੀਤੀ ਰਾਤ 9.30 ਵਜੇ ਦੇ ਕਰੀਬ ਪਾਕਿਸਤਾਨ ਡਰੋਨ ਦੀ ਹਲਚਲ 'ਤੇ ਅਵਾਜ਼ ਸੁਣੀ। ਸਰਹੱਦ 'ਤੇ ਤਾਇਨਾਤ ਬੀ ਐੱਸ ਐੱਫ ਦੇ ਮੁਸ਼ਤੈਦ ਜਵਾਨਾਂ ਨੇ ਰੌਸ਼ਨੀ ਵਾਲਾ ਇਲੂ ਬੰਬ ਸੁੱਟਦਿਆਂ ਡਰੋਨ 'ਤੇ ਫਾਇਰਿੰਗ ਕਰਦਿਆਂ ਡਰੋਨ ਨੂੰ ਘੇਰਾ ਪਾ ਕੇ ਉਸ ਨੂੰ ਡੇਗ ਲਿਆ। ਉਸ ਤੋਂ ਬਾਅਦ ਬੀ ਐੱਸ ਐੱਫ ਤੇ ਖੁਫੀਆ ਏਜੰਸੀਆਂ ਵੱਲੋਂ ਸਵੇਰੇ ਤੜਕਸਾਰ ਚਲਾਏ ਗਏ ਸਰਚ ਅਪ੍ਰੇਸ਼ਨ ਦੌਰਾਨ ਸਰਹੱਦ 'ਤੇ ਲੱਗੀ ਕੰਡਿਆਲੀ ਤਾਰ ਤੋਂ ਪਿੱਛੇ ਭਾਰਤੀ ਖੇਤਰ ਵਿੱਚ ਪਿੰਡ ਛਾਂਗਾ ਰਾਏ ਹਿਠਾੜ ਵਿਖੇ ਇੱਕ ਕਣਕ ਦੇ ਖੇਤ ਵਿੱਚੋਂ ਪਾਕਿਸਤਾਨੀ ਡਰੋਨ ਬਰਾਮਦ ਕਰ ਲਿਆ, ਨਾਲ ਹੀ ਰਾਤ ਦੇ ਸੰਕੇਤ ਲਈ ਚਮਕਦਾਰ ਚਿਪਕਣ ਵਾਲੀ ਪੀਲੀ ਟੇਪ ਨਾਲ ਲਪੇਟਿਆ ਇੱਕ ਪੈਕਟ ਵੀ ਬਰਾਮਦ ਕੀਤਾ ਗਿਆ। ਇਸ ਹੈਰੋਇਨ ਦਾ ਕੁੱਲ ਵਜ਼ਨ ਅੱਧਾ ਕਿਲੋਗ੍ਰਾਮ ਦੱਸਿਆ ਗਿਆ।

ਸੁਖਬੀਰ ਬਾਦਲ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ

ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)-ਸਾਬਕਾ ਉੱਪ ਮੁੱਖ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਪ੍ਰਧਾਨ ਸੁਖਬੀਰ ਬਾਦਲ ਨੇ ਹਲਕਾ ਲੰਬੀ ਦੇ ਪਿੰਡਾਂ ਦਾ ਦੌਰਾ ਕੀਤਾ। ਉਨ੍ਹਾ ਹਲਕੇ ਦੇ ਪਿੰਡ ਕੱਖਾਂਵਾਲੀ, ਰੋੜਾਂਵਾਲੀ, ਤਰਮਾਲਾ, ਫਤਿਹਪੁਰ ਮਨੀਆਂਵਾਲਾ, ਦਿਉਣ ਖੇੜਾ, ਤੱਪਾਖੇੜਾ, ਵਣਵਾਲਾ ਆਦਿ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨੂੰ ਸੰਬੋਧਨ ਕੀਤਾ। ਉਨ੍ਹਾ ਪੰਜਾਬ ਦੀ ਆਪ ਪਾਰਟੀ ਦੀ ਸਰਕਾਰ ਦੇ ਸ਼ਬਦੀ ਹਮਲੇ ਕਰਦੇ ਕਿਹਾ ਕਿ ਇਨ੍ਹਾਂ ਨੇ ਝੂਠ ਮਾਰ ਕੇ ਸਰਕਾਰ ਬਣਾ ਲਈ, ਪ੍ਰੰਤੂ ਹੁਣ ਹਰ ਵਰਗ ਇਨ੍ਹਾਂ ਤੋਂ ਪ੍ਰੇਸ਼ਾਨ ਹੈ। ਉਨ੍ਹਾਂ ਵੱਡੇ ਬਾਦਲ ਸਾਹਿਬ ਨੂੰ ਯਾਦ ਕਰਦੇ ਕਿਹਾ ਕਿ ਉਹ ਮੁੱਖ ਮੰਤਰੀ ਹੋਣ ਦੇ ਬਾਵਜੂਦ ਸਮਾਂ ਕੱਢ ਕੇ ਹਮੇਸ਼ਾਂ ਤੁਹਾਡੇ ਵਿੱਚ ਵਿਚਰਦੇ ਸਨ। ਉਨ੍ਹਾ ਕਿਹਾ ਕਿ ਵੱਡੇ ਬਾਦਲ ਸਾਹਿਬ ਦੀ ਪਹਿਲੀ ਬਰਸ਼ੀ 10 ਤਾਰੀਕ ਨੂੰ ਮਨਾਈ ਜਾਵੇਗੀ। ਇਸ ਮੌਕੇ ਉਨ੍ਹਾਂ ਨੇ ਪਿੰਡ ਭੀਟੀਵਾਲਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਸਾਨੀ ਅੰਦੋਲਨ ਵਿੱਚ ਮਾਰੇ ਗਏ ਨੌਜਵਾਨ ਦੀ ਮੌਤ 'ਤੇ ਦੁੱਖ ਪ੍ਰਗਟ ਕਰਦੇ ਕਿਹਾ ਕਿ ਸੰਘਰਸ਼ ਕਰਨਾ ਸਭ ਦਾ ਅਧਿਕਾਰ ਹੈ, ਕੇਂਦਰ ਨੂੰ ਕਿਸਾਨੀ ਮੰਗਾਂ 'ਤੇ ਵਿਚਾਰ ਕਰਨ ਦੀ ਅਪੀਲ ਕੀਤੀ। ਉਨ੍ਹਾ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ 22 ਫਸਲਾਂ 'ਤੇ ਐੱਮ.ਐੱਸ.ਪੀ. ਦਿੱਤੀ ਜਾਵੇਗੀ। ਪੰਜਾਬ ਸਰਕਾਰ 22 ਫਸਲਾਂ 'ਤੇ ਐੱਮ.ਐੱਸ.ਪੀ. ਲਾਗੂ ਕਰੇ, ਉਹ ਇਸ ਦਾ ਸਵਾਗਤ ਕਰਨਗੇ। ਪੰਜਾਬ ਸਰਕਾਰ ਸੈਸ਼ਨ ਵਿੱਚ ਇਹ ਐਕਟ ਪਾਸ ਕਰੇ ਸਾਡੇ ਅਕਾਲੀ ਦਲ ਦੇ ਵਿਧਾਇਕ ਇਸ ਦਾ ਸਮੱਰਥਨ ਕਰਨਗੇ।

ਈ ਟੀ ਟੀ ਟੀਚਰਜ਼ ਯੂਨੀਅਨ ਵੱਲੋਂ ਭਲਕ ਦੀ ਸੰਗਰੂਰ ਰੈਲੀ ਸੰਬੰਧੀ ਚਰਚਾ

ਜਲਾਲਾਬਾਦ (ਜੀਤ ਕੁਮਾਰ)-ਪੁਰਾਣੀ ਪੈਂਨਸ਼ਨ ਬਹਾਲੀ ਸਾਂਝਾ ਮੋਰਚਾ ਜ਼ਿਲ੍ਹਾ ਫਾਜ਼ਿਲਕਾ/ਜਲਾਲਾਬਾਦ ਵੱਲੋਂ 25 ਫਰਵਰੀ ਨੂੰ ਕੀਤੀ ਜਾ ਰਹੀ ਸੰਗਰੂਰ ਰੈਲੀ ਦੀ ਤਿਆਰੀ ਲਈ ਈ.ਟੀ.ਟੀ. ਟੀਚਰਜ਼ ਯੂਨੀਅਨ ਜ਼ਿਲ੍ਹਾ ਫਾਜ਼ਿਲਕਾ ਦੀ ਅਹਿਮ ਮੀਟਿੰਗ ਬੀ.ਆਰ.ਸੀ. ਜਲਾਲਾਬਾਦ ਵਿਖੇ ਹੋਈ, ਜਿਸ 'ਚ ਵੱਡੀ ਗਿਣਤੀ ਵਿੱਚ ਪਹੁੰਚੇ ਅਧਿਆਪਕਾਂ ਨੇ ਅਹਿਮ ਵਿਚਾਰ ਚਰਚਾ ਕੀਤੀ। ਮੀਟਿੰਗ ਦੀ ਅਗਵਾਈ ਗੁਰਮੀਤ ਸਿੰਘ ਢਾਬਾਂ, ਅਮਰਜੀਤ ਸਿੰਘ ਬਿੱਟੂ, ਸ਼ਿੰਦਰ ਸਿੰਘ ਲਾਧੂ ਕਾ ਸ਼ਗਨ ਸਿੰਘ ਨੇ ਚਲਾਈ ਤੇ ਕਿਹਾ ਕਿ ਫਾਜ਼ਿਲਕਾ ਤੇ ਜਲਾਲਾਬਾਦ ਤੋਂ ਵੱਡੀ ਗਿਣਤੀ ਵਿੱਚ ਸੰਗਰੂਰ ਰੈਲੀ ਵਿੱਚ ਅਧਿਆਪਕ ਸਾਥੀ ਸ਼ਾਮਲ ਹੋਣਗੇ। ਮੀਟਿੰਗ ਵਿੱਚ ਹਾਜ਼ਰ ਸਾਥੀਆਂ ਵਿੱਚ ਸੰਗਰੂਰ ਰੈਲੀ ਵਿੱਚ ਸ਼ਾਮਲ ਹੋਣ ਲਈ ਪੂਰਾ ਜੋਸ਼ ਸੀ, ਜਿਸ 'ਤੇ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੋਰਚਾ ਪੰਜਾਬ ਵੱਲੋਂ ਬੁਲਾਈ ਗਈ ਮੀਟਿੰਗ ਵਿੱਚ ਪਹੁੰਚੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਈਟੀਟੀ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਢਾਬਾਂ, ਮਾਲਵਾ ਜ਼ੋਨ ਦੇ ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ ਬਿੱਟੂ, ਅਸ਼ੋਕ ਸਰਾਰੀ, ਸੀਨੀਅਰ ਅਡਵਾਈਜ਼ਰ ਗੁਰਦਿੱਤ ਸਿੰਘ, ਜ਼ਿਲ੍ਹਾ ਪ੍ਰਧਾਨ ਸੁਨੀਲ ਕੁਮਾਰ ਗਾਬਾ, ਜਨਰਲ ਸਕੱਤਰ ਕੁਮਾਰ ਦੁਸ਼ਯੰਤ, ਜ਼ਿਲ੍ਹਾ ਸਰਪ੍ਰਸਤ ਸੁਰਜੀਤ ਸਿੰਘ, ਤਹਿਸੀਲ ਪ੍ਰਧਾਨ ਸ਼ਗਨ ਸਿੰਘ, ਜਨਰਲ ਸਕੱਤਰ ਸੁਰਜੀਤ ਸਿੰਘ ਪਾਲੀ ਵਾਲੇ, ਜੋਗਿੰਦਰ ਸਿੰਘ ਘੁਬਾਇਆ, ਜੱਜ ਸਿੰਘ, ਦਵਿੰਦਰ ਸਿੰਘ ਬੇਦੀ, ਕੈਪਟਨ ਸਿੰਘ, ਸ਼ਿੰਦਰ ਸਿੰਘ, ਸੁਰਿੰਦਰ ਸਾਮਾ, ਗੁਰਪ੍ਰੀਤ ਸਿੰਘ ਸੰਧੂ, ਰਜਨੀਸ਼ ਕੁਮਾਰ ਆਦਿ ਹਾਜ਼ਰ ਸਨ।

ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਟੂਰਨਾਮੈਂਟ ਸਮੇਂ ਦੀ ਲੋੜ : ਕਾਕਾ ਰਣਦੀਪ ਸਿੰਘ

■ ਐੱਸ ਡੀ ਐੱਮ ਨੇ ਕਰਵਾਈ ਹਾਕੀ ਟੂਰਨਾਮੈਂਟ ਦੀ ਸ਼ੁਰੂਆਤ

ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)-ਸਵ. ਸ੍ਰੀ ਫੂਲ ਚੰਦ ਬਾਂਸਲ ਦੀ ਯਾਦ ਵਿੱਚ ਐੱਨ ਆਰ ਆਈ ਸਪੋਰਟਸ ਕਲੱਬ ਅਮਲੋਹ ਵੱਲੋਂ ਚਾਰ ਦਿਨਾ 13ਵਾਂ ਆਲ ਇੰਡੀਆ ਹਾਕੀ ਟੂਰਨਾਮੈਂਟ ਦੀ ਸ਼ੁਰੂਆਤ ਐੱਸ ਡੀ ਐੱਮ ਗੁਰਵਿੰਦਰ ਸਿੰਘ ਜੌਹਲ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਮਲੋਹ ਦੇ ਗਰਾਊਂਡ ਵਿੱਚ ਕਰਵਾਈ ਗਈ, ਉਥੇ ਹੀ ਕਲੱਬ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਕਾਕਾ ਰਣਦੀਪ ਸਿੰਘ ਨਾਭਾ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਵੱਲੋਂ ਖਿਡਾਰੀਆਂ ਦਾ ਹੌਸਲਾ ਵਧਾਇਆ ਗਿਆ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਐੱਨ ਆਰ ਆਈ ਸਪੋਰਟਸ ਕਲੱਬ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦਾ ਉਪਰਾਲਾ ਸ਼ਲਾਘਾਯੋਗ ਹੈ, ਕਿਉਂਕਿ ਇਨ੍ਹਾਂ ਟੂਰਨਾਮੈਂਟਾਂ ਵਿੱਚੋਂ ਹੀ ਚੰਗੇ ਖਿਡਾਰੀ ਪੈਦਾ ਹੁੰਦੇ ਹਨ, ਜਿਹੜੇ ਕਿ ਅੱਗੇ ਜਾ ਕੇ ਆਪਣੇ ਇਲਾਕੇ ਤੇ ਸੂਬੇ ਦਾ ਨਾਮ ਰੌਸ਼ਨ ਕਰਦੇ ਹਨ। ਉਨ੍ਹਾ ਹੋਰਨਾਂ ਕਲੱਬਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੇ ਟੂਰਨਾਮੈਂਟ ਕਰਵਾਉਣ ਨੂੰ ਪਹਿਲ ਜ਼ਰੂਰ ਕਰਨ।

ਇਸ ਮੌਕੇ ਕਲੱਬ ਦੇ ਪ੍ਰਧਾਨ ਸਿੰਦਰਮੋਹਨ ਪੂਰੀ ਤੇ ਅਹੁਦੇਦਾਰਾਂ ਨੇ ਦੱਸਿਆ ਕਿ ਫਾਈਨਲ ਮੁਕਾਬਲੇ 25 ਫਰਵਰੀ ਨੂੰ ਹੋਣਗੇ ਪਹਿਲਾਂ ਇਨਾਮ ਲੜਕੇ 71 ਹਜ਼ਾਰ, ਦੂਸਰਾ 41 ਹਜ਼ਾਰ, ਲੜਕੀਆਂ ਮੁਕਾਬਲੇ 'ਚ ਪਹਿਲਾਂ 31 ਹਜ਼ਾਰ ਤੇ ਦੂਸਰਾ 21 ਹਜ਼ਾਰ ਰੁਪਏ ਦੀ ਰਾਸ਼ੀ ਅਤੇ ਕੱਪ ਨਾਲ ਸਨਮਾਨਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਨਾਮਾਂ ਦੀ ਵੰਡ ਐੱਨ ਆਰ ਆਈ ਗੁਰਜੀਤ ਸਿੰਘ ਰੂਬੀ ਖਨਿਆਣ, ਉੱਘੇ ਉਦਯੋਗਪਤੀ ਪ੍ਰਦੀਪ ਬਾਂਸਲ, ਐੱਨ ਆਰ ਆਈ ਪਰਮਿੰਦਰ ਸਿੰਘ ਜੰਜੂਆ ਕਰਨਗੇ। ਇਸ ਮੌਕੇ ਬਲਾਕ ਕਾਂਗਰਸ ਕਮੇਟੀ ਅਮਲੋਹ ਦੇ ਪ੍ਰਧਾਨ ਜਗਬੀਰ ਸਿੰਘ ਸਲਾਣਾ, ਪ੍ਰਧਾਨ ਸਿਕੰਦਰਮੋਹਨ ਪੁਰੀ, ਜਸਪਾਲ ਸਿੰਘ ਸੇਵਾ ਮੁਕਤ ਤਹਿਸੀਲਦਾਰ, ਪ੍ਰਿੰਸੀਪਲ ਇਕਬਾਲ ਸਿੰਘ, ਪਰਮਿ

24-FEB-PAGE-11.qxd 2/23/2024 9:55 PM Page 1

ਸੰਯੁਕਤ ਕਿਸਾਨ ਮੋਰਚੇ ਨੇ ਪਠਾਨਕੋਟ ਵਿਖੇ ਕਾਲਾ ਦਿਵਸ ਮਨਾਇਆ

ਪਠਾਨਕੋਟ (ਦਵਿੰਦਰ ਸਿੰਘ)-ਜ਼ਿਲ੍ਹਾ ਪਠਾਨਕੋਟ ਵਿਖੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਕਿਸਾਨ ਸ਼ੁਭਕਰਨ ਦੀ ਸ਼ਹਾਦਤ ਦੇ ਰੋਸ ਵਜੋਂ ਕਾਲਾ ਦਿਵਸ ਮਨਾਇਆ ਗਿਆ।ਕਿਸਾਨ ਮਾਰਚ ਕਰਦੇ ਹੋਏ ਡਿਪਟੀ ਕਮਿਸ਼ਨਰ ਦੇ ਦਫ਼ਤਰ ਸ਼ਾਹਮਣੇ ਪਹੁੰਚੇ ਅਤੇ ਅਮਿਤ ਸ਼ਾਹ, ਮੁੱਖ ਮੰਤਰੀ ਮਨੋਹਰ ਲਾਲ ਖਟਰ ਅਤੇ ਅਨਿਲ ਵਿੱਜ ਦੇ ਪੁਤਲੇ ਫੂਕੇ ਜਿਸ ਦੀ ਅਗਵਾਈ ਬਲਦੇਵ ਰਾਜ, ਪ੍ਰੇਮ ਸਿੰਘ ਭੋਆ, ਕੇਵਲ ਸਿੰਘ ਕੰਗ, ਮੁਖਤਿਆਰ ਸਿੰਘ, ਸੱਤਿਆ ਦੇਵ ਸੈਣੀ ਤੇ ਏ. ਐੱਸ. ਗੁਲਾਟੀ ਨੇ ਕੀਤੀ।ਇਸ ਰੈਲੀ ਨੂੰ ਬਲਵੰਤ ਸਿੰਘ ਘੋਹ, ਕੇਵਲ ਕਾਲੀਆ, ਹਰਬੰਸ ਲਾਲ, ਬਲਬੀਰ ਚੰਦ, ਵਿਜੇ ਕੁਮਾਰ, ਬੋਧ ਰਾਜ, ਸੋਹਣ ਲਾਲ, ਗੁਰਬਾਜ ਸਿੰਘ, ਲੰਬੜਦਾਰ ਭਗਵਾਨਸਰ, ਬਲਵਿੰਦਰ ਸਿੰਘ, ਬੱਬੀ ਸਰਨਾ, ਕੁਲਜੀਤ ਸਿੰਘ, ਉਤਮ ਚੰਦ ਅਤੇ ਗੁਰਬਚਨ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਸ਼ੁਭਕਰਨ ਦੀ ਸ਼ਹਾਦਤ ਨੂੰ ਪ੍ਰਣਾਮ ਕਰਦਾ ਹੈ।ਉਨ੍ਹਾਂ ਕਿਹਾ ਕਿ ਹਰਿਆਣਾ ਦੀ ਪੁਲਸ ਨੇ ਪੰਜਾਬ ਦੇ ਇਲਾਕੇ ਵਿੱਚ ਦਾਖਲ ਹੋ ਕੇ ਗੋਲੀ ਚਲਾਈ ਹੈ।ਇਸ ਲਈ 302 ਦਾ ਪਰਚਾ ਦਰਜ ਕੀਤਾ ਜਾਵੇ। ਉਨ੍ਹਾਂ ਨੇ ਮੰਗ ਕੀਤੀ ਕਿ ਸ਼ੁਭਕਰਨ ਦੇ ਪਰਿਵਾਰ ਨੂੰ ਇਕ ਕਰੋੜ ਦੀ ਮੁਆਵਜ਼ਾ ਰਾਸ਼ੀ ਦਿੱਤੀ ਜਾਵੇ।ਪਰਿਵਾਰ ਦੇ ਇਕ ਜੀ ਨੂੰ ਨੌਕਰੀ ਦਿਤੀ ਜਾਵੇ।ਉਨ੍ਹਾਂ ਨੇ ਦੱਸਿਆ ਕਿ 26 ਫਰਵਰੀ ਨੂੰ ਟ੍ਰੈਕਟਰ ਮਾਰਚ ਕੀਤਾ ਜਾਵੇਗਾ।14 ਮਾਰਚ ਨੂੰ ਦਿੱਲੀ ਮਹਾਂ ਪੰਚਾਇਤ ਵਿੱਚ ਪਠਾਨਕੋਟ ਤੋਂ ਵੱਡਾ ਜਥਾ ਜਾਵੇਗਾ।

ਸੰਘਰਸ਼ੀ ਕਿਸਾਨਾਂ 'ਤੇ ਜਬਰ ਸਹਿਣ ਨਹੀਂ ਕੀਤਾ ਜਾਵੇਗਾ : ਬੇਦੀ , ਬਲਜਿੰਦਰ ਕੌਰ

ਤਰਨ ਤਾਰਨ (ਨਜ਼ਸ)—ਕੇਂਦਰ ਦੀ ਮੋਦੀ ਸਰਕਾਰ ਅਤੇ ਹਰਿਆਣਾ ਦੀ ਖੱਟੜ ਸਰਕਾਰ ਵੱਲੋਂ ਸੰਘਰਸ਼ ਕਰ ਰਹੇ ਕਿਸਾਨਾਂ 'ਤੇ ਜਬਰ ਢਾਹੁਣ ਖਿਲਾਫ਼ 10 ਕੇਂਦਰੀ ਟਰੇਡ ਯੂਨੀਅਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਦੇਸ਼ ਵਿਆਪੀ ਸੱਦੇ 'ਤੇ ਅੱਜ ਸਥਾਨਿਕ ਪਾਵਰਕੌਮ ਸਰਕਲ ਦਫ਼ਤਰ ਦੇ ਗੇਟ 'ਤੇ ਇਕੱਤਰ ਹੋ ਕੇ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਅਤੇ ਪਾਵਰਕਾਮ/ਟਰਾਂਸਕੋ ਪੈਨਸ਼ਨ ਯੂਨੀਅਨ ਦੇ ਵਰਕਰਾਂ ਤੇ ਪੈਨਸ਼ਨਰਾਂ ਨੇ ਨਰਿੰਦਰ ਬੇਦੀ ਤੇ ਬਲਜਿੰਦਰ ਕੌਰ ਦੀ ਅਗਵਾਈ ਵਿੱਚ ਹਰਿਆਣਾ ਸਰਕਾਰ ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ।ਸੰਘਰਸ਼ ਕਰ ਰਹੇ ਵਰਕਰਾਂ ਨੇ ਗੋਲੀ ਨਾਲ ਸ਼ਹੀਦ ਕੀਤੇ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਨੂੰ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਮੋਦੀ ਸਰਕਾਰ ਹਰ ਹੱਕ ਸੱਚ ਦੇ ਸੰਘਰਸ਼ ਨੂੰ ਲਾਠੀ ਗੋਲੀ ਨਾਲ ਕੁਚਲਣ ਦੀ ਕੋਸ਼ਿਸ਼ ਕਰਦੀ ਹੈ।ਉਨ੍ਹਾਂ ਕਿਹਾ ਮੌਜੂਦਾ ਕਿਸਾਨ ਸੰਘਰਸ਼ ਨੂੰ ਵੀ ਸੰਜੀਦਾ ਤਰੀਕੇ ਨਾਲ ਲੈਣ ਦੀ ਬਜਾਏ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਮੁੱਖ ਮੰਤਰੀ ਹਰਿਆਣਾ ਤੇ ਗ੍ਰਹਿ ਮੰਤਰੀ ਹਰਿਆਣਾ ਨੇ ਜਬਰ ਜ਼ੁਲਮ ਦਾ ਰਾਹ ਫੜਿਆ ਹੈ, ਜਿਸਦੀ ਜ਼ੋਰਦਾਰ ਨਿੰਦਾ ਕਰਦੇ ਹਾਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ, ਬਲਜਿੰਦਰ ਸਿੰਘ ਸਮੇਤ ਕਈ ਕਰਮਚਾਰੀ ਹਾਜ਼ਰ ਸਨ।

ਕਿਸਾਨਾਂ 'ਤੇ ਜਬਰ-ਜ਼ੁਲਮ ਢਾਹੁਣ ਵਾਲਿਆਂ ਖ਼ਿਲਾਫ਼ ਕਾਰਵਾਈ ਦੀ ਮੰਗ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਅੱਜ ਗੁਰਦਾਸਪੁਰ ਜ਼ਿਲ੍ਹੇ ਅੰਦਰ ਕਿਸਾਨਾਂ, ਮਜ਼ਦੂਰਾਂ, ਵਿਦਿਆਰਥੀਆਂ, ਮੁਲਾਜ਼ਮਾਂ ਨੇ ਕੇਂਦਰ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਖ਼ਿਲਾਫ਼ ਵੱਖ ਵੱਖ ਥਾਵਾਂ ਤੇ ਹਰਿਆਣਾ ਸਰਕਾਰ ਅਤੇ ਮੋਦੀ ਸਰਕਾਰ ਦੇ ਪੁਤਲੇ ਸਾੜਕੇ ਰੋਸ ਪ੍ਰਗਟ ਕੀਤਾ ਗਿਆ। ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਵੱਖ-ਵੱਖ ਆਗੂਆਂ ਨੇ ਸੁਖਦੇਵ ਸਿੰਘ ਭਾਗੋਕਾਵਾਂ, ਤਰਲੋਕ ਸਿੰਘ ਬਹਿਰਾਮਪੁਰ, ਕਪੂਰ ਸਿੰਘ ਘੁੰਮਣ, ਬਲਵੀਰ ਸਿੰਘ ਪੀਰਾਂਬਾਗ, ਰੂਪ ਸਿੰਘ ਪੱਡਾ, ਜੋਗਿੰਦਰ ਪਾਲ ਪਨਿਆੜ, ਧਿਆਨ ਸਿੰਘ ਠਾਕੁਰ ਦੀ ਅਗਵਾਈ ਹੇਠ ਕਾਲਾ ਦਿਵਸ ਮਨਾਉਂਦਿਆਂ ਇੱਕ ਰੋਸ ਰੈਲੀ ਕੀਤੀ ਜਿਸਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕੇਂਦਰ ਸਰਕਾਰ ਅਤੇ ਹਰਿਆਣਾ ਸਰਕਾਰ ਵੱਲੋਂ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਉਪਰ ਜ਼ਬਰ ਜ਼ੁਲਮ ਦੀਆਂ ਹੱਦਾਂ ਪਾਰ ਕਰ ਕੇ ਗੋਲੀਆਂ ਮਾਰਨ, ਟਰੈਕਟਰ ਤੇ ਹੋਰ ਵਾਹਨਾਂ ਦਾ ਨੁਕਸਾਨ ਕਰਨ ਦੀ ਪੁਰਜ਼ੋਰ ਨਿੰਦਾ ਕੀਤੀ। ਇਸ ਮੌਕੇ ਹਰਿਆਣਾ ਪੁਲਿਸ ਹੱਥੋਂ ਸ਼ਹੀਦ ਹੋਏ ਕਿਸਾਨ ਸੁਭਕਰਣ ਦੇ ਕਾਤਲਾਂ ਨੂੰ ਸਜ਼ਾ ਦਿਵਾਉਣ, ਹਰਿਆਣਾ ਦੇ ਮੁੱਖ ਮੰਤਰੀ, ਗ੍ਰਹਿ ਮੰਤਰੀ ਵਿਰੁੱਧ ਕਤਲ ਕੇਸ ਦਾ ਪਰਚਾ ਦਰਜ਼ ਕਰਨ ਅਤੇ ਸ਼ਹੀਦ ਕਿਸਾਨ ਦੇ ਵਾਰਸਾਂ ਨੂੰ ਢੁਕਵਾਂ ਮੁਆਵਜ਼ਾ ਦੇਣ ਦੀ ਮੰਗ ਕੀਤੀ ਗਈ। ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਨੂੰ ਲਾਗੂ ਕਰਨ ਲਈ 26 ਫਰਵਰੀ ਨੂੰ ਨੈਸ਼ਨਲ ਹਾਈਵੇ ਉਪਰ ਟਰੈਕਟਰ ਪ੍ਰਦਰਸ਼ਨ ਕਰਨ ਲਈ ਸਮੂਹ ਲੋਕਾਂ ਨੂੰ ਵੱਧ ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੱਤਾ।ਆਗੂਆਂ ਹਰਿਆਣਾ ਸਰਕਾਰ ਵੱਲੋਂ ਕਿਸਾਨਾਂ ਉਪਰ ਐਨ ਐਸ ਏ ਲਗਾਉਣ ਦੀਆਂ ਧਮਕੀਆਂ ਦਾ ਸਖ਼ਤ ਨੋਟਿਸ ਲਿਆ ਹੈ।ਇਸ ਮੌਕੇ ਅਮਰਜੀਤ ਸ਼ਾਸਤਰੀ ਮੁਖਤਿਆਰ ਸਿੰਘ ਮੱਲੀਆਂ, ਅਜੀਤ ਸਿੰਘ ਹੁੰਦਲ,ਸਤਿੰਦਰ ਸਿੰਘ ਕਾਹਲੋਂ,ਅਮਰ ਕ੍ਰਾਂਤੀ, ਅਵਿਨਾਸ਼ ਸਿੰਘ, ਜੋਗਿੰਦਰ ਪਾਲ ਘੁਰਾਲਾ, ਬਲਵੀਰ ਸਿੰਘ ਬਿੱਲਾ, ਬਲਪ੍ਰੀਤ ਸਿੰਘ ਘੁਰਾਲਾ ਗੁਰਵਿੰਦਰ ਸਿੰਘ ਹਰਪ੍ਰੀਤ ਸਿੰਘ ਗੋਨਿਆਣਾ, ਬਲਜਿੰਦਰ ਸਿੰਘ, ਅਮਰਜੀਤ ਸਿੰਘ, ਲਖਵਿੰਦਰ ਸਿੰਘ, ਮਨਜੀਤ ਸਿੰਘ, ਸੁਨੀਲ ਕੁਮਾਰ ਹਾਜ਼ਰ ਸਨ।

ਨਾਬਾਲਗ ਲੜਕੀ ਨੂੰ ਉਧਾਲਣ ਵਾਲੇ ਨੌਜਵਾਨ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਦੀਨਾਨਗਰ ਪੁਲਸ ਨੇ ਨਾਬਾਲਗ ਲੜਕੀ ਨੂੰ ਵਰਗਲਾ ਕੇ ਲਿਜਾਣ ਵਾਲੇ ਨੌਜਵਾਨ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਦੀਨਾਨਗਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਲੜਕੀ ਦੀ ਮਾਤਾ ਵਾਸੀ ਅੱਬਲਖੈਰ ਨੇ ਦੱਸਿਆ ਕਿ ਮੇਰੀ ਲੜਕੀ ਜਿਸ ਦੀ ਉਮਰ ਕਰੀਬ 14/15 ਸਾਲ ਹੈ, ਸਰਕਾਰੀ ਸੈਕੰਡਰੀ ਸਕੂਲ ਲੜਕੀਆਂ ਗੁਰਦਾਸਪੁਰ ਵਿਖੇ ਪੜ੍ਹਦੀ ਹੈ ਜੋ 20 ਫਰਵਰੀ ਨੂੰ ਘਰੋਂ ਪੇਪਰ ਦੇਣ ਸਕੂਲ ਗਈ ਪਰ ਸਕੂਲ ਨਾ ਪੁੱਜਣ ਕਰਕੇ ਸਕੂਲ ਤੋਂ ਫੋਨ ਆਇਆ ਕਿ ਤੁਹਾਡੀ ਲੜਕੀ ਵਰਸ਼ਾ ਸਕੂਲ ਨਹੀ ਆਈ ਹੈ। ਮੇਰੇ ਪਰਿਵਾਰ ਵਲੋਂ ਭਾਲ ਕਰਨ 'ਤੇ ਪਤਾ ਲੱਗਾ ਹੈ ਕਿ ਲੜਕੀ ਨੂੰ ਨੌਜਵਾਨ ਅੰਕੁਸ਼ ਅੰਕੂ ਵਿਆਹ ਕਰਵਾਉਣ ਦਾ ਝਾਂਸਾ ਦੇ ਕੇ ਵਰਗਲਾ ਫੁਸਲਾ ਕੇ ਭਜਾ ਕੇ ਕਿਧਰੇ ਲੈ ਗਿਆ ਹੈ। ਥਾਣਾ ਦੀਨਾਨਗਰ ਪੁਲਸ ਨੇ ਨੌਜਵਾਨ ਅੰਕੁਸ਼ ਅੰਕੂ ਖ਼ਿਲਾਫ਼ ਜ਼ੇਰੇ ਧਾਰਾ 363, 366 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

ਕਿਸਾਨਾਂ ਨੇ ਮੋਦੀ, ਸ਼ਾਹ, ਖੱਟਰ ਤੇ ਵਿੱਜ ਦਾ ਪੁਤਲਾ ਫੂਕਿਆ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)— ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਪਰ ਫਤਿਹਪੁਰ ਰਾਜਪੂਤਾਂ ਵਿਖੇ ਕੁੱਲ ਹਿੰਦ ਕਿਸਾਨ ਸਭਾ ਅਤੇ ਸਬਜ਼ੀ ਉਤਪਾਦਿਕ ਕਿਸਾਨ ਜਥੇਬੰਦੀ ਵੱਲੋਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ, ਹਰਿਅਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਅਤੇ ਹਰਿਅਣਾ ਦੇ ਗ੍ਰਹਿ ਮੰਤਰੀ ਅਨਿਲ ਵਿੱਜ ਦਾ ਪੁਤਲਾ ਫੂਕਿਆ ਗਿਆ।ਹਰਿਅਣਾ ਸਰਕਾਰ ਵਲੋਂ ਕੀਤੇ ਗਏ ਤਸ਼ੱਦਦ ਅਤੇ ਇੱਕ ਨੌਜਵਾਨ ਦੀ ਸ਼ਹਾਦਤ ਦੀ ਜ਼ੋਰਦਾਰ ਨਿਖੇਧੀ ਕੀਤੀ।ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕਣ ਨੂੰ ਜਮਹੂਰੀਅਤ ਦਾ ਕਤਲ ਦੱਸਿਆ।ਇਸ ਸਮੇਂ ਹੋਰਨਾਂ ਤੋਂ ਇਲਾਵਾ ਗੁਰਮੇਜ ਸਿੰਘ ਮੱਖਣਵਿੰਡੀ, ਕਰਨੈਲ ਸਿੰਘ ਨਵਾਂ ਪਿੰਡ, ਧਰਮਿੰਦਰ ਸਿੰਘ ਕਿਲਾ, ਹਰਜੀਤ ਸਿੰਘ ਨਿਜ਼ਾਮਪੁਰ, ਜਸਵਿੰਦਰ ਸਿੰਘ ਨਬੀਪੁਰ, ਮਹਿਲ ਸਿੰਘ, ਪ੍ਰਤਾਪ ਸਿੰਘ ਛਾਪਾ, ਬਿਕਰਮਜੀਤ ਸਿੰਘ, ਮੰਗਲ ਸਿੰਘ ਫਤਿਹਪੁਰ ਰਾਜਪੂਤਾਂ ਅਤੇ ਭੁਪਿੰਦਰ ਸਿੰਘ ਜੌਹਲ ਆਦਿ ਹਾਜ਼ਰ ਸਨ।

ਭਾਰਤੀ ਕਿਸਾਨ ਯੂਨੀਅਨ ਚੜੂਨੀ ਵੱਲੋਂ ਨੈਸ਼ਨਲ ਹਾਈਵੇਅ 'ਤੇ ਧਰਨਾ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਭਾਰਤੀ ਕਿਸਾਨ ਯੂਨੀਅਨ ਚੜੂਨੀ ਦੇ ਪੰਜਾਬ ਯੂਥ ਪ੍ਰਧਾਨ ਇੰਦਰਪਾਲ ਸਿੰਘ ਬੈਂਸ ਦੀ ਪ੍ਰਧਾਨਗੀ ਹੇਠ ਬਬਰੀ ਬਾਈਪਾਸ ਗੁਰਦਾਸਪੁਰ ਨੇੜੇ ਜੰਮੂ-ਅੰਮ੍ਰਿਤਸਰ ਨੈਸ਼ਨਲ ਹਾਈਵੇਅ ਜਾਮ ਕਰਕੇ ਧਰਨਾ ਲਗਾਇਆ ਗਿਆ ।ਇਹ ਧਰਨਾ ਕਿਸਾਨੀ ਮੰਗਾਂ ਨੂੰ ਲੈ ਕੇ ਸ਼ੰਭੂ ਬਾਰਡਰ 'ਤੇ ਅੰਦੋਲਨ ਕਰ ਰਹੇ ਕਿਸਾਨਾਂ 'ਤੇ ਹੋ ਰਹੇ ਅੱਤਿਆਚਾਰਾਂ ਅਤੇ ਇਸ ਦੌਰਾਨ ਕਿਸਾਨਾਂ ਦੀ ਹੋਈ ਮੌਤ ਦੇ ਵਿਰੋਧ 'ਚ ਲਗਾਇਆ ਗਿਆ।ਇਸ ਮੌਕੇ ਨੈਸ਼ਨਲ ਹਾਈਵੇਅ ਜਾਮ ਕਰਕੇ ਕੇਂਦਰ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਵੀ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਪ੍ਰਧਾਨ ਗੁਰਕੀਰਤ ਸਿੰਘ ਗਜਨੀਪੁਰ ਤੇ ਜਨਰਲ ਸੈਕਟਰੀ ਲਵਪ੍ਰੀਤ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਕਹਿਣ 'ਤੇ ਹਰਿਆਣਾ ਪੁਲਸ ਕਿਸਾਨਾਂ 'ਤੇ ਅੱਥਰੂ ਗੈਸ ਦੇ ਗੋਲੇ ਛੱਡ ਰਹੀ ਹੈ ਅਤੇ ਸਿੱਧੀਆਂ ਗੋਲੀਆਂ ਚਲਾ ਰਹੀ ਹੈ।ਉਨ੍ਹਾਂ ਮੰਗ ਕੀਤੀ ਹੈ ਕਿ ਇਸ ਅੰਦੋਲਨ ਵਿਚ ਮਰਨ ਵਾਲੇ ਕਿਸਾਨਾਂ ਨੂੰ ਇਨਸਾਫ਼ ਦਿਵਾਇਆ ਜਾਵੇ ਅਤੇ ਹਰਿਆਣਾ ਦੇ ਪੁਲਸ ਅਧਿਕਾਰੀ ਵੱਲੋਂ ਗੋਲੀ ਮਾਰਨ ਵਾਲੇ ਨੌਜਵਾਨ ਦੇ ਖਿਲਾਫ਼ ਕਤਲ ਦਾ ਮਾਮਲਾ ਦਰਜ ਕੀਤਾ ਜਾਵੇ। ਕੇਂਦਰ ਸਰਕਾਰ ਸਾਰੀਆਂ ਮੰਗਾਂ ਮੰਨੇ।

ਜੁਗਾੜੂ ਵਾਹਨ ਉਡਾ ਰਹੇ ਨੇ ਸ਼ਰੇਆਮ ਟਰੈਫ਼ਿਕ ਨਿਯਮਾਂ ਦੀਆਂ ਧੱਜੀਆਂ

ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ ਸ਼ਹਿਰ ਅੰਦਰ ਜੁਗਾੜੂ ਵਾਹਨ ਟਰੈਫ਼ਿਕ ਨਿਯਮਾਂ ਦੀਆਂ ਸ਼ਰੇਆਮ ਧੱਜੀਆਂ ਉਡਾਉਂਦੇ ਦੇਖੇ ਜਾ ਰਹੇ ਹਨ। ਜਾਣਕਾਰੀ ਅਨੁਸਾਰ ਕੁਝ ਲੋਕਾਂ ਦੁਆਰਾ ਆਪਣੇ ਪੱਧਰ 'ਤੇ ਤਿਆਰ ਕਰਵਾਏ ਗਏ ਜੁਗਾੜੂ ਵਾਹਨਾਂ ਦੀ ਕੋਈ ਵੀ ਰਜਿਸਟਰੇਸ਼ਨ ਅਤੇ ਨਾ ਹੀ ਕੋਈ ਰੂਲ ਮੁਤਾਬਿਕ ਢਾਂਚਾ ਤਿਆਰ ਕੀਤਾ ਜਾਂਦਾ ਹੈ। ਇਹ ਜੁਗਾੜੂ ਵਾਹਨ ਸੜਕਾਂ 'ਤੇ ਚਲਦੇ ਸਮੇਂ ਅਕਸਰ ਹੀ ਹਾਦਸਿਆਂ ਦਾ ਕਾਰਨ ਬਣਦੇ ਆ ਰਹੇ ਹਨ। ਇਨ੍ਹਾਂ ਜਗਾੜੂ ਵਾਹਨਾਂ 'ਤੇ ਸਰੀਆ, ਸੀਮੈਂਟ, ਰੇਤਾ ਤੋਂ ਇਲਾਵਾ ਹੋਰ ਵੀ ਕਾਫ਼ੀ ਸਾਰੇ ਸਮਾਨ ਦੀ ਢੋਆ ਢੁਆਈ ਜਿੱਥੇ ਹੁੰਦੀ ਹੈ ਉਥੇ ਹੀ ਕਈ ਵਾਰ ਸਵਾਰੀਆਂ ਦੀ ਇਨ੍ਹਾਂ ਜਗਾੜੂ ਵਾਹਨਾਂ 'ਤੇ ਬੈਠੀਆਂ ਆਉਂਦੀਆਂ-ਜਾਂਦੀਆਂ ਦਿਖਾਈ ਦਿੰਦੀਆਂ ਹਨ। ਸ਼ਹਿਰ ਵਾਸੀਆਂ ਨੇ ਜ਼ਿਲ੍ਹਾ ਪੁਲਿਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਸੁਰੱਖਿਆ ਦੇ ਮੱਦੇਨਜ਼ਰ ਇਨ੍ਹਾਂ ਜਗਾੜੂ ਵਾਹਨ ਚਾਲਕਾਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ ਤਾਂ ਜੋ ਕੋਈ ਸੜਕੀ ਦੁਰਘਟਨਾ ਕਾਰਨ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।

ਆਰਮੀ ਭਰਤੀ ਬੋਰਡ ਨੇ ਅਗਨੀਵੀਰ ਭਰਤੀ ਦਾ ਨਤੀਜਾ ਐਲਾਨਿਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਭਾਰਤੀ ਫ਼ੌਜ ਵੱਲੋਂ ਅਕਤੂਬਰ 2023 ਵਿੱਚ ਤਿੱਬੜੀ ਮਿਲਟਰੀ ਸਟੇਸ਼ਨ ਵਿਖੇ ਕੀਤੀ ਗਈ ਅਗਨੀਵੀਰ ਭਰਤੀ ਦਾ ਨਤੀਜਾ 22 ਫਰਵਰੀ 2024 ਨੂੰ ਐਲਾਨ ਦਿੱਤਾ ਗਿਆ ਹੈ। ਇਸ ਭਰਤੀ ਰੈਲੀ ਵਿੱਚ ਗੁਰਦਾਸਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਦੇ ਨੌਜਵਾਨਾਂ ਨੇ ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਟੈਕਨੀਕਲ ਅਤੇ ਅਗਨੀਵੀਰ ਟਰੇਡਸਮੈਨ ਵਿੱਚ ਭਾਗ ਲਿਆ ਸੀ। ਆਰਮੀ ਭਰਤੀ ਬੋਰਡ ਅੰਮ੍ਰਿਤਸਰ ਦੇ ਅਧਿਕਾਰੀ ਨੇ ਭਰਤੀ ਰੈਲੀ ਵਿੱਚ ਹਿੱਸਾ ਲੈਣ ਵਾਲੇ ਉਮੀਦਵਾਰਾਂ ਨੂੰ ਸੂਚਿਤ ਕੀਤਾ ਹੈ ਕਿ ਉਹ ਭਾਰਤੀ ਫ਼ੌਜ ਦੀ ਵੈੱਬਸਾਈਟ www.joinindianarmy.nic.in ਉਪਰ ਭਰਤੀ ਦਾ ਨਤੀਜਾ ਦੇਖ ਸਕਦੇ ਹਨ। ਉਨ੍ਹਾਂ ਕਿ ਸਫਲ ਰਹਿਣ ਵਾਲੇ ਉਮੀਦਵਾਰ 28 ਫਰਵਰੀ 2024 ਨੂੰ ਸਵੇਰੇ 9:00 ਵਜੇ ਆਰਮੀ ਭਰਤੀ ਬੋਰਡ ਦੇ ਅੰਮ੍ਰਿਤਸਰ ਸਥਿਤ ਦਫ਼ਤਰ ਵਿਖੇ ਅਗਲੇਰੀ ਕਾਰਵਾਈ ਲਈ ਰਿਪੋਰਟ ਕਰਨ।

ਬਲੱਬ ਡੋਨਰਜ਼ ਸੁਸਾਇਟੀ ਤੇ ਜ਼ਿਲਾ ਬਾਰ ਐਸੋਸੀਏਸ਼ਨ ਨੇ ਖ਼ੂਨਦਾਨ ਕੈਂਪ ਲਗਾਇਆ

ਗੁਰਦਾਸਪੁਰ (ਦਿਨੇਸ਼ ਕੁਮਾਰ)-ਬਲੱਡ ਡੋਨਰਜ਼ ਸੁਸਾਇਟੀ (ਰਜਿ:) ਗੁਰਦਾਸਪੁਰ ਅਤੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਗੁਰਦਾਸਪੁਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲਗਾਇਆ ਖ਼ੂਨਦਾਨ ਅਤੇ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ ਜਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਸਮੇਤ 175 ਲੋਕਾਂ ਨੇ ਖ਼ੂਨਦਾਨ ਕੀਤਾ।ਕੈਂਪ ਦਾ ਉਦਘਾਟਨ ਕਰਦਿਆਂ ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਰਜਿੰਦਰ ਅਗਰਵਾਲ ਨੇ ਆਖਿਆ ਕਿ ਮਾਨਵਤਾ ਦੀ ਭਲਾਈ ਲਈ ਕੀਤਾ ਜਾਣ ਵਾਲਾ ਇਹ ਸਭ ਤੋਂ ਉੱਤਮ ਕਾਰਜ ਹੈ।ਇਸ ਮੌਕੇ ਵੱਖ-ਵੱਖ ਹਸਪਤਾਲਾਂ ਵੱਲੋਂ ਮੈਡੀਕਲ ਕੈਂਪ ਜਿਵੇ

24-FEB-PAGE-12.qxd 2/23/2024 9:54 PM Page 1

ਨਿਰਾਸ਼ ਮੁਲਾਜ਼ਮ ਕਰਨਗੇ ਭਲਕੇ ਨੂੰ ਮਹਾਂਰੈਲੀ : ਵਾਲੀਆ, ਦਿਲਬਾਗ

ਜਲੰਧਰ:(ਰਾਜੇਸ਼ ਥਾਪਾ) ਪੁਰਾਣੀ ਪੈਨਸ਼ਨ ਬਹਾਲੀ ਲਈ ਪੰਜਾਬ 'ਚ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਮੁਲਾਜ਼ਮਾਂ ਵੱਲੋਂ ਸੰਘਰਸ਼ ਕੀਤਾ ਜਾ ਰਿਹਾ ਹੈ।ਪੰਜਾਬ ਸਰਕਾਰ ਵੱਲੋਂ ਭਾਵੇਂ ਕਿ ਪੁਰਾਣੀ ਪੈਨਸ਼ਨ ਬਹਾਲੀ ਸੰਬੰਧੀ 18 ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਜਲਦ ਬਹਾਲ ਕਰਨ ਦਾ ਨੋਟੀਫਿਕੇਸ਼ਨ ਕਰ ਦਿੱਤਾ ਸੀ। ਪਰ ਅਜੇ ਤੱਕ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲ ਕਰਨਾ ਤਾਂ ਦੂਰ ਸਰਕਾਰ ਵੱਲੋਂ ਐਨ ਪੀ ਐਸ ਕਟੌਤੀ ਵੀ ਬੰਦ ਨਹੀਂ ਕੀਤੀ ਗਈ। ਇੰਨਾ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਕਨਵੀਨਰ ਅਤੇ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੋਰਚਾ ਜਲੰਧਰ ਦੇ ਕਨਵੀਨਰ ਕੁਲਦੀਪ ਵਾਲੀਆ ਬਿਲਗਾ ਨੇ ਕਿਹਾ ਕਿ ਐਨ ਪੀ ਐਸ ਮੁਲਾਜਮਾਂ ਵੱਲੋਂ ਲਗਾਤਾਰ ਇਸ ਸੰਬੰਧੀ ਸੰਘਰਸ਼ ਕੀਤਾ ਜਾ ਰਿਹਾ ਹੈ। ਕੁਲਦੀਪ ਵਾਲੀਆ ਨੇ ਐੱਨ ਪੀ ਐੱਸ ਤੋਂ ਪ੍ਰਭਾਵਿਤ ਸਮੂਹ ਮੁਲਾਜ਼ਮਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ 25 ਫਰਵਰੀ ਦੀ ਸੰਗਰੂਰ ਰੈਲੀ ਵਿੱਚ ਪੁੱਜਣ ਦੀ ਅਪੀਲ ਕੀਤੀ। ਇਸ ਸਮੇਂ ਜ਼ਿਲ੍ਹਾ ਕਮੇਟੀ ਮੈਂਬਰ ਦਿਲਬਾਗ ਸਿੰਘ, ਸੁਖਦੇਵ ਬਸਰਾ, ਪਰੇਮ ਖਲਵਾੜਾ, ਵੇਦ ਰਾਜ, ਸੰਦੀਪ ਰਾਜੋਵਾਲ, ਮੁਕੇਸ਼ ਕੁਮਾਰ, ਅਮਰਜੀਤ ਭਗਤ ਅਤੇ ਹੋਰ ਸਾਥੀ ਹਾਜ਼ਰ ਹੋਏ।

ਕੇਸ਼ਵ ਗੋਇਲ ਨੇ 99 ਪ੍ਰਤੀਸ਼ਤ ਨਾਲੋਂ ਜਿਆਦਾ ਕੀਤਾ ਸਕੋਰ

ਚੰਡੀਗੜ੍ਹ: ਫਿਜ਼ਿਕਸ ਵਾਲਾ ਦੇ ਆਫਲਾਈਨ ਵਿੱਦਿਆਪੀਠ ਸੈਂਟਰ ਦੇ ਕੇਸ਼ਵ ਗੋਇਲ ਨੇ ਜੇ ਈ ਈ ਮੇਨ 2024 ਸੈਸ਼ਨ ਇੱਕ ਦੇ ਨਤੀਜੇ 'ਚ 99.87 ਦੇ ਸਕੋਰ ਦੇ ਨਾਲ 99 ਪ੍ਰਤੀਸ਼ਤ ਨਾਲੋਂ ਜਿਆਦਾ ਸਕੋਰ ਕੀਤਾ ਹੈ। ਭਾਰਤ ਦੇ ਪ੍ਰਮੁੱਖ ਐਡ-ਟੇਕ ਪਲੇਟਫਾਰਮ, ਫਿਜਿਕਸ ਵਾਲਾ (ਪੀਡਬਲਿਊ) ਨੇ ਆਪਣੇ ਸੰਪੂਰਣ ਜੇਈਈ ਮੇਨ 2024 ਨਤੀਜਿਆਂ ਦਾ ਐਲਾਨ ਕੀਤਾ। ਇਸ 'ਚ 2,900 ਨਾਲੋਂ ਜਿਆਦਾ ਵਿਦਿਆਰਥੀਆਂ ਨੇ 98 ਪ੍ਰਤੀਸ਼ਤ ਨਾਲੋਂ ਜਿਆਦਾ ਨੰਬਰ ਪ੍ਰਾਪਤ ਕੀਤੇ। ਪੀ ਡਬਲਿਊ ਦੇ ਆਫਲਾਈਨ ਸੀ ਈ ਓ ਅੰਕਿਤ ਗੁਪਤਾ ਨੇ ਕਿਹਾ, 'ਵਿੱਦਿਆਪੀਠ ਸੈਂਟਰਾਂ ਦੇ ਵਿਦਿਆਰਥੀਆਂ ਨੂੰ ਐਨੇ ਜਿਆਦਾ ਨੰਬਰ ਪ੍ਰਾਪਤ ਕਰਦੇ ਹੋਏ ਦੇਖਣਾ ਸਾਨੂੰ ਮਾਣ ਨਾਲ ਭਰ ਦਿੰਦਾ ਹੈ। ਇਹ ਸਾਨੂੰ ਵਿਸ਼ਵਾਸ ਦਵਾਉਂਦਾ ਹੈ ਕਿ ਅਸੀਂ ਸਹੀ ਰਸਤੇ 'ਤੇ ਹਾਂ। ਸਖਤ ਮਿਹਨਤ ਕਰਨ ਅਤੇ ਆਪਣੀਆਂ ਹੱਦਾਂ ਤੋਂ ਪਾਰ ਜਾਣ ਦੇ ਲਈ ਸਾਰੇ ਅਧਿਆਪਕਾਂ ਦਾ ਖਾਸ ਧੰਨਵਾਦ।

12ਵਾਂ ਬਲਦੇਵ ਸਿੰਘ ਖੱਟੜਾ ਯਾਦਗਾਰੀ ਕਬੱਡੀ ਕੱਪ ਅੱਜ

ਖੰਨਾ : ਹਰਮਨ ਖੱਟੜਾ ਸਪੋਰਟਸ ਕਲੱਬ ਵੱਲੋਂ 12ਵਾਂ ਬਲਦੇਵ ਸਿੰਘ ਖੱਟੜਾ ਯਾਦਗਾਰੀ ਕਬੱਡੀ ਕੱਪ 24 ਫਰਵਰੀ ਨੂੰ ਪਿੰਡ ਖੱਟੜਾ ਦੀ ਗਰਾਊਂਡ ਵਿੱਚ ਹੋਵੇਗਾ। ਇਹ ਜਾਣਕਾਰੀ ਇੱਥੇ ਕਬੱਡੀ ਕੱਪ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੰਦਿਆਂ ਦਲਮੇਘ ਸਿੰਘ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਵਾਰ 12ਵੇਂ ਐਡੀਸ਼ਨ ਵਿੱਚ ਕਬੱਡੀ ਦੀਆਂ 8 ਚੋਟੀ ਦੀਆਂ ਟੀਮਾਂ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਤੋਂ ਇਲਾਵਾ ਮਰਦਾਂ ਦੀ ਪੰਜਾਬ ਤੇ ਹਰਿਆਣਾ ਦੀਆਂ ਕਬੱਡੀ ਟੀਮਾਂ ਵਿਚਾਲੇ ਮੁਕਾਬਲਾ ਹੋਵੇਗਾ। ਕੁੱਲ ਇਨਾਮ ਰਾਸ਼ੀ ਪੰਜ ਲੱਖ ਰੁਪਏ ਹੋਵੇਗੀ ਅਤੇ ਐਲ.ਸੀ.ਡੀ. ਦਿੱਤੀਆਂ ਜਾਣਗੀਆਂ। ਇਸ ਮੌਕੇ ਸਾਬਕਾ ਮੰਤਰੀ ਮਹੇਸ਼ਇੰਦਰ ਸਿੰਘ ਗਰੇਵਾਲ, ਏਡੀਜੀਪੀ ਅਮਰਦੀਪ ਸਿੰਘ ਰਾਏ, ਸਾਬਕਾ ਆਈ.ਏ.ਐਸ. ਮਹਿੰਦਰ ਸਿੰਘ, ਸਾਬਕਾ ਡੀਆਈਜੀ ਰਣਬੀਰ ਸਿੰਘ ਖੱਟੜਾ ਤੇ ਹਰਦਿਆਲ ਸਿੰਘ ਮਾਨ ਸ਼ਾਮਲ ਹੋਣਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਇਸ ਮੌਕੇ ਜਗਦੇਵ ਸਿੰਘ ਖੱਟੜਾ, ਮਨਸਾ ਸਿੰਘ ਕੋਚ, ਪਰਗਟ ਸਿੰਘ, ਗੋਪੀ ਮਾਣਕੀ, ਸਿੰਮੀ ਖੱਟੜਾ, ਮਨੀ ਖੱਟੜਾ, ਬਲਜੀਤ ਸਿੰਘ, ਸੇਵਾ ਸਿੰਘ, ਗੁਰਵੀਰ ਸਿੰਘ ਪਨਾਗ, ਹੈਪੀ ਜਰਗੜੀ ਤੇ ਮੇਜਰ ਸਿੰਘ ਆਦਿ ਹਾਜਰ ਸਨ।

ਅਜਾਦ ਸਪੋਰਟਸ ਕਲੱਬ ਵੱਲੋਂ ਕਰਵਾਇਆ ਜਾ ਰਿਹਾ ਕੱਪ ਦੂਸਰੇ ਦਿਨ 'ਚ ਦਾਖਲ

ਖਿਡਾਰੀਆਂ ਨਾਲ ਜਾਣ ਪਹਿਚਾਣ ਕਰਨ ਉਪਰੰਤ ਬਲਕਾਰ ਸਿੰਘ ਚੱਠਾ, ਬੂਟਾ ਸਿੰਘ ਕਲਸੀ ਤੇ ਹੋਰ ।

ਸ਼ਾਹਕੋਟ (ਗਿਆਨ ਸੈਦਪੁਰੀ) ਅਜਾਦ ਸਪੋਰਟਸ ਕਲੱਬ (ਰਜਿ.) ਸ਼ਾਹਕੋਟ ਵੱਲੋਂ ਮੰਗਤ ਰਾਏ ਮੰਗੀ ਦੀ ਯਾਦ ਨੂੰ ਸਮਰਪਿਤ 15ਵਾਂ ਚਾਰ ਰੋਜਾ ਫੁੱਟਬਾਲ ਕੱਪ ਕਰਵਾਇਆ ਜਾ ਰਿਹਾ ਹੈ। ਸ਼ੁੱਕਰਵਾਰ ਨੂੰ ਦੂਸਰੇ ਦਿਨ ਦਾ ਉਦਘਾਟਨ ਕਲੱਬ ਦੇ ਸਰਪ੍ਰਸਤ ਅਤੇ ਮਾਰਕਿਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਬਲਕਾਰ ਸਿੰਘ ਚੱਠਾ ਨੇ ਕੀਤਾ। ਉਨ੍ਹਾਂ ਨੇ ਖਿਡਾਰੀਆਂ ਨਾਲ ਜਾਣ ਪਛਾਣ ਕਰਨ ਉਪਰੰਤ ਸੰਬੋਧਨ ਕਰਦਿਆਂ ਕਿਹਾ ਕਿ ਆਜਾਦ ਸਪੋਰਟਸ ਕਲੱਬ ਹਮੇਸ਼ਾ ਹੀ ਖਿਡਾਰੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕਰਦਾ ਆਇਆ ਹੈ। ਦੂਸਰੇ ਦਿਨ ਫੁੱਟਬਾਲ ਓਪਨ ਦੇ ਜਬਰਦਸਤ ਮੁਕਾਬਲਿਆਂ ਦੌਰਾਨ ਧਰਮਕੋਟ ਨੇ ਭੋਏਪੁਰ, ਸੰਕਰ ਬੀ ਨੇ ਮਲਸੀਆ, ਬਾਹਮਣੀਆਂ ਨੇ ਸ਼ਾਹਕੋਟ ਨੂੰ ਹਰਾ ਕੇ ਅਗਲੇ ਪੜਾਅ ਵਿੱਚ ਪ੍ਰਵੇਸ਼ ਕੀਤਾ। ਇਹ ਫੁੱਟਬਾਲ ਕੱਪ 25 ਫਰਵਰੀ ਤੱਕ ਚੱਲੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਲੱਬ ਦੇ ਪ੍ਰਧਾਨ ਬੂਟਾ ਸਿੰਘ ਕਲਸੀ, ਬਖਸੀਸ ਸਿੰਘ ਝੀਤਾ, ਜਤਿੰਦਰ ਪਾਲ ਸਿੰਘ ਬੱਲ੍ਹਾ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਅਸੀਸ ਅੱਗਰਵਾਲ, ਰਾਜ ਕਮਾਰ ਬਾਂਸਲ, ਦੀਪਕ ਰਾਏ(ਯੂ.ਕੇ), ਅੰਮ੍ਰਿਤ ਲਾਲ ਕਾਕਾ, ਸੁਖਵਿੰਦਰ ਸਿੰਘ ਸੇਖੇਵਾਲ, ਅਰਜਨ ਸਿੰਘ ਬੈਹਿਰਾ, ਮਾਸਟਰ ਸੁਰਿੰਦਰ ਵਿੱਗ, ਅਜੀਤ ਸਿੰਘ ਝੀਤਾ, ਸਾਬ ਬਿੰਦ, ਮੰਗਾ ਮੱਟੂ, ਮਾਸਟਰ ਵਿਜੈ ਵਿੱਗ, ਡਾ. ਰਮੇਸ਼ ਹੰਸ, ਸਰਬਜੀਤ ਮੱਟੂ, ਰਾਜਨਬੀਰ ਚੰਦੀ, ਰਿੰਕੂ ਮੱਟੂ, ਸੁਰਿੰਦਰ ਕੁਮਾਰ ਸ਼ਿੰਦਾ, ਆਸ਼ੂ ਗੁਪਤਾ, ਠੇਕੇਦਾਰ ਬਲਦੇਵ ਸਿੰਘ ਝੀਤਾ, ਸਵਰਨ ਸਿੰਘ ਝੀਤਾ(ਯੂ.ਏ.ਏ), ਧਰਮਿੰਦਰ ਸਿੰਘ ਆਦਿ ਹਾਜਰ ਸਨ। ਸਟੇਜ ਸਕੱਤਰ ਦੇ ਫਰਜ ਅਮਨਦੀਪ ਸੈਦਪੁਰੀ ਨੇ ਨਿਭਾਏ।

ਮਾਨ ਨੂੰ ਹਲਕਾ ਇੰਚਾਰਜ ਐਲਾਨੇ ਜਾਣ ਦਾ ਵਰਕਰਾ ਵੱਲੋਂ ਸੁਆਗਤ

ਫਗਵਾੜਾ (ਇੰਦਰਜੀਤ ਸਿੰਘ ਮਠਾੜੂ)- ਆਮ ਆਦਮੀ ਪਾਰਟੀ ਵੱਲੋਂ ਸਾਬਕਾ ਮੰਤਰੀ ਜੋਗਿੰਦਰ ਸਿੰਘ ਮਾਨ ਨੂੰ ਹਲਕਾ ਫਗਵਾੜਾ ਦਾ ਇੰਚਾਰਜ ਐਲਾਨ ਕਰਨ 'ਤੇ ਵਰਕਰਾ 'ਚ ਕਾਫ਼ੀ ਖੁਸ਼ੀ ਨਜ਼ਰ ਆ ਰਹੀ ਹੈ।ਉਨ੍ਹਾਂ ਦੇ ਸਮਰਥਕਾਂ ਤੇ ਪਾਰਟੀ ਵਰਕਰਾਂ ਨੇ ਵੱਡੀ ਗਿਣਤੀ 'ਚ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਪਹੁੰਚ ਕੇ ਗੁਲਦਸਤੇ ਭੇਟ ਕੀਤੇ ਤੇ ਵਧਾਈਆਂ ਦਿੱਤੀਆਂ। ਇਸ ਮੌਕੇ ਮਾਨ ਨੇ ਕਿਹਾ ਕਿ ਉਹ ਆਪਣੀ ਜ਼ੁੰਮੇਵਾਰੀ ਮਿਹਨਤ ਨਾਲ ਨਿਭਾ ਰਹੇ ਹਨ ਤੇ ਅਗਾਂਹ ਤੋਂ ਵੀ ਕੋਈ ਕਸਰ ਬਾਕੀ ਨਹੀਂ ਛੱਡਣਗੇ ਤੇ ਆਉਂਦੀਆਂ ਲੋਕ ਸਭਾ ਚੋਣਾਂ 'ਚ ਵੀ ਪਾਰਟੀ ਦੇ ਉਮੀਦਵਾਰ ਨੂੰ ਵੱਡੀ ਲੀਡ ਨਾਲ ਜਿਤਾਇਆ ਜਾਵੇਗਾ। ਇਸ ਮੌਕੇ ਆਪ ਆਗੂ ਦਲਜੀਤ ਰਾਜੂ, ਬਲਾਕ ਪ੍ਰਧਾਨ ਬਲਵੀਰ ਠਾਕੁਰ, ਨਰੇਸ਼ ਸ਼ਰਮਾ, ਵਰੁਣ ਬੰਗੜ, ਰਾਜਾ ਕੌਲਸਰ, ਫੌਜੀ ਸ਼ੇਰਗਿੱਲ, ਆਸ਼ੂ ਬੰਗੜ, ਮਨਵਿੰਦਰ ਸਿੰਘ ਮਿੱਕੀ ਸ਼ਾਮਿਲ ਸਨ। ਮਾਨ ਨੇ ਇਸ ਨਿਯੁਕਤੀ ਲਈ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਰਾਜਸਭਾ ਮੈਂਬਰ ਰਾਘਵ ਚੱਢਾ, ਪੰਜਾਬ ਇੰਚਾਰਜ ਸੰਦੀਪ ਪਾਠਕ ਅਤੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ।

ਦੀਪਕ ਬਾਲੀ ਵੱਲੋਂ ਕੱਢੀ ਗਈ 'ਪੰਜਾਬੀ ਪ੍ਰਚਾਰ ਯਾਤਰਾ' ਨੇ ਨਵਾਂ ਇਤਿਹਾਸ ਸਿਰਜਿਆ

ਜਲੰਧਰ : ਮਾਂ ਬੋਲੀ ਦਿਹਾੜੇ ਦੌਰਾਨ ਦੀਪਕ ਬਾਲੀ ਨੇ 'ਪੰਜਾਬੀ ਪ੍ਰਚਾਰ ਯਾਤਰਾ' ਕੱਢੀ। ਇਹ ਯਾਤਰਾ ਸਵੇਰੇ 10:30 ਵਜੇ ਫ਼ਗਵਾੜੇ ਦੇ ਮੇਹਲੀ ਪਿੰਡ ਤੋਂ ਸ਼ੁਰੂ ਹੋਈ ਤੇ ਬੰਗਾ, ਨਵਾਂ ਸ਼ਹਿਰ, ਬਲਾਚੌਰ, ਰੋਪੜ, ਖਰੜ ਤੋਂ ਹੁੰਦੀ ਹੋਈ ਮੋਹਾਲੀ ਪਹੁੰਚੀ। ਪੰਜਾਬ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰੀ ਹੋਇਆ ਕਿ ਕਿਸੇ ਇੱਕ ਵਿਅਕਤੀ ਨੇ ਮਾਤ ਭਾਸ਼ਾ ਦੇ ਪ੍ਰਚਾਰ ਪ੍ਰਸਾਰ ਲਈ 150 ਕਿਲੋਮੀਟਰ ਲੰਬੀ ਤੇ ਇੰਨੇ ਵੱਡੇ ਕਾਫ਼ਲੇ ਵਾਲੀ ਯਾਤਰਾ ਕੱਢੀ ਹੋਵੇ , ਇਸ ਯਾਤਰਾ ਵਿੱਚ ਸੈਂਕੜੇ ਨੌਜਵਾਨਾਂ, ਮਹਿਲਾਵਾਂ, ਬਜ਼ੁਰਗਾਂ ਤੇ ਬੱਚਿਆਂ ਨੇ ਹਿੱਸਾ ਲਿਆ। ਇਹ ਯਾਤਰਾ ਪੂਰਨ ਤੇ ਪੰਜਾਬੀਅਓ ਅੰਦਰ ਸਦਭਾਵਨਾ ਤੇ ਪਿਆਰ ਪੈਦਾ ਕਰਨ ਤੇ ਇਸ ਦਾ ਸੁਨੇਹਾ ਦੇਣ ਵਿੱਚ ਕਾਮਯਾਬ ਰਹੀ ਹੈ। ਇਸ ਯਾਤਰਾ ਦੌਰਾਨ ਇਹ ਪ੍ਰਚਾਰਿਆ ਗਿਆ ਕਿ ਮਨੁੱਖ ਨੂੰ ਦੁਨੀਆ ਵਿੱਚ ਕੋਈ ਵੀ ਬੋਲੀ ਜਾਂ ਉੱਪ-ਬੋਲੀ ਸਿੱਖ ਲੈਣੀ ਚਾਹੀਦੀ ਹੈ ਪਰ ਕਦੇ ਵੀ ਆਪਣੀ ਮਾਂ ਬੋਲੀ ਨਹੀਂ ਭੁੱਲਣੀ ਚਾਹੀਦੀ। ਦੀਪਕ ਬਾਲੀ ਨੇ ਕਿਹਾ, "ਮਾਂ ਬੋਲੀ ਸਾਨੂੰ ਸਭ ਨੂੰ ਵਿਰਾਸਤ ਨਾਲ਼ ਜੋੜਦੀ ਹੈ। ਸਾਡੀ ਜ਼ਿੰਦਗੀ ਵਿੱਚ ਮਾਂ ਬੋਲੀ ਦੀ ਬਹੁਤ ਅਹਿਮੀਅਤ ਹੈ। ਇਹ ਸਾਡੀ ਜ਼ਿੰਦਗੀ ਦੇ ਹਰ ਪਹਿਲੂ ਵਿੱਚ ਹੈ ਫਿਰ ਚਾਹੇ ਉਹ ਸਾਡੀਆਂ ਅਸੀਸਾਂ, ਲੋਰੀਆਂ ਜਾਂ ਗੀਤ ਹੋਣ। ਇਸ ਮਾਰਚ ਵਿੱਚ ਪੰਜਾਬੀ ਦੇ ਪ੍ਰਸਿੱਧ ਗੀਤਕਾਰ ਤੇ ਪੇਸ਼ਕਾਰ ਬੰਟੀ ਬੈਂਸ, ਸਪੀਡ ਰਿਕਾਰਡ ਕੰਪਨੀ ਦੇ ਮਾਲਕ ਸਤਵਿੰਦਰ ਸਿੰਘ ਕੋਹਲੀ, ਚੌਪਾਲ ਤੇ 9 ਚੈਨਲ ਦੇ ਮਾਲਕ ਸੰਦੀਪ ਪ੍ਰਾਸ਼ਰ, ਬਲੈਕੀਆ ਫ਼ਿਲਮ ਦੇ ਪ੍ਰੋਡਿਊਸਰ ਵਿਵੇਕ ਓਹਰੀ, ਪ੍ਰਸਿੱਧ ਗਾਇਕਾ ਸੁਖੀ ਬਰਾੜ, ਪ੍ਰਸਿੱਧ ਗੀਤਕਾਰ ਭੱਟੀ ਭਰੀਆਵਾਲਾ ਨੇ ਬਹੁਤ ਸ਼ਾਨਮੱਤੇ ਤਰੀਕੇ ਨਾਲ਼ ਦੀਪਕ ਨੂੰ ਜੀ ਆਇਆਂ ਆਖਿਆ। ਇਸ ਸਮੇਂ ਪੰਜਾਬੀ ਦੇ ਮਸ਼ਹੂਰ ਗਾਇਕ ਕੁਲਵਿੰਦਰ ਬਿੱਲਾ ਤੇ ਦੇਵ ਖਰੌੜ ਨੇ ਇਸ ਮੰਚ ਤੋਂ ਆਪਣਾ ਵਿਦਾਇਗੀ ਸੰਦੇਸ਼ ਦਿੱਤਾ। ਕੁਲਵਿੰਦਰ ਬਿੱਲਾ ਨੇ ਆਪਣਾ ਗੀਤ "ਮੈਂ ਜਦ ਮੁੜ ਧਰਤੀ ਤੇ ਆਵਾਂ, ਮੇਰਾ ਦੇਸ਼ ਹੋਵੇ ਪੰਜਾਬ" ਗਾ ਕੇ ਸਰੋਤਿਆਂ ਨੂੰ ਝੂਮਣ ਲਾਇਆ।

ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਕੂਲ 'ਚ ਕਰਵਾਈ ਧਾਰਮਿਕ ਸਭਾ

ਅੱਡਾ ਸਰਾਂ , (ਕਾਜਲ)- ਗੁਰੂ ਗੋਬਿੰਦ ਸਿੰਘ ਐਜੂਕੇਸ਼ਨ ਸੁਸਾਇਟੀ ਬੋਕਾਰੋ (ਝਾਰਖੰਡ) ਅਧੀਨ ਚਲਾਏ ਜਾ ਰਹੇ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸੇਸ਼ ਧਾਰਮਿਕ ਸਭਾ ਕਰਵਾਈ ਗਈ। ਇਸ ਮੌਕੇ ਪ੍ਰਿੰਸੀਪਲ ਹਰਜੀਤ ਸਿੰਘ ਗੁਰੂ ਸਾਹਿਬ ਜੀ ਦੇ ਜੀਵਨ ਫਲਸਫੇ ਨਾਲ ਜੋੜਦੇ ਹੋਏ ਆਖਿਆ ਕਿ ਗੁਰੂ ਜੀ ਨੇ ਹਮੇਸ਼ਾਂ ਮਾਨਵਤਾ, ਸਮਾਜਿਕ ਸਦਭਾਵਨਾ ਅਤੇ ਮਾਨਵਤਾਵਾਦੀ ਵਿਚਾਰਧਾਰਾ ਦਾ ਉਪਦੇਸ਼ ਦਿੰਦੇ ਹੋਏ ਭਾਈਚਾਰੇ ਦਾ ਸੰਦੇਸ਼ ਦਿੱਤਾ ਹੈ।ਇਸ ਦੌਰਾਨ ਪ੍ਰਕਾਸ਼ ਪੁਰਬ ਮੌਕੇ ਤੀਸਰੀ ਜਮਾਤ ਦੇ ਵਿਦਿਆਰਥੀ ਅਤੇ ਅਧਿਆਪਕ ਨੈਣੋਵਾਲ ਵੈਦ ਗੁਰਦੁਆਰਾ ਸਾਹਿਬ ਜਾ ਕੇ ਨਤਮਸਤਕ ਹੋਏ। ਸਕੂਲ ਦੇ ਪ੍ਰਧਾਨ ਤਰਸੇਮ ਸਿੰਘ, ਸੈਕਟਰੀ ਸੁਰਿੰਦਰ ਪਾਲ ਸਿੰਘ ਅਤੇ ਸਮੂਹ ਮੈਨੇਜਮੈਂਟ ਮੈਂਬਰਾਂ ਵੱਲੋਂ ਸਟਾਫ ਅਤੇ ਵਿਦਿਆਰਥੀਆਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈਆਂ ਦਿੱਤੀਆਂ।ਇਸ ਮੌਕੇ ਸਮੂਹ ਸਟਾਫ ਮੈਂਬਰ ਮੌਜੂਦ ਸਨ।

ਹੋਲਾ ਮਹੱਲਾ ਮੌਕੇ ਸੰਗਤਾਂ ਦੀ ਸਹੂਲਤ ਲਈ ਹੋਣਗੇ ਪੁਖਤਾ ਪ੍ਰਬੰਧ : ਡਿਪਟੀ ਕਮਿਸ਼ਨਰ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਹੋਲਾ ਮਹੱਲਾ 2024 ਦੀਆਂ ਅਗਾਊ ਤਿਆਰੀਆਂ ਅਤੇ ਪ੍ਰਬੰਧਾਂ ਸੰਬੰਧੀ ਵਿਚਾਰ ਵਟਾਂਦਰਾਂ ਕਰਨ ਲਈ ਡਾ.ਪ੍ਰੀਤੀ ਯਾਦਵ ਡਿਪਟੀ ਕਮਿਸ਼ਨਰ ਅਤੇ ਗੁਲਨੀਤ ਸਿੰਘ ਖੁਰਾਨਾ ਐਸ ਐਸ ਪੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਪਹੁੰਚੇ ਜਿੱਥੇ ਉਨ੍ਹਾਂ ਨੇ ਜਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਅਤੇ ਮੈਨੇਜਰ ਗੁਰਦੀਪ ਸਿੰਘ ਰੋਡੇ ਨਾਲ ਹੋਲਾ ਮਹੱਲਾ ਪ੍ਰਬੰਧਾਂ ਸਬੰਧੀ ਵਿਚਾਰ ਵਟਾਂਦਰਾਂ ਕੀਤਾ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਪੂਜਾ ਸਿਆਲ ਗਰੇਵਾਲ, ਡੀ.ਐਸ.ਪੀ ਅਜੇ ਸਿੰਘ, ਵਧੀਕ ਮੈਨੇਜਰ ਹਰਦੇਵ ਸਿੰਘ ਵੀ ਮੌਜੂਦ ਸਨ।ਡਾ.ਪ੍ਰੀਤੀ ਯਾਦਵ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੋਲਾ ਮਹੱਲਾ ਦੇ ਪ੍ਰਬੰਧਾਂ ਲਈ ਨਿਰੰਤਰ ਬੈਠਕਾਂ ਕੀਤੀਆ ਜਾ ਰਹੀਆਂ ਹਨ, ਜਿਲ੍ਹਾਂ ਪ੍ਰਸਾਸ਼ਨ ਅਗਾਓਂ ਸਾਰੀਆਂ ਤਿਆਰੀਆਂ ਕਰ ਰਿਹਾ ਹੈ। ਸੰਗਤਾਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ, ਵਿਆਪਕ ਸਫਾਈ ਮੁਹਿਮ ਚਲਾਈ ਜਾ ਰਹੀ ਹੈ। ਸੰਗਤਾਂ ਦੀ ਸਹੂਲਤ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਡਿਪਟੀ ਕਮਿਸ਼ਨਰ ਨੇ ਵਿਸਥਾਰ ਵਿੱਚ ਜਾਣਕਾਰੀ ਸਾਝੀ ਕੀਤੀ।

ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਸਬੰਧੀ ਸ਼ੋਭਾ ਯਾਤਰਾ ਕੱਢੀ

24-Feb-PAGE-13.qxd 2/23/2024 9:53 PM Page 1

29 ਦੀ ਜਲੰਧਰ ਰੈਲੀ ਲਈ ਕਿਸਾਨਾਂ/ਮਜ਼ਦੂਰਾਂ 'ਚ ਭਾਰੀ ਉਤਸ਼ਾਹ : ਦਰਾਜਕੇ, ਦਿਆਲਪੁਰਾ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੀ ਬ੍ਰਾਂਚ ਦਿਆਲਪੁਰਾ ਦੀ ਜਨਰਲ ਬਾਡੀ ਦੀ ਮੀਟਿੰਗ ਧਰਮ ਸਿੰਘ ਪੱਟੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕਿਸਾਨਾਂ ਤੇ ਮਜ਼ਦੂਰਾਂ ਨੇ ਵੱਡੀ ਗਿਣਤੀ 'ਚ ਭਾਗ ਲਿਆ।ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਆਰਐੱਮਪੀਆਈ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ ਤੇ ਤਹਿਸੀਲ ਸਕੱਤਰ ਦਲਜੀਤ ਸਿੰਘ ਦਿਆਲਪੁਰਾ ਨੇ ਕਿਹਾ ਕਿ 'ਭਾਜਪਾ ਹਰਾਓ ਕਾਰਪੋਰੇਟ ਭਜਾਓ, ਦੇਸ਼ ਬਚਾਓ ਦੀ ਕੜੀ ਵਜੋਂ 29 ਫਰਵਰੀ ਨੂੰ ਜਲੰਧਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਰੈਲੀ ਸੰਬੰਧੀ ਕਿਸਾਨਾਂ ਤੇ ਮਜ਼ਦੂਰਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਕਾਰਪੋਰੇਟਾਂ ਦਾ ਕਰੋੜਾਂ ਰੁਪਏ ਦਾ ਕਰਜ਼ਾ ਮੁਆਫ਼ ਕੀਤਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਕਾਰਪੋਰੇਟ ਘਰਾਣਿਆਂ ਨੂੰ ਭਾਜਪਾਈ ਵੱਡੀਆਂ ਆਰਥਿਕ ਰਿਆਇਤਾਂ ਅਤੇ ਅਨੇਕਾਂ ਪ੍ਰਕਾਰ ਦੇ ਟੈਕਸਾਂ 'ਚ ਛੋਟ ਦੇ ਕੇ ਨਵੇਂ ਸਿਰਿਓਂ ਕਰਜ਼ੇ ਦੇ ਰਹੇ ਹਨ ।ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਲਈ ਕਿਸਾਨ-ਮਜ਼ਦੂਰਾਂ ਦਾ ਗਲਾ ਘੁੱਟ ਰਹੀ ਹੈ।ਇਸ ਮੌਕੇ ਉਨ੍ਹਾਂ ਇਨਸਾਫ਼ ਪਸੰਦ ਲੋਕਾਂ ਨੂੰ ਮਿਤੀ 29 ਫਰਵਰੀ ਨੂੰ ਜਲੰਧਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਰੈਲੀ 'ਚ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਭਜਨ ਸਿੰਘ ਮੋੜ, ਬਲਦੇਵ ਸਿੰਘ ਅਹਿਮਦਪੁਰ, ਕੁਲਵੰਤ ਸਿੰਘ ਮਾਣਕਪੁਰ, ਦਿਆਲ ਸਿੰਘ ਲਹੁਕਾ, ਜਸਵੰਤ ਸਿੰਘ ਭਿੱਖੀਵਿੰਡ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ ।

ਕਿਸਾਨਾਂ ਦਾ ਰਸਤਾ ਰੋਕਣ ਨਾਲ ਕੇਂਦਰ ਦਾ ਪੰਜਾਬ ਵਿਰੋਧੀ ਚਿਹਰਾ ਬੇਨਕਾਬ ਹੋਇਆ : ਬਲਜੀਤ ਢਿੱਲੋਂ

ਝਬਾਲ (ਹਰਜਿੰਦਰ ਸਿੰਘ ਸੋਨੀ)-ਬੀਤੇ ਦਿਨ ਸ਼ੰਭੂ ਬਾਰਡਰ 'ਤੇ ਹਰਿਆਣਾ ਸਰਕਾਰ ਵਲੋਂ ਲਗਾਈਆਂ ਗਈਆਂ ਅਰਧ ਸੈਨਿਕ ਬਲਾਂ ਦੀਆਂ ਕੰਪਨੀਆਂ ਦੀਆਂ ਗੋਲੀਆਂ ਨਾਲ ਪੰਜਾਬ ਦਾ ਇੱਕ ਗਰੀਬ ਕਿਸਾਨ ਸ਼ਹੀਦ ਹੋ ਗਿਆ, ਜਿਸ ਦੀ ਕੇਂਦਰ ਤੇ ਹਰਿਆਣਾ ਸਰਕਾਰ ਜਿੰਮੇਵਾਰ ਹਨ। ਪੰਜਾਬ ਦੇ ਕਿਸਾਨਾਂ ਦਾ ਐਮ ਐਸ ਪੀ ਨੂੰ ਲੈ ਕੇ ਕੇਂਦਰ ਵਿਰੁੱਧ ਰੋਸ ਹੈ ਜਿਸ ਕਾਰਨ ਹੀ ਉਹ ਆਪਣਾ ਰੋਸ ਸ਼ਾਂਤਮਈ ਪ੍ਰਗਟ ਕਰਨ ਲਈ ਦਿੱਲੀ ਜਾਣਾ ਚਾਹੁੰਦੇ ਹਨ ਪਰ ਕੇਂਦਰ ਸਰਕਾਰ ਦੇ ਕਹਿਣ 'ਤੇ ਹਰਿਆਣਾ ਸਰਕਾਰ ਪੰਜਾਬ ਦੇ ਕਿਸਾਨਾਂ ਦਾ ਰਸਤਾ ਰੋਕ ਕੇ ਉਨ੍ਹਾਂ 'ਤੇ ਅਣਮਨੁੱਖੀ ਤਸ਼ੱਦਦ ਕਰ ਰਹੀ ਹੈ ਜੋ ਕਿ ਨਾਸਹਿਣਯੋਗ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਜੀਤ ਸਿੰਘ ਢਿੱਲੋਂ ਸਰਾਂ ਨੇ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਹਰਿਆਣਾ ਦਾ ਮੁੱਖ ਮੰਤਰੀ ਮਨੋਹਰ ਲਾਲ ਖੱਟੜ ਇਨਸਾਨੀਅਤ ਭੁੱਲ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਚਾਪਲੂਸੀ ਵਿੱਚ ਲੱਗਾ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਵਕਤ ਪੰਜਾਬ ਦੇ ਕਿਸਾਨਾਂ ਦੇ ਨਾਲ ਖੜ੍ਹੀ ਹੈ ਤੇ ਹਰ ਸੰਭਵ ਮਦਦ ਪਹੁੰਚਾ ਰਹੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਦਾ ਇਹ ਵਤੀਰਾ ਵੇਖ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸ਼ੰਭੂ ਬਾਰਡਰ 'ਤੇ ਐਂਬੂਲੈਂਸ ਵੀ ਭੇਜੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸ਼ਹੀਦ ਹੋਏ ਸ਼ੁਭਕਰਨ ਸਿੰਘ ਦੀ ਮੌਤ ਵਿਅਰਥ ਨਹੀਂ ਜਾਣ ਦਿੱਤੀ ਜਾਵੇਗੀ ਤੇ ਪੰਜਾਬ ਨੇ ਦਿੱਲੀ ਪਹਿਲਾਂ ਵੀ ਕਈ ਵਾਰ ਜਿੱਤੀ ਸੀ ਹੁਣ ਵੀ ਪੰਜਾਬ ਦਾ ਕਿਸਾਨ ਜਿੱਤ ਕੇ ਹੀ ਵਾਪਸ ਆਵੇਗਾ। ਉਨ੍ਹਾਂ ਕੇਂਦਰ ਤੇ ਹਰਿਆਣਾ ਸਰਕਾਰ ਨੂੰ ਸਖਤ ਸ਼ਬਦਾਂ ਵਿੱਚ ਕਿਹਾ ਕਿ ਕਿਸਾਨਾਂ ਨਾਲ ਇਹ ਘਟੀਆ ਵਤੀਰਾ ਬੰਦ ਕੀਤਾ ਜਾਵੇ।

ਗੰਨੇ ਦੇ ਖੇਤਾਂ 'ਚੋਂ ਹੈਰੋਇਨ ਦਾ ਪੈਕਟ ਬਰਾਮਦ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਪੁਲਸ ਥਾਣਾ ਡੇਰਾ ਬਾਬਾ ਨਾਨਕ ਅੰਦਰ ਪੈਂਦੀ ਚੌਕੀ ਧਰਮਕੋਟ ਰੰਧਾਵਾ ਵੱਲੋਂ ਕਿਸਾਨ ਦੀ ਇਤਲਾਹ 'ਤੇ ਗੰਨੇ ਦੇ ਖੇਤਾਂ ਵਿੱਚ ਪਿਆ ਹੈਰੋਇਨ ਦਾ ਪੈਕਟ ਬਰਾਮਦ ਕੀਤਾ। ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐਸ.ਐਚ.ਓ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਕਿਸਾਨ ਗੁਰਲਾਲ ਦੀਪ ਸਿੰਘ ਵਾਸੀ ਗੁਰਚੱਕ ਨੇ ਪੁਲਸ ਚੌਕੀ ਧਰਮਕੋਟ ਰੰਧਾਵਾ ਨੂੰ ਇਤਲਾਹ ਦਿੱਤੀ ਕਿ ਉਸ ਦੇ ਖੇਤਾਂ ਵਿੱਚ ਇੱਕ ਸ਼ੱਕੀ ਪੈਕਟ ਪਿਆ ਹੈ, ਤਾਂ ਤਰੁੰਤ ਚੌਕੀ ਇੰਚਾਰਜ ਏ.ਐਸ.ਆਈ ਜਗਤਾਰ ਸਿੰਘ ਵੱਲੋਂ ਪੁਲਸ ਪਾਰਟੀ ਸਮੇਤ ਗੰਨੇ ਦੇ ਖੇਤ ਦੀ ਸਰਚ ਕੀਤੀ ਗਈ, ਤਾਂ ਉਨ੍ਹਾਂ ਨੂੰ ਇੱਕ ਪੈਕਟ ਬਰਾਮਦ ਹੋਇਆ ਜੋ ਕਿ ਪੀਲੇ ਰੰਗ ਦੀ ਟੇਪ ਨਾਲ ਲਪੇਟਿਆ ਹੋਇਆ ਸੀ । ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਪੁਲਸ ਵੱਲੋਂ ਖੇਤ ਦੇ ਚੱਪੇ ਚੱਪੇ ਦੀ ਤਲਾਸ਼ੀ ਮੁਹਿਮ ਦੌਰਾਨ ਉਨ੍ਹਾਂ ਨੂੰ ਇੱਕ ਹੋਰ ਹੈਰੋਇਨ ਦਾ ਪੈਕਟ ਬਰਾਮਦ ਹੋਇਆ ਹੈ। ਉਨ੍ਹਾਂ ਦੱਸਿਆ ਕਿ ਇਹ ਪੈਕਟ ਡਰੋਨ ਰਾਹੀਂ ਭਾਰਤੀ ਖੇਤਰ ਵਿੱਚ ਸੁੱਟੇ ਹਨ। ਇਸ ਸਬੰਧੀ ਪੁਲਸ ਥਾਣਾ ਡੇਰਾ ਬਾਬਾ ਨਾਨਕ ਵੱਲੋਂ ਹਵਾਈ ਉਲੰਘਣਾ ਅਤੇ ਭਾਰਤੀ ਖੇਤਰ ਵਿੱਚ ਨਸ਼ਾ ਭੇਜਣ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਅਣਪਛਾਤਿਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਲੜਕੇ ਨੂੰ ਅਗਵਾ ਕਰਕੇ ਕਤਲ ਕਰਨ ਦੇ ਦੋਸ਼ 'ਚ 6 ਨਾਮਜ਼ਦ, 2 ਗ੍ਰਿਫ਼ਤਾਰ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਜੰਡਿਆਲਾ ਗੁਰੂ ਪੁਲਸ ਨੇ ਬੀਤੇ ਦਿਨੀਂ ਇਕ ਕੱਪੜੇ ਦੀ ਦੁਕਾਨ 'ਤੇ ਕੰਮ ਕਰਦੇ ਇਕ ਨੌਜਵਾਨ ਅਕਾਸ਼ਦੀਪ ਸਿੰਘ ਵਾਸੀ ਜੰਡਿਆਲਾ ਗੁਰੂ ਨੂੰ ਅਗਵਾ ਕਰਨ ਤੋਂ ਬਾਅਦ ਮਾਰਕੁੱਟ ਕਰਨ ਉਪਰੰਤ ਕਤਲ ਕਰਕੇ ਲਾਸ਼ ਨੂੰ ਪਿੰਡ ਬੰਡਾਲਾ ਦੀ ਰੋਹੀ ਵਿਚ ਸੁੱਟਣ ਦੇ ਦੋਸ਼ਾਂ ਤਹਿਤ 6 ਵਿਅਕਤੀਆਂ ਨੂੰ ਨਾਮਜ਼ਦ ਕਰਕੇ ਉਨਾਂ ਵਿਚੋਂ 2 ਵਿਆਕਤੀਆਂ ਨੂੰ ਗ੍ਰਿਫ਼ਤਾਰ ਕਰਨ ਵਿਚ ਸਫ਼ਲਤਾ ਹਾਸਲ ਕੀਤੀ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਜੰਡਿਆਲਾ ਗੁਰੂ ਦੇ ਐੱਸਐੱਚਓ ਇੰਸਪੈਕਟਰ ਮੁਖਤਿਆਰ ਸਿੰਘ ਨੇ ਦੱਸਿਆ ਕਿ ਨਾਮਜ਼ਦ ਕੀਤੇ ਗਏ 6 ਵਿਅਕਤੀਆਂ ਵਿਰੁੱਧ ਧਾਰਾ 302, 120 ਬੀ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ ਅਤੇ ਬਾਕੀ ਰਹਿੰਦੇ 4 ਦੋਸ਼ੀਆਂ ਨੂੰ ਵੀ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

ਜਗਵਿੰਦਰਪਾਲ ਸਿੰਘ ਜੱਗੂ ਵੱਲੋਂ ਬਲਾਕ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਨਾਲ ਮੀਟਿੰਗ

ਮਜੀਠਾ (ਸੋਇਮ ਆਨੰਦ)-ਬੀਤੇ ਦਿਨੀਂ ਪੰਜਾਬ 'ਚ ਆਮ ਆਦਮੀ ਪਾਰਟੀ ਦੇ 11 ਹਲਕਾ ਇੰਚਾਰਜਾਂ ਦੀਆਂ ਨਵ ਨਿਯੁਕਤੀਆਂ ਦੀ ਲਿਸਟ ਜਾਰੀ ਕੀਤੀ ਗਈ ਸੀ, ਜਿਸ ਵਿਚ ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਨੂੰ ਹਲਕਾ ਮਜੀਠਾ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਸੀ ਜਿਸ 'ਤੇ ਅੱਜ ਜੱਗਾ ਮਜੀਠਾ ਨੇ ਆਪਣੇ ਗ੍ਰਹਿ ਮਜੀਠਾ ਨਿੱਜੀ ਦਫਤਰ 'ਚ ਸਮੂਹ ਬਲਾਕ ਪ੍ਰਧਾਨਾਂ ਤੇ ਹੋਰ ਅਹੁਦੇਦਾਰਾਂ ਨਾਲ ਮੀਟਿੰਗ ਉਪਰੰਤ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਜੱਗਾ ਮਜੀਠੀਆ ਨੇ ਜਿਥੇ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ, ਉਥੇ ਹੀ ਹਲਕੇ ਦੇ ਬਲਾਕ ਪ੍ਰਧਾਨਾ ਤੇ ਵਰਕਰਾਂ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਨੇ ਉਨ੍ਹਾਂ ਪ੍ਰਤੀ ਹਲਕਾ ਇੰਚਾਰਜ ਲਈ ਹਾਈ ਕਮਾਨ ਅੱਗੇ ਭਰੋਸਾ ਪ੍ਰਗਟਾਇਆ ਹੈ।

ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਨਤੀਜਿਆਂ ਦਾ ਐਲਾਨ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ) - ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਦਸੰਬਰ 2023 ਸੈਸ਼ਨ ਦੇ ਐੱਮ.ਏ. ਧਰਮ ਅਧਿਐਨ ਸਮੈਸਟਰ ਤੀਜਾ, ਐਮ.ਐਸ.ਸੀ. ਫੈਸ਼ਨ ਡਿਜ਼ਾਈਨਿੰਗ ਅਤੇ ਮਰਚੰਡਾਈਜ਼ਿੰਗ ਸਮੈਸਟਰ ਤੀਜਾ, ਬੀ.ਏ. (ਮਹਿਲਾ ਸਸ਼ਕਤੀਕਰਨ) ਸਮੈਸਟਰ ਪੰਜਵਾਂ, ਬੈਚਲਰ ਆਫ਼ ਵੋਕੇਸ਼ਨ (ਬੈਂਕਿੰਗ ਅਤੇ ਵਿੱਤੀ ਸੇਵਾਵਾਂ), ਸਮੈਸਟਰ ਪੰਜਵਾਂ, ਬੈਚਲਰ ਆਫ਼ ਵੋਕੇਸ਼ਨ (ਆਟੋਮੋਬਾਈਲ ਤਕਨਾਲੋਜੀ) ਸਮੈਸਟਰ ਤੀਜਾ ਤੇ ਪੰਜਵਾਂ, ਮਾਸਟਰ ਆਫ਼ ਵੋਕੇਸ਼ਨ (ਮਾਨਸਿਕ ਹੈਲਥ ਕੌਂਸਲਿੰਗ), ਸਮੈਸਟਰ ਤੀਜਾ; ਬੈਚਲਰ ਆਫ਼ ਵੋਕੇਸ਼ਨ (ਕੰਟੈਂਪਰੇਰੀ ਫਾਰਮਜ਼ ਆਫ ਡਾਂਸ) ਸਮੈਸਟਰ ਤੀਜਾ; ਬੈਚਲਰ ਆਫ਼ ਵੋਕੇਸ਼ਨ (ਹੈਲਥ ਕੇਅਰ ਮੈਨੇਜਮੈਂਟ), ਸਮੈਸਟਰ ਤੀਜਾ; ਬੀਬੀਏ ਐਲ.ਐਲ.ਬੀ. (ਪੰਜ ਸਾਲ ਏਕੀਕ੍ਰਿਤ ਕੋਰਸ) ਸਮੈਸਟਰ ਸਤਵਾਂ ਅਤੇ ਨੌਵਾਂ ਦੀਆਂ ਪ੍ਰੀਖਿਆਵਾਂ ਦਾ ਨਤੀਜਾ ਦਾ ਐਲਾਨ ਕਰ ਦਿੱਤਾ ਗਿਆ ਹੈ। ਇਹ ਜਾਣਕਾਰੀ ਪ੍ਰੋਫੈਸਰ ਇੰਚਾਰਜ ਪ੍ਰੀਖਿਆਵਾਂ, ਪ੍ਰੋ. ਪਲਵਿੰਦਰ ਸਿੰਘ ਨੇ ਦਿੱਤੀ।

ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਨਗਰ ਕੀਰਤਨ ਸਜਾਇਆ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)

ਸ੍ਰੀ ਗੁਰੂ ਰਵਿਦਾਸ ਸਭਾ ਧਾਰੀਵਾਲ ਵਲੋਂ ਸ਼ਹਿਰ ਵਾਸੀ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਜੀ ਦੇ 647ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸ਼ਹਿਰ ਵਿੱਚ ਨਹਿਰ ਕਿਨਾਰੇ ਸਥਿਤ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਤੋਂ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਵਿੱਚ ਉਚੇਚੇ ਤੌਰ 'ਤੇ ਸ਼ਾਮਲ ਹੋਏ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਅਤੇ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਦੀ ਸਭ ਨੂੰ ਵਧਾਈ ਦਿੱਤੀ। ਇਹ ਨਗਰ ਕੀਰਤਨ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ ਵੱਖ ਬਜ਼ਾਰਾਂ ਵਿੱਚੋਂ ਹੰਦਾ ਹੋਇਆ ਰਣੀਆਂ ਅਤੇ ਨਵੀਂ ਅਬਾਦੀ ਤੋਂ ਮੁੜ ਵਾਪਸ ਅਰੰਭਿਕ ਸਥਾਨ 'ਤੇ ਸਮਾਪਤ ਹੋਇਆ। ਨਗਰ ਕੀਰਤਨ ਦੌਰਾਨ ਗਤਕਾ ਪਾਰਟੀ ਨੇ ਗਤਕੇ ਦੇ ਜੌਹਰ ਵਿਖਾਏ। ਨਗਰ ਕੀਰਤਨ ਦਾ ਸ਼ਰਧਾਲੂਆਂ ਵੱਲੋਂ ਥਾਂ ਥਾਂ 'ਤੇ ਨਿੱਘਾ ਸਵਾਗਤ ਕੀਤਾ ਅਤੇ ਲੰਗਰ ਆਦਿ ਲਗਾਏ ਗਏ। ਨਗਰ ਕੀਰਤਨ ਵਿੱਚ ਡਾ. ਕਮਲਜੀਤ ਸਿੰਘ ਕੇ ਜੇ, ਥਾਣੇਦਾਰ ਦਲਜੀਤ ਸਿੰਘ ਛੋਟੇਪੁਰ, ਇੰਜ: ਜੇ.ਪੀ. ਸਿੰਘ, ਪ੍ਰਧਾਨ ਅਮਰਜੀਤ ਸਿੰਘ ਹੈਪੀ, ਡਾ: ਗੁਰਜਿੰਦਰ ਸਿੰਘ ਸੰਧੂ, ਡਾ. ਸਰਬਿੰਦਰ ਸਿੰਘ ਚਾਹਲ, ਐਡਵੋਕੇਟ ਸ਼ਿਵਚਰਨ ਸਿੰਘ ਮਾਨ, ਜਾਨੂੰ ਜਸਜੀਤ ਸਿੰਘ ਕੇਜੇ, ਬਲਵਿੰਦਰ ਸਿੰਘ ਮੱਲ੍ਹੀ, ਗੁਰਮੇਜ ਸਿੰਘ, ਐਸ ਡੀ ਓ ਕਸਤੂਰੀ ਲਾਲ, ਸਾਬਕਾ ਸਰਪੰਚ ਸੀਤਲ ਸਿੰਘ ਤਲਵੰਡੀ ਬਥੂੰਨਗੜ੍ਹ, ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿਕਾ ਖੁੰਡਾ, ਸਾਬਾ ਭੱਟੀ ਫਤਿਹਨੰਗਲ ਆਦਿ ਤੋਂ ਇਲਾਵਾ ਵੀ ਸ਼ਹਿਰ ਧਾਰੀਵਾਲ ਅਤੇ ਇਲਾਕੇ ਦੇ ਪਿੰਡਾਂ ਤੋਂ ਵੱਖ ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਆਗੂ ਅਤੇ ਸੰਗਤਾਂ ਸਾਮਲ ਸਨ।

ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਆਪਣੀਆਂ ਮੰਗਾਂ ਨੂੰ ਲੈ ਕੇ ਟੈਂਕੀ 'ਤੇ ਚੜ੍ਹੇ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)

ਬੁੱਧਵਾਰ ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਰਜਿਸਟਰ ਨੰਬਰ 31 ਬਰਾਂਚ ਦੀਨਾਨਗਰ ਵੱਲੋਂ ਹਰਦੀਪ ਸਿੰਘ ਹਯਾਤ ਨਗਰ ਦੀ ਅਗਵਾਈ ਵਿਚ ਜਲ ਸਪਲਾਈ ਅਤੇ ਸੈਨੀਟੇਸ਼ਨ ਦਫਤਰ ਮੰਡਲ ਗੁਰਦਾਸਪੁਰ ਵਿਖੇ ਲਗਾਇਆ ਗਿਆ ਧਰਨਾ ਵੀਰਵਾਰ ਨੂੰ ਦੂਸਰੇ ਦਿਨ ਵਿੱਚ ਸ਼ਾਮਲ ਹੋ ਗਿਆ। ਇਸ ਦੌਰਾਨ ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਥ੍ਰਾਂਚ ਗੁਰਦਾਸਪੁਰ ਦੇ ਵਰਕਰਾਂ ਦੀਆਂ ਤਨਖਾਹਾਂ ਹਾਲੇ ਤੀਕਰ ਦਫਤਰ ਮੰਡਲ ਵੱਲੋਂ ਜਾਰੀ ਨਹੀਂ ਕੀਤੀਆਂ ਗਈਆਂ, ਜਿਸ ਕਾਰਨ ਵਰਕਰਾਂ ਨੂੰ ਆਪਣੇ ਘਰ ਦਾ ਰਜ਼ਮਰ੍ਹਾ ਦਾ ਖਰਚ ਉਠਾਉਣ 'ਚ ਭਾਰੀ ਪ੍ਰਸਾਨੀ ਚੋਂ ਗੁਜ਼ਰਨਾ ਪੈ ਰਿਹਾ ਹੈ। ਜਿਸ ਕਾਰਨ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਮੇਂ ਵੱਡੀ ਗਿਣਤੀ ਵਿੱਚ ਹਾਜ਼ਰ ਵਰਕਰਾਂ ਵੱਲੋਂ ਰੋਸ ਵਿਖਾਵਾ ਕਰਦਿਆਂ ਕਾਰਜਕਾਰੀ ਇੰਜੀਨੀਅਰ ਅਤੇ ਦਫਤਰ ਮੰਡਲ ਦੇ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਆਪਣਾ ਰੋਸ ਜ਼ਾਹਰ ਕੀਤਾ ਗਿਆ। ਇਸ ਦੌਰਾਨ ਆਗੂਆਂ ਕਿਹਾ ਕਿ ਕੱਲ੍ਹ ਦੇ ਧਰਨੇ ਦੌਰਾਨ ਕਾਰਜਕਾਰੀ ਇੰਜੀਨੀਅਰ ਵੱਲੋਂ ਮੀਟਿੰਗ ਦਾ ਸਮਾਂ ਦੇ ਕੇ ਮੰਗਾਂ ਦੇ ਹੱਲ ਸੰਬੰਧੀ ਵਿਸ਼ਵਾਸ ਦਿਵਾਇਆ ਗਿਆ ਸੀ ਪ੍ਰੰਤੂ ਅੱਜ ਜਦੋਂ ਆਗੂ ਮੀਟਿੰਗ ਕਰਨ ਲਈ ਗਏ ਤਾਂ ਕਾਰਜਕਾਰੀ ਇੰਜੀਨੀਅਰ ਸਾਫ ਹੀ ਮੁੱਕਰ ਗਿਆ। ਜਿਸ ਕਾਰਨ ਰੋਸ ਵਿਚ ਆਏ ਵਰਕ

24-FEB-PAGE-7.qxd 2/23/2024 10:04 PM Page 2

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ 'ਤੇ ਆਦਮਪੁਰ ਵਿਸ਼ੇਸ਼ ਸਪਲੀਮੈਂਟ

PAUL'S EMPORIUM
Raj 98152-81124
DESIGNER BOUTIQUE SUITS | SAREES | LEHNGAS
MAIN BAZAR, ADAMPUR DOABA
8699998881, 97804-80048 Ph-0181-5090840
E-mail: paulfashions@yahoo.com pauldesignerboutique

FRIENDS OF PUNJAB FOUNDATION
'MERA PIND' 360
(ALL AROUND HUMAN DEVELOPMENT)
Bhupinder Singh Hundal
SERVING HUMANITY
DEDICATED TO THE TEACHINGS OF GURU NANAK DEV JI

ਬਾਲ ਫੁੱਲਵਾੜੀ



ਜਸਕਰਨ ਸਿੰਘ ਹੀਰ

ਗੌਰਵ

ਪੱਤਰਕਾਰ ਭਾਈਚਾਰਾ

ਕਰਮਵੀਰ ਸਿੰਘ (ਦੇਸ ਸੇਵਕ)

ਹਰਪ੍ਰੀਤ ਸਿੰਘ (ਅਜੀਤ)

ਰਣਦੀਪ ਸਿੱਧੂ (ਦੈਨਿਕ ਸਵੇਰਾ)

ਧੰਨਵਾਦ

ਮਹਾਨ ਕ੍ਰਾਂਤੀਕਾਰੀ, ਸ਼੍ਰੋਮਣੀ ਸੰਤ, ਤਪੱਸਵੀ, ਕਿਰਤ ਦੇ ਉਪਾਸ਼ਕ ਅਤੇ ਗਰੀਬਾਂ ਦੇ ਰਹਿਬਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 647ਵੇਂ ਪ੍ਰਕਾਸ਼ ਪੁਰਬ ਮੌਕੇ 'ਤੇ ਆਦਮਪੁਰ ਤੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਜਿਹੜੇ ਮੇਰੇ ਵੀਰਾਂ ਨੇ ਸਹਿਯੋਗ ਦਿੱਤਾ, ਮੈਂ ਉਨ੍ਹਾਂ ਦਾ ਬਹੁਤ-ਬਹੁਤ ਰਿਣੀ ਹਾਂ ਅਤੇ ਆਸ ਕਰਦਾ ਹਾਂ ਕਿ ਅੱਗੇ ਤੋਂ ਵੀ ਅਦਾਰਾ 'ਨਵਾਂ ਜ਼ਮਾਨਾ' ਦਾ ਸਹਿਯੋਗ ਦਿੰਦੇ ਰਹਿਣਗੇ।

ਪਰਮਜੀਤ ਸਿੰਘ ਆਦਮਪੁਰ, ਪੱਤਰਕਾਰ 'ਨਵਾਂ ਜ਼ਮਾਨਾ'
ਮੋਬਾ.-9417144897

ਮਹਾਨ ਕ੍ਰਾਂਤੀਕਾਰੀ, ਸ਼੍ਰੋਮਣੀ ਸੰਤ, ਤਪੱਸਵੀ, ਕਿਰਤ ਦੇ ਉਪਾਸ਼ਕ ਅਤੇ ਗਰੀਬਾਂ ਦੇ ਰਹਿਬਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 647ਵੇਂ ਪ੍ਰਕਾਸ਼ ਉਤਸਵ 'ਤੇ ਸਭ ਸੰਗਤਾਂ ਨੂੰ ਲੱਖ-ਲੱਖ ਵਧਾਈ।

ਗੁਰਦਿਆਲ ਸਿੰਘ ਨਿੱਝਰ
ਮਹਿਮਦਪੁਰ

ਮਲਕੀਤ ਸਿੰਘ
ਦੌਲਤਪੁਰ

ਹਰਕੀਰਤ ਸਿੰਘ ਨਿੱਝਰ
ਭੋਲਾਂ

ਪਵਨ ਕੁਮਾਰ ਟੀਨੂੰ
ਸਾਬਕਾ ਵਿਧਾਇਕ ਅਕਾਲੀ ਦਲ (ਬ)

ਜਥੇਦਾਰ ਬਲਵਿੰਦਰ ਸਿੰਘ
ਕਾਲਰਾ

ਮੇਜਰ ਸਿੰਘ
ਹਰੀਪੁਰ

ਤਰਸੇਮ ਸਿੰਘ
ਕੋਟਲੀ

ਜਥੇਦਾਰ ਮਨੋਹਰ ਸਿੰਘ ਡਰੋਲੀ ਕਲਾਂ
ਪ੍ਰਧਾਨ ਗੁਰਦੁਆਰਾ ਸ਼ਹੀਦ ਬਾਬਾ ਮੱਤੀ

ਬਾਬਾ ਮਨਮੋਹਨ ਸਿੰਘ
ਬਾਬਾ ਢਾਬਾ ਆਦਮਪੁਰ

ਗੁਰਵਿੰਦਰ ਸਿੰਘ
ਕਿਸ਼ਨਪੁਰਾ

ਗੁਰਜੀਤ ਸਿੰਘ
ਡੌਗਰੀਆਂ

ਕੁਲਵਿੰਦਰ ਸਿੰਘ ਟੋਨੀ
ਆਦਮਪੁਰ

ਰਜਿੰਦਰ ਸਿੰਘ
ਭੋਲਾਂ

ਦਲਜੀਤ ਸਿੰਘ ਭੱਟੀ
ਆਦਮਪੁਰ

ਅਮਨਦੀਪ ਸਿੰਘ ਬਿੱਟਾ
ਸਲਾਲਾ

ਜਤਿੰਦਰ ਜੀ ਮਿਨਹਾਸ
(ਐੱਨ ਆਰ ਆਈ) ਕੈਨੇਡਾ

ਲਾਇਨ ਅਕਸ਼ਰਦੀਪ ਸ਼ਰਮਾ
ਪ੍ਰਧਾਨ ਲਾਇਨਜ਼ ਕਲੱਬ ਆਦਮਪੁਰ

ਗੁਰਮੀਤ ਸਿੰਘ ਸਰਪੰਚ
ਚਖਿਆਰਾ

ਤਰਸੇਮ ਸਿੰਘ
ਪੰਚ ਚਖਿਆਰਾ

ਬਲਵਿੰਦਰ ਸਿੰਘ
ਆਦਮਪੁਰ

ਚਰਨਜੀਤ ਸਿੰਘ ਸਿੱਧੂ
ਆਦਮਪੁਰ

ਅਮਰੀਕ ਸਿੰਘ ਦਰਦੀ
ਕਾਲਰਾ

ਬਲਜੀਤ ਸਿੰਘ
ਬਹੁਦੀਨਪੁਰ

ਹਰਿੰਦਰ ਸਿੰਘ ਸਮਾਜ ਸੇਵੀ
ਪ੍ਰਧਾਨ ਪ੍ਰਿਥਵੀ ਵੈੱਲਫੇਅਰ, ਆਦਮਪੁਰ

ਰਾਜ ਕੁਮਾਰ
ਆਦਮਪੁਰ

ਗੁਰਮੇਜਰ ਸਿੰਘ
ਆਦਮਪੁਰ

ਬਲਕਾਰ ਸਿੰਘ
ਰਾਮਾਂ ਮੰਡੀ

ਰਾਜਿੰਦਰ ਸਿੰਘ
ਮਾਸਟਰ, ਰਾਮਾਂ ਮੰਡੀ

ਹਰਦੀਪ ਸਿੰਘ ਰਿਟਾਇਰ ਮਾਸਟਰ
ਨਾਜਕਾ

ਰਮੇਸ਼
ਪੰਡੋਰੀ ਨਿੱਝਰਾਂ

ਮੱਖਣ ਸਿੰਘ
ਆਦਮਪੁਰ

ਦਲਵੀਰ ਸਿੰਘ
ਸਲਾਲਾ (ਕੈਨੇਡਾ)

ਦਵਿੰਦਰ ਕੁਮਾਰ ਪਵਾਰ
ਸਾਬਕਾ ਸਰਪੰਚ ਕੜਿਆਣਾ

ਸੰਤੋਖ ਲਾਲ
ਸਿੱਧੂ ਮੈਡੀਕਲ ਸਟੋਰ, ਸਲਾਲਾ

ਸਾਹਿਲ ਸੁਮਨ
ਰਾਣੀ ਭੱਟੀ, ਕੈਨੇਡਾ

ਵਿਸ਼ਾਲ ਸੁਮਨ
ਰਾਣੀ ਭੱਟੀ, ਗਰੀਸ

ਦਿਲਬਾਗ ਸਿੰਘ
ਸਮਾਜ ਸੇਵੀ, ਕੈਨੇਡਾ

ਗੁਰਚਰਨ ਸਿੰਘ ਰਿਟਾਇਰ
ਡੀ ਪੀ ਆਈ, ਆਦਮਪੁਰ

ਜਸਪਾਲ ਸਿੰਘ ਸਰਪੰਚ
ਚੌਮੋਂ

ਪੰਜਾਬੀ ਫਿਲਮ ਨਿਰਦੇਸ਼ਕ ਤੇ ਕਲਾਕਾਰ ਵਿਰੁੱਧ ਕੇਸ ਦਰਜ

ਜਲੰਧਰ (ਸ਼ੈਲੀ ਐਲਬਰਟ)-ਹਾਲ ਹੀ ਵਿੱਚ 16 ਫਰਵਰੀ ਨੂੰ ਫਿਲਮ 'ਓਏ ਭੋਲੇ ਓਏ' ਰਿਲੀਜ਼ ਹੋਈ ਹੈ।ਜਦੋਂ ਉਕਤ ਫਿਲਮ ਰਿਲੀਜ਼ ਹੋਣ ਤੋਂ ਬਾਅਦ ਦੇਖੀ ਗਈ ਤਾਂ ਪਤਾ ਲੱਗਾ ਕਿ ਈਸਾਈ ਧਰਮ ਦੀ ਪ੍ਰਾਰਥਨਾ ਸਭਾ ਨੂੰ ਗਲਤ ਤਰੀਕੇ ਨਾਲ ਦਰਸਾਇਆ ਗਿਆ ਹੈ।ਇਹ ਦੇਖ ਕੇ ਈਸਾਈ ਭਾਈਚਾਰੇ ਦੇ ਲੋਕਾਂ ਦੇ ਦਿਲਾਂ ਨੂੰ ਡੂੰਘੀ ਠੇਸ ਪਹੁੰਚੀ। ਇਸ ਤੋਂ ਬਾਅਦ ਈਸਾਈ ਭਾਈਚਾਰੇ ਦੇ ਲੋਕਾਂ ਨੇ ਇਕੱਠੇ ਹੋ ਕੇ ਇਸ ਨੂੰ ਗੰਭੀਰਤਾ ਨਾਲ ਲੈਂਦਿਆਂ ਜਲੰਧਰ ਦੇ ਪੁਲਸ ਕਮਿਸ਼ਨਰ ਕੋਲ ਇਸ ਫ਼ਿਲਮ ਸਬੰਧੀ ਸ਼ਿਕਾਇਤ ਦਰਜ ਕਰਵਾਈ, ਜਿਸ 'ਤੇ ਪੁਲਸ ਨੇ ਕਾਰਵਾਈ ਕਰਦੇ ਹੋਏ ਸਨਾਵਰ ਭੱਟੀ ਦੇ ਬਿਆਨਾਂ 'ਤੇ ਫ਼ਿਲਮ ਥਾਣਾ ਡਵੀਜ਼ਨ ਨੰਬਰ 4 'ਚ ਮਾਮਲਾ ਦਰਜ ਕਰ ਲਿਆ। ਨਿਰਦੇਸ਼ਕ ਵਰਿੰਦਰ ਰਾਮਗੜ੍ਹੀਆ ਅਤੇ ਮੁੱਖ ਅਦਾਕਾਰ ਜਗਜੀਤ ਸੰਧੂ ਸਮੇਤ ਹੋਰਨਾਂ ਖ਼ਿਲਾਫ਼ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਦੋਸ਼ ਹੇਠ ਧਾਰਾ 295ਏ ਤਹਿਤ ਕੇਸ ਦਰਜ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆਂ ਈਸਾਈ ਭਾਈਚਾਰੇ ਦੇ ਸਨਾਵਰ ਭੱਟੀ ਨੇ ਦੱਸਿਆ ਕਿ ਇਸ ਫਿਲਮ 'ਚ ਕੁਝ ਅਜਿਹੇ ਦ੍ਰਿਸ਼ ਦਿਖਾਏ ਗਏ ਹਨ, ਜਿਨ੍ਹਾਂ 'ਚ ਈਸਾਈ ਧਰਮ ਦੀ ਪ੍ਰਾਰਥਨਾ ਸਭਾ ਨੂੰ ਗਲਤ ਤਰੀਕੇ ਨਾਲ ਦਰਸਾਇਆ ਗਿਆ ਹੈ।

ਸ੍ਰੀ ਗੁਰੂ ਹਰਿ ਰਾਏ ਸਾਹਿਬ ਦੇ ਪ੍ਰਕਾਸ਼ ਦਿਵਸ ਦੇ ਸੰਬੰਧ 'ਚ ਬੂਟੇ ਲਗਾਏ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)

ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ,ਫਗਵਾੜਾ ਵਿੱਚ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਥਾਨਕ ਯੂਨਿਟ ਦੇ ਮੈਂਬਰਾਂ ਵਲੋਂ ਕਾਲਜ ਕੈਂਪਸ ਵਿੱਚ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਦਿਵਸ ਦੇ ਸਬੰਧ ਵਿੱਚ ਛਾਂਦਾਰ ਅਤੇ ਫੱਲਾਂ ਦੇ ਬੂਟੇ ਲਗਾਏ ਗਏ । ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਤਿੰਦਰਪਾਲ ਸਿੰਘ ਪਲਾਹੀ ਅਤੇ ਕਾਲਜ ਪ੍ਰਿੰਸੀਪਲ ਡਾ. ਗੁਰਦੇਵ ਸਿੰਘ ਰੰਧਾਵਾ ਨੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਥਾਨਕ ਯੂਨਿਟ ਦੇ ਮੈਂਬਰਾਂ ਨੂੰ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਦਿਵਸ ਦੀ ਵਧਾਈ ਦਿੱਤੀ ਅਤੇ ਵਾਤਾਵਰਣ ਦੇ ਸੰਭਾਲ ਲਈ ਇਸ ਉਪਰਾਲੇ ਦੀ ਸ਼ਲਾਘਾ ਕੀਤੀ ।ਉਨ੍ਹਾਂ ਵਿਦਿਆਰਥੀਆਂ ਨੂੰ ਗੁਰੂ ਜੀ ਦੀਆਂ ਸਿਖਿਆਵਾਂ 'ਤੇ ਚੱਲਣ ਅਤੇ ਚੰਗੇ ਗੁਣਾਂ ਨੂੰ ਸਿੱਖਣ 'ਤੇ ਜੋਰ ਦਿੱਤਾ। ਸਟੱਡੀ ਸਰਕਲ ਦੀ ਇੰਚਾਰਜ ਡਾ.ਮਨਪ੍ਰੀਤ ਕੌਰ ਨੇ ਦੱਸਿਆ ਕਿ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਫੱਲਾਂ/ਫਲਾਂ /ਦਰੱਖਤਾਂ ਅਤੇ ਵਾਤਾਵਰਣ ਨੂੰ ਬਹੁਤ ਪਿਆਰ ਕਰਦੇ ਸਨ ਇਸ ਕਰਕੇ ਹਰ ਸਾਲ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦਾ ਸਥਾਨਕ ਯੂਨਿਟ ਇਹ ਉਪਰਾਲਾ ਕਰਦਾ ਕਰਦਾ ਹੈ । ਇਸ ਮੌਕੇ ਗੁਰੂ ਗੋਬਿੰਦ ਸਟੱਡੀ ਸਰਕਲ ਦੀ ਇੰਚਾਰਜ ਡਾ.ਮਨਪ੍ਰੀਤ ਕੌਰ, ਪ੍ਰੋ.ਅਰਵਿੰਦਰ ਕੌਰ, ਡਾ.ਪਰਮਿੰਦਰ ਸਿੰਘ ,ਪ੍ਰੋ.ਮੀਨਾਕਸ਼ੀ, ਪ੍ਰੋ. ਗੁਰਲੀਨ ਕੌਰ ਅਤੇ ਜਤਿੰਦਰ ਸਿੰਘ ਖਾਲਸਾ ਅਤੇ ਵੱਡੀ ਗਿਣਤੀ ਵਿੱਚ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਮੈਂਬਰ ਹਾਜ਼ਰ ਸਨ ।

ਅਰਵਿੰਦ ਕੇਜਰੀਵਾਲ ਤੋਂ ਡਰੀ ਭਾਜਪਾ ਨੂੰ ਹਰਾਉਣ ਲਈ ਇਕਜੁੱਟ ਹੋ ਰਹੇ ਨੇ ਲੋਕ : ਹਰਪਾਲ ਚੀਮਾ

ਚੰਡੀਗੜ੍ਹ, (ਗੁਰਜੀਤ ਬਿੱਲਾ)

ਆਮ ਆਦਮੀ ਪਾਰਟੀ (ਆਪ) ਨੇ ਕਿਹਾ ਕਿ ਭਾਜਪਾ ਉਨ੍ਹਾਂ 'ਤੇ ਇੰਡੀਆ ਗਠਜੋੜ ਛੱਡਣ ਲਈ ਦਬਾਅ ਪਾ ਰਹੀ ਹੈ।ਆਪ ਨੂੰ ਡਰਾਉਣ ਲਈ, ਭਾਜਪਾ ਛੇਤੀ ਹੀ ਸਾਡੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਸ਼ਰਾਬ ਘੁਟਾਲੇ ਦੇ ਝੂਠੇ ਕੇਸ 'ਚ ਗ੍ਰਿਫ਼ਤਾਰ ਕਰੇਗੀ। ਚੰਡੀਗੜ੍ਹ ਸਥਿਤ ਪਾਰਟੀ ਦਫਤਰ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ 2024 ਦੀਆਂ ਆਮ ਚੋਣਾਂ ਨੇੜੇ ਆ ਰਹੀਆਂ ਹਨ ਅਤੇ ਭਾਜਪਾ ਇਨ੍ਹਾਂ ਚੋਣਾਂ ਵਿਚ ਇੰਡੀਆ ਗਠਜੋੜ ਹੱਥੋਂ ਆਪਣੀ ਹਾਰ ਦੇਖ ਸਕਦੀ ਹੈ। ਕਿਉਂਕਿ ਪਿਛਲੇ 10 ਸਾਲਾਂ ਤੋਂ ਕੇਂਦਰ ਵਿੱਚ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ। ਭ੍ਰਿਸ਼ਟਾਚਾਰ, ਮਹਿੰਗਾਈ ਅਤੇ ਬੇਰੁਜ਼ਗਾਰੀ ਨਿੱਤ ਨਵੀਆਂ ਉਚਾਈਆਂ ਨੂੰ ਛੂਹ ਰਹੀ ਹੈ। ਉਹ ਹਰ ਸਾਲ 2 ਕਰੋੜ ਨੌਕਰੀਆਂ ਦੇਣ 'ਚ ਨਾਕਾਮ ਰਹੇ, ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੀ ਬਜਾਏ ਜਿਵੇਂ ਚੋਣਾਂ ਤੋਂ ਪਹਿਲਾਂ ਵਾਅਦਾ ਕੀਤਾ ਸੀ, ਉਨ੍ਹਾਂ ਨੇ ਕਿਸਾਨਾਂ ਨੂੰ ਆਪਣੇ ਬੁਨਿਆਦੀ ਹੱਕਾਂ ਲਈ ਅੰਦੋਲਨ ਕਰਨ ਲਈ ਮਜਬੂਰ ਕੀਤਾ। ਲੋਕ ਭਾਜਪਾ ਖਿਲਾਫ ਗੁੱਸੇ ਨਾਲ ਭਰੇ ਹੋਏ ਹਨ ਅਤੇ ਉਨ੍ਹਾਂ ਨੂੰ ਹਰਾਉਣ ਲਈ ਇਕਜੁੱਟ ਹੋ ਰਹੇ ਹਨ। ਇਸੇ ਕਰਕੇ ਭਾਜਪਾ ਇੰਡੀਆ ਗਠਜੋੜ ਤੋਂ ਡਰਦੀ ਹੈ।ਚੀਮਾ ਨੇ ਅੱਗੇ ਕਿਹਾ ਕਿ ਆਪ ਆਗੂਆਂ ਨੂੰ ਭਾਜਪਾ ਵੱਲੋਂ ਧਮਕੀ ਭਰੇ ਫ਼ੋਨ ਆ ਰਹੇ ਹਨ ਕਿ ਜੇਕਰ ਇੰਡੀਆ ਗਠਜੋੜ ਨਾ ਛੱਡਿਆ ਤਾਂ ਉਹ ਅਰਵਿੰਦ ਕੇਜਰੀਵਾਲ ਨੂੰ ਗ੍ਰਿਫ਼ਤਾਰ ਕਰ ਲੈਣਗੇ।ਹੁਣ ਤੱਕ ਅਰਵਿੰਦ ਕੇਜਰੀਵਾਲ ਨੂੰ ਈਡੀ ਤੋਂ 7 ਸੰਮਨ ਮਿਲ ਚੁੱਕੇ ਹਨ। ਉਹ ਇੰਡੀਆ ਗਠਜੋੜ ਤੋਂ ਬਾਹਰ ਕੱਢਣ ਲਈ ਜਲਦੀ ਹੀ ਉਸਨੂੰ ਗ੍ਰਿਫਤਾਰ ਕਰਨ ਦੀ ਯੋਜਨਾ ਬਣਾ ਰਹੇ ਹਨ। ਚੀਮਾ ਨੇ ਕਿਹਾ ਕਿ ਇੰਨ੍ਹੇ ਛਾਪਿਆਂ ਵਿੱਚ ਉਨ੍ਹਾਂ ਨੂੰ ਇੱਕ ਪੈਸਾ ਵੀ ਨਹੀਂ ਮਿਲਿਆ ਕਿਉਂਕਿ ਕੋਈ ਘਪਲਾ ਨਹੀਂ ਹੋਇਆ, ਇਹ ਆਮ ਆਦਮੀ ਪਾਰਟੀ ਨੂੰ ਰੋਕਣ ਲਈ ਝੂਠਾ ਕੇਸ ਹੈ। ਕੇਜਰੀਵਾਲ ਇੱਕ ਇਮਾਨਦਾਰ ਨੇਤਾ ਹਨ।ਮੀਡੀਆ ਨੂੰ ਸੰਬੋਧਨ ਕਰਦਿਆਂ ਆਪ ਦੇ ਕੈਬਿਨਟ ਮੰਤਰੀ ਅਨਮੋਲ ਗਗਨ ਮਾਨ ਨੇ ਕਿਹਾ ਕਿ ਚੰਡੀਗੜ੍ਹ ਮੇਅਰ ਦੀ ਚੋਣ 'ਚ ਇੰਡੀਆ ਗਠਜੋੜ ਨੇ ਭਾਜਪਾ ਨੂੰ ਹਰਾਇਆ ਸੀ, ਪਰ ਇਹ ਸਿਰਫ਼ ਇੱਕ ਟਰੇਲਰ ਸੀ। ਹੁਣ ਭਾਜਪਾ ਨੂੰ ਪਤਾ ਹੈ ਕਿ ਜਿੱਥੇ ਆਪ ਗਠਜੋੜ ਦੇ ਨਾਲ ਹੈ, ਉੱਥੇ ਉਹ ਜਿੱਤ ਨਹੀਂ ਸਕਦੀ। ਉਨ੍ਹਾਂ ਕਿਹਾ ਕਿ ਭਾਜਪਾ ਕਿਸੇ ਵੀ ਕੀਮਤ 'ਤੇ ਅਰਵਿੰਦ ਕੇਜਰੀਵਾਲ ਨੂੰ ਰੋਕਣਾ ਚਾਹੁੰਦੀ ਹੈ, ਇਸ ਲਈ ਉਹ ਉਨ੍ਹਾਂ ਨੂੰ ਦੋ ਦਿਨਾਂ 'ਚ ਗ੍ਰਿਫਤਾਰ ਕਰਨ ਦੀ ਯੋਜਨਾ ਬਣਾ ਰਹੇ ਹਨ।ਇੰਡੀਆ ਗਠਜੋੜ ਮੋਦੀ ਦੀ ਅਗਵਾਈ ਵਾਲੀ ਭਾਜਪਾ ਨੂੰ ਵੱਡੇ ਫਰਕ ਨਾਲ ਹਰਾਏਗਾ ਕਿਉਂਕਿ ਸਾਡੇ ਦੇਸ਼ ਦੇ ਲੋਕ ਭਾਜਪਾ ਦੇ ਖਿਲਾਫ ਇੱਕਜੁੱਟ ਹੋ ਰਹੇ ਹਨ।

ਸੰਤ ਸੇਵਾ ਸਿੰਘ ਦੀ ਸਾਲਾਨਾ ਬਰਸੀ ਧੂਮ-ਧਾਮ ਨਾਲ ਮਨਾਈ

ਕਰਤਾਰਪੁਰ (ਹਰਮੇਸ਼ ਦੱਤ)

ਬੀਤੇ ਦਿਨੀਂ ਸੰਤ ਸੇਵਾ ਸਿੰਘ ਦੀ ਸਾਲਾਨਾ ਬਰਸੀ ਕਰਤਾਰਪੁਰ ਦੇ ਰਾਧਾ ਸੁਆਮੀ ਸੰਤਸੰਗ ਘਰ ਦੇ ਨਜਦੀਕ ਨਾਗਰਾ ਪਰਵਾਰ ਦੇ ਡੇਰੇ 'ਤੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਈ ਗਈ ਅਖੰਡ ਪਾਠ ਦੇ ਭੋਗ ਪਾਏ ਗਏ। ਸਮਾਗਮ ਦੌਰਾਨ ਰਾਗੀ ਜੱਥਾ ਅਤੇ ਪੰਥ ਪ੍ਰਸਿੱਧ ਇੰਟਰਨੈਸ਼ਨਲ ਕਵੀਸ਼ਰੀ ਜੱਥਾ ਜੋਗਾ ਸਿੰਘ ਭਾਗੋਵਾਲ ਅਤੇ ਉਹਨਾਂ ਦੇ ਸਾਥੀਆਂ ਨੇ ਸੰਗਤਾਂ ਨੂੰ ਗੁਰੂ ਜੀ ਦੀਆਂ ਵਾਰਾਂ ਗਾ ਕੇ ਗੁਰੂ ਚਰਨਾਂ ਨਾਲ ਜੋੜਿਆ। ਸੰਗਤਾਂ ਨੂੰ ਗੁਰੂ ਜੀ ਦਾ ਅਤੁੱਟ ਲੰਗਰ ਛਕਾਇਆ ਗਿਆ। ਇਸ ਮੌਕੇ ਸਤਨਾਮ ਸਿੰਘ ਨਾਗਰਾ, ਗੁਰਵਿੰਦਰ ਸਿੰਘ ਯੂ.ਐਸ.ਏ., ਚਰਨਜੀਤ ਸਿੰਘ ਕਨੇਡਾ,ਨਿਰਭੈ ਸਿੰਘ ਕਨੇਡਾ, ਕੁਲਦੀਪ ਸਿੰਘ ਯੂ.ਐਸ.ਏ., ਹਰਦੀਪ ਸਿੰਘ ਕਨੇਡਾ, ਰਣਜੀਤ ਸਿੰਘ ਯੂ.ਕੇ., ਤਰਲੋਕ ਸਿੰਘ ਨਾਗਰਾ, ਕੁਲਵਿੰਦਰ ਸਿੰਘ ਨਾਗਰਾ, ਮੱਖਣ ਸਿੰਘ ਇਟਲੀ, ਗੁਰਮੁੱਖ ਸਿੰਘ ਨਾਗਰਾ, ਦਮਨਜੋਤ ਸਿੰਘ ਨਾਗਰਾ, ਜਤਿੰਨ ਕਰਤਾਰਪੁਰ, ਅਵਤਾਰ ਸਿੰਘ ਮਾਹਲ, ਅਮਨਦੀਪ ਸਿੰਘ ਨਾਗਰਾ, ਬੁਟਾ ਸਿੰਘ ਯੂ.ਪੀ, ਹਰਵਿੰਦਰ